@Qpatrika
@qaumipatrika punjabi
instagram.com/qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Friday, 20 March 2026

Punjabi National Daily
Qaumi Patrika NO.1

VISIT:
www.qaumipatrika.org
Email: qpatrika@gmail.com

ਨਵੀਂ ਦਿੱਲੀ: ਸ਼ੁੱਕਰਵਾਰ 20 ਮਾਰਚ 2026, 4 ਚੇਤ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 44, ਅੰਕ 134, qpatrika@gmail.com ਫੋਨ : 9971359517 www.qaumipatrika.org

# ਹਰਿਦੁਆਰ 13, ਅਪ੍ਰੈਲ ਵਿਸਾਖੀ ਵਾਲੇ ਦਿਨ, ਸੈਂਕੜੇ ਸਿੱਖ ਗੁਰਦੁਆਰਾ ਸ਼੍ਰੀ ਗਿਆਨ ਗੋਦੜੀ ਸਾਹਿਬ ਦਾ ਜਬਰਨ ਕਬਜਾ ਵਾਪਸ ਲੈਣ ਜਾਣਗੇ !

ਕੌਮੀ ਪਤ੍ਰਿਕਾ

**ਖ਼ਾਸ ਖ਼ਬਰ:**

ਨਵੀਂ ਦਿੱਲੀ 19 ਮਾਰਚ: ਦੇਸ਼ ਭਰ ਵਿੱਚ ਧਾਰਮਿਕ ਅਤੇ ਰਾਜਨੀਤਿਕ ਚਰਚਾ ਨੂੰ ਤੇਜ਼ ਕਰਨ ਵਾਲੇ ਇੱਕ ਤਿੱਖੇ ਅਤੇ ਜ਼ੋਰਦਾਰ ਐਲਾਨ ਵਿੱਚ, ਆਲ ਇੰਡੀਆ ਸਿੱਖ ਕਾਨਫਰੰਸ ਬੱਬਰ ਨੇ ਘੋਸ਼ਣਾ ਕੀਤੀ ਹੈ ਕਿ ਸਿੱਖ ਭਾਈਚਾਰਾ ਹਰਿਦੁਆਰ , ਹਰਿ ਕੀ ਪੌੜੀ ਦੇ ਨੇੜੇ ਸਥਿਤ ਗੁਰਦੁਆਰਾ ਸ਼੍ਰੀ ਗਿਆਨ ਗੋਦੜੀ ਸਾਹਿਬ ਦੇ ਪਵਿੱਤਰ ਅਤੇ ਇਤਿਹਾਸਕ ਸਥਾਨ ਨੂੰ 13 ਅਪ੍ਰੈਲ 2026 (ਸੋਮਵਾਰ), ਵਿਸਾਖੀ ਦੇ ਪਵਿੱਤਰ ਮੌਕੇ 'ਤੇ ਮੁੜ ਹਾਸਲ ਕਰਨ ਲਈ ਕਦਮ ਚੁੱਕੇਗਾ। ਮੀਡੀਆ ਨੂੰ ਸੰਬੋਧਨ ਕਰਦੇ ਹੋਏ, ਆਲ ਇੰਡੀਆ ਸਿੱਖ ਕਾਨਫਰੰਸ ਬੱਬਰ ਦੇ ਪ੍ਰਧਾਨ ਸਰਦਾਰ ਗੁਰਚਰਨ ਸਿੰਘ ਬੱਬਰ ਨੇ ਕਿਹਾ ਕਿ ਸਿੱਖ ਕੌਮ ਨੇ ਦਹਾਕਿਆਂ ਤੱਕ ਇਨਸਾਫ਼ ਦੀ ਉਡੀਕ ਕੀਤੀ ਹੈ ਪਰ ਹੁਣ ਜੇ ਸਰਕਾਰ ਕਾਰਵਾਈ ਨਹੀਂ ਕਰਦੀ ਤਾਂ ਉਹ ਆਪਣੇ ਹੱਕ ਲਈ ਖੁਦ ਅੱਗੇ ਆਉਣਗੇ। ਉਨ੍ਹਾਂ ਨੇ ਦੋਸ਼ ਲਗਾਇਆ ਕਿ ਇਹ ਇਤਿਹਾਸਕ ਗੁਰਦੁਆਰਾ, ਜੋ ਕਿ ਸ਼੍ਰੀ ਗੁਰੂ ਨਾਨਕ ਦੇਵ ਜੀ ਨਾਲ ਸੰਬੰਧਿਤ ਹੈ, ਨੂੰ ਨਵੰਬਰ 1984 ਵਿੱਚ, ਸਾਬਕਾ ਪ੍ਰਧਾਨ ਮੰਤਰੀ ਇੰਦਿਰਾ ਗਾਂਧੀ ਦੀ ਹੱਤਿਆ ਤੋਂ ਬਾਅਦ, ਬੇਰਹਿਮੀ ਨਾਲ ਢਾਹ ਦਿੱਤਾ ਗਿਆ ਸੀ। ਉਨ੍ਹਾਂ ਦੇ ਮੁਤਾਬਕ, ਹਜ਼ਾਰਾਂ ਦੰਗਾਈਆਂ ਨੇ, ਜੋ ਕਿ ਉਸ ਸਮੇਂ ਦੀ ਕਾਂਗਰਸ ਸਰਕਾਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ, ਹਰਿ ਕੀ ਪੌੜੀ 'ਤੇ ਸਥਿਤ ਇਸ ਪਵਿੱਤਰ ਗੁਰੂਦੁਆਰੇ ਨੂੰ ਮਿੱਟੀ ਵਿੱਚ ਮਿਲਾ ਦਿੱਤਾ। ਬੱਬਰ ਨੇ ਅੱਗੇ ਦੱਸਿਆ ਕਿ ਗੁਰਦੁਆਰਾ ਢਾਹੁਣ ਤੋਂ ਬਾਅਦ ਇਸ ਜਗ?ਹਾ 'ਤੇ ਜਬਰਦਸਤੀ ਕਬਜ਼ਾ ਕਰ ਲਿਆ ਗਿਆ ਅਤੇ ਇਥੇ ਸਰਕਾਰੀ ਇਮਾਰਤਾਂ ਬਣਾਈਆਂ ਗਈਆਂ। ਉਨ੍ਹਾਂ ਨੇ ਦਾਅਵਾ ਕੀਤਾ ਕਿ ਗੁਰਦੁਆਰਾ ਸ਼੍ਰੀ ਗਿਆਨ ਗੋਦੜੀ ਸਾਹਿਬ ਦੀ ਜ਼ਮੀਨ 'ਤੇ ਭਾਰਤ ਸਕਾਊਟਸ ਐਂਡ ਗਾਈਡਸ ਦਾ ਦਫ਼ਤਰ ਬਣਾਇਆ ਗਿਆ, ਜਦਕਿ ਮਾਰਕੀਟ ਅਤੇ ਦੁਕਾਨਾਂ ਤਿਆਰ ਕਰਕੇ ਲੋਕਾਂ ਨੂੰ ਵੇਚ ਦਿੱਤੀਆਂ ਗਈਆਂ।

ਇਸ ਨੂੰ "ਇਤਿਹਾਸਕ ਅਨਿਆਇ ਅਤੇ ਸਿੱਖ ਧਰਮ ਦੀ ਤੌਹੀਨ"ਕਰਾਰ ਦਿੰਦਿਆਂ, ਬੱਬਰ ਨੇ ਕਿਹਾ ਕਿ ਇਹ ਪਵਿੱਤਰ ਸਥਾਨ ਸਿੱਖ ਕੌਮ ਦਾ ਹੈ ਅਤੇ ਇਸ ਨੂੰ ਬਿਨਾ ਹੋਰ






ਦੇਰੀ ਦੇ ਵਾਪਸ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਨੇ ਇਹ ਵੀ ਉਜਾਗਰ ਕੀਤਾ ਕਿ ਨੇੜਲੇ ਨਾਨਕ ਵਾੜਾ, ਜੋ ਲਗਭਗ 50 ਏਕੜ ਜ਼ਮੀਨ 'ਤੇ ਫੈਲਿਆ ਹੋਇਆ ਹੈ, ਜਿਸ ਦਾ ਸੰਬੰਧ ਗੁਰੂ ਨਾਨਕ ਦੇਵ ਜੀ ਨਾਲ ਹੈ, ਉੱਥੇ ਵੀ ਗੈਰਕਾਨੂੰਨੀ ਕਬਜ਼ੇ ਕੀਤੇ ਗਏ ਹਨ ਅਤੇ ਪ੍ਰਸ਼ਾਸਨ ਦੀ ਮਦਦ ਨਾਲ ਇੱਕ ਵੱਡੀ ਬਸਤੀ ਵਸਾਈ ਗਈ ਹੈ। ਆਲ ਇੰਡੀਆ ਸਿੱਖ ਕਾਨਫਰੰਸ ਬੱਬਰ ਨੇ ਦਾਅਵਾ ਕੀਤਾ ਹੈ ਕਿ ਉਹ ਕਈ ਸਾਲਾਂ ਤੋਂ ਉੱਤਰਾਖੰਡ ਸਰਕਾਰ ਨੂੰ ਅਪੀਲ ਕਰ ਰਹੇ ਹਨ ਕਿ ਇਹ ਇਤਿਹਾਸਕ ਗੁਰਦੁਆਰਾ ਸਿੱਖ ਕੌਮ ਨੂੰ ਵਾਪਸ ਕੀਤਾ ਜਾਵੇ। ਬੱਬਰ ਨੇ ਕਿਹਾ ਕਿ ਵੱਖ-ਵੱਖ ਸਰਕਾਰਾਂ ਵੱਲੋਂ ਕਈ ਵਾਰ ਭਰੋਸੇ ਦਿੱਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਉੱਤਰਾਖੰਡ ਦੇ ਪਿਛਲੇ ਪੰਜ ਮੁੱਖ ਮੰਤਰੀਆਂ ਨੇ ਆਪਣੇ ਸਮੇਂ ਦੌਰਾਨ ਇਹ ਭਰੋਸਾ ਦਿੱਤਾ ਸੀ ਕਿ ਗੁਰਦੁਆਰਾ ਸ਼੍ਰੀ ਗਿਆਨ ਗੋਦੜੀ ਸਾਹਿਬ ਦੀ ਜਗ?ਹਾ ਸਿੱਖਾਂ ਨੂੰ ਵਾਪਸ ਕੀਤੀ ਜਾਵੇਗੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਕਿਹਾ ਕਿ ਤਿੰਨ ਪਿਛਲੇ ਗਵਰਨਰਾਂ ਨੇ ਵੀ ਰਾਜ ਭਵਨ ਵਿੱਚ ਮੀਟਿੰਗ ਦੌਰਾਨ ਇਸ ਮਾਮਲੇ ਦਾ ਹੱਲ ਕਰਨ ਦਾ ਭਰੋਸਾ ਦਿੱਤਾ ਸੀ। ਪਰੰਤੂ, ਕਿਸੇ ਵੀ ਢੁੱਕਵੇਂ ਕਦਮ ਦੀ ਗੈਰਹਾਜ਼ਰੀ 'ਤੇ ਗਹਿਰੀ ਨਿਰਾਸ਼ਾ ਜਤਾਉਂਦੇ ਹੋਏ, ਬੱਬਰ ਨੇ ਚੇਤਾਵਨੀ ਦਿੱਤੀ ਕਿ ਹੁਣ ਸਿੱਖ ਕੌਮ ਦਾ ਧੀਰਜ ਖ਼ਤਮ ਹੋ ਚੁੱਕਾ ਹੈ। ਉਨ੍ਹਾਂ ਨੇ ਉੱਤਰਾਖੰਡ ਸਰਕਾਰ ਨੂੰ ਅੰਤਿਮ ਅਪੀਲ ਕਰਦੇ ਹੋਏ ਕਿਹਾ ਕਿ ਉਹ ਬਿਨਾ ਕਿਸੇ ਦੇਰੀ ਦੇ ਗੁਰੂ ਨਾਨਕ ਦੇਵ ਜੀ ਦਾ ਇਹ ਪਵਿੱਤਰ ਅਤੇ ਇਤਿਹਾਸਕ ਸਥਾਨ ਸਿੱਖ ਕੌਮ ਦੇ ਹਵਾਲੇ ਕਰ ਦੇਣ। "ਨਹੀਂ ਤਾਂ,"ਬੱਬਰ ਨੇ ਦ੍ਰਿੜਤਾ ਨਾਲ ਕਿਹਾ, "ਸਿੱਖ ਕੌਮ 13 ਅਪ੍ਰੈਲ 2026 ਨੂੰ ਗੁਰਦੁਆਰਾ ਸ਼੍ਰੀ ਗਿਆਨ ਗੋਦੜੀ ਸਾਹਿਬ ਨੂੰ ਜਬਰਦਸਤੀ ਵਾਪਸ ਹਾਸਲ ਕਰਨ ਲਈ ਮਜਬੂਰ ਹੋਵੇਗੀ। ਇਸ ਐਲਾਨ ਨਾਲ ਧਾਰਮਿਕ, ਪ੍ਰਸ਼ਾਸਨਿਕ ਅਤੇ ਰਾਜਨੀਤਿਕ ਵਰਗਾਂ ਵਿੱਚ ਚਰਚਾ ਤੇ ਚਿੰਤਾ ਵੱਧ ਗਈ ਹੈ, ਕਿਉਂਕਿ ਬੈਸਾਖੀ ਦੇ ਮੌਕੇ 'ਤੇ ਹਜ਼ਾਰਾਂ ਸਿੱਖ ਭਗਤਾਂ ਦੇ ਹਰਿਦੁਆਰ ਵਿੱਚ ਇਕੱਠੇ ਹੋਣ ਦੀ ਸੰਭਾਵਨਾ ਹੈ।

Contd............................page-3

## ਫਾਰੂਕ ਅਬਦੁੱਲਾ 'ਤੇ ਹਮਲੇ ਮਗਰੋਂ ਡਰੇ ਜੰਮੂ ਦੇ ਨੇਤਾ ! ਡਿਪਟੀ ਮੁੱਖ ਮੰਤਰੀ ਨੇ ਮੰਗੀ ਬੁਲੇਟਪਰੂਫ ਗੱਡੀ

ਜੰਮੂ 19 ਮਾਰਚ। ਜੰਮੂ ਕਸ਼ਮੀਰ ਦੇ ਉੱਪ ਮੁੱਖ ਮੰਤਰੀ ਸੁਰਿੰਦਰ ਚੌਧਰੀ ਨੇ ਨੈਸ਼ਨਲ ਕਾਨਫਰੰਸ ਦੇ ਪ੍ਰਧਾਨ ਫਾਰੂਕ ਅਬਦੁੱਲਾ 'ਤੇ ਹੋਏ ਜਾਨਲੇਵਾ ਹਮਲੇ ਦੇ ਮੱਦੇਨਜ਼ਰ ਆਪਣੀ ਸੁਰੱਖਿਆ ਲਈ ਜੈਮਰ ਅਤੇ ਬੁਲੇਟਪਰੂਫ ਵਾਹਨਾਂ ਦੀ ਮੰਗ ਕੀਤੀ ਹੈ। ਆਪਣੀ ਸੁਰੱਖਿਆ ਵਿਵਸਥਾ ਦੀ ਤੁਰੰਤ ਸਮੀਖਿਆ ਦੀ ਮੰਗ ਕਰਦੇ ਹੋਏ ਚੌਧਰੀ ਨੇ ਪੁਲਸ ਅਧਿਕਾਰੀਆਂ ਨੂੰ ਸੂਚਿਤ ਕੀਤਾ ਕਿ ਲਗਭਗ 6 ਮਹੀਨੇ ਪਹਿਲਾਂ ਮੁਰੰਮਤ ਦੇ ਬਹਾਨੇ ਉਨ੍ਹਾਂ ਦੇ ਕਾਫਲੇ ਤੋਂ ਇਕ ਜੈਮਰ ਵਾਹਨ ਹਟਾ ਲਿਆ ਗਿਆ ਸੀ ਅਤੇ ਉਸ ਨੂੰ ਅਜੇ ਤੱਕ ਬਹਾਲ ਨਹੀਂ ਕੀਤਾ ਗਿਆ ਹੈ। ਅਬਦੁੱਲਾ ਬੁੱਧਵਾਰ ਨੂੰ ਜੰਮੂ 'ਚ ਇਕ ਵਿਆਹ ਸਮਾਰੋਹ 'ਚ ਹੋਈ ਗੋਲੀਬਾਰੀ 'ਚ ਚਮਤਕਾਰੀ ਰੂਪ ਨਾਲ ਬਚ ਗਏ, ਜਿਸ 'ਚ ਉਨ੍ਹਾਂ 'ਤੇ ਬੇਹੱਦ ਕਰੀਬ ਤੋਂ ਹਮਲਾ ਕੀਤਾ ਗਿਆ ਸੀ। ਦੋਸ਼ੀ 63 ਸਾਲਾ ਕਮਲ ਸਿੰਘ ਨੂੰ ਮੌਕੇ 'ਤੇ ਕਾਬੂ ਕਰ ਕੇ ਗ੍ਰਿਫ਼ਤਾਰ ਕਰ ਲਿਆ ਗਿਆ। ਉੱਪ ਮੁੱਖ ਮੰਤਰੀ ਨੇ ਹੁਣ ਤੱਕ ਉਨ੍ਹਾਂ ਦੀ ਅਪੀਲ ਦੇ ਪ੍ਰਤੀ 'ਗੰਭੀਰਤਾ ਨਹੀਂ ਦਿਖਾਉਣਗੇ' 'ਤੇ ਵੀ ਅਸੰਤੋਸ਼ ਜ਼ਾਹਰ ਕੀਤਾ ਹੈ। ਰਾਜੌਰੀ 'ਚ ਉੱਪ ਮੁੱਖ ਮੰਤਰੀ ਨੇ ਕਿਹਾ ਕਿ ਸੁਰੱਖਿਆ ਵਿਵਸਥਾ ਦੀ ਜ਼ਿੰਮੇਵਾਰੀ ਸੁਰੱਖਿਆ ਅਤੇ ਪੁਲਸ ਵਿਭਾਗਾਂ ਦੀ ਹੈ ਅਤੇ ਉਨ੍ਹਾਂ ਦੀ ਸੁਰੱਖਿਆ ਵਧਾਉਣ ਦੇ ਸੰਬੰਧ 'ਚ ਕੋਈ ਵੀ ਫ਼ੈਸਲਾ ਖਤਰੇ ਦੇ ਮੁਲਾਂਕਣ ਦੇ ਆਧਾਰ 'ਤੇ ਉਨ੍ਹਾਂ ਵਿਭਾਗਾਂ ਵਲੋਂ ਲਿਆ ਜਾਣਾ ਚਾਹੀਦਾ। ਉਨ੍ਹਾਂ ਕਿਹਾ,"ਜੇਕਰ ਅਧਿਕਾਰੀਆਂ ਨੂੰ ਲੱਗਦਾ ਹੈ ਕਿ ਮੇਰੀ ਸੁਰੱਖਿਆ ਨੂੰ ਵਧਾਉਣ ਦੀ ਲੋੜ ਹੈ ਤਾਂ ਉਨ੍ਹਾਂ ਨੂੰ ਅਜਿਹਾ ਕਰਨਾ ਚਾਹੀਦਾ ਅਤੇ ਜੇਕਰ ਨਹੀਂ ਤਾਂ ਉਹ ਮੌਜੂਦਾ ਸੁਰੱਖਿਆ ਵਿਵਸਥਾ ਨੂੰ ਵੀ ਵਾਪਸ ਲੈ ਸਕਦੇ ਹਨ।" ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਜਨਤਾ ਲਈ ਕੰਮ ਕਰਨ ਲਈ ਚੁਣਿਆ ਗਿਆ ਹੈ ਨਾ ਕਿ ਆਪਣੀ ਵਿਅਕਤੀਗਤ ਸੁਰੱਖਿਆ ਵਿਵਸਥਾ 'ਤੇ ਧਿਆਨ ਕੇਂਦਰਿਤ ਕਰਨ ਲਈ। ਅਬਦੁੱਲਾ 'ਤੇ ਹੋਈ ਹਾਲੀਆ ਗੋਲੀਬਾਰੀ ਦੀ ਘਟਨਾ ਨੂੰ ਮੰਦਭਾਗੀ ਦੱਸਦੇ ਹੋਏ ਚੌਧਰੀ ਨੇ ਕਿਹਾ ਕਿ ਗੋਲੀਆਂ ਧਰਮ ਜਾਂ ਅਹੁਦਾ ਨਹੀਂ ਦੇਖੀਆਂ ਅਤੇ ਕਿਸੇ ਨੂੰ ਵੀ ਲੱਗ ਸਕਦੀਆਂ ਹਨ।

## ਔਰਤਾਂ ਨੂੰ ਮਿਲੇਗੀ 3 ਮਹੀਨੇ ਦੀ ਛੁੱਟੀ ! ਸੁਪਰੀਮ ਕੋਰਟ ਨੇ ਬੱਚਾ ਗੋਦ ਲੈਣ ਦੇ ਮਾਮਲੇ 'ਚ ਸੁਣਾ'ਤਾ ਵੱਡਾ ਫ਼ੈਸਲਾ



ਨਵੀਂ ਦਿੱਲੀ 19 ਮਾਰਚ। ਸੁਪਰੀਮ ਕੋਰਟ ਨੇ ਕਿਹਾ ਕਿ ਬੱਚੇ ਨੂੰ ਗੋਦ ਲੈਣਾ ਪ੍ਰਜਨਨ ਖੁਦਮੁਖਤਿਆਰੀ ਦੇ ਅਧਿਕਾਰ ਦਾ ਹਿੱਸਾ ਹੈ ਅਤੇ ਇਸ ਦੇ ਨਾਲ ਉਸ ਨੇ ਉਸ ਕਾਨੂੰਨ ਨੂੰ ਰੱਦ ਕਰ ਦਿੱਤਾ, ਜਿਸ 'ਚ ਕਿਹਾ ਗਿਆ ਸੀ ਕਿ ਕਿਸੇ ਔਰਤ ਨੂੰ ਜਣੇਪਾ ਛੁੱਟੀ ਉਦੋਂ ਮਿਲੇਗੀ, ਜਦੋਂ ਉਹ ਤਿੰਨ ਮਹੀਨੇ ਤੋਂ ਘੱਟ ਉਮਰ ਦੇ ਬੱਚੇ ਨੂੰ ਕਾਨੂੰਨੀ ਰੂਪ ਨਾਲ ਗੋਦ ਲੈਂਦੀ ਹੈ। ਜੱਜ ਜੇ.ਬੀ. ਪਾਰਦੀਵਾਲਾ ਅਤੇ ਆਰ. ਮਹਾਦੇਵਨ ਦੀ ਬੈਂਚ ਨੇ ਕਿਹਾ ਕਿ ਗੋਦ ਲੈਣ ਵਾਲੀ ਮਾਂ ਨੂੰ ਬੱਚੇ ਦੀ ਉਮਰ ਦੀ ਪਰਵਾਹ ਕੀਤੇ ਬਿਨਾਂ 12 ਹਫ਼ਤਿਆਂ (3 ਮਹੀਨਿਆਂ) ਦੀ ਜਣੇਪਾ ਛੁੱਟੀ ਮਿਲਣੀ ਚਾਹੀਦੀ ਹੈ। ਬੈਂਚ ਨੇ ਕਿਹਾ,"2020 ਕੋਡ ਦੀ ਧਾਰਾ 60 (4), ਜੋ ਗੋਦ ਲੈਣ ਵਾਲੀ ਮਾਂ ਲਈ ਜਣੇਪਾ ਲਾਭ ਪ੍ਰਾਪਤ ਕਰਨ ਲਈ ਗੋਦ ਲਏ ਗਏ ਬੱਚੇ ਦੀ ਉਮਰ ਤਿੰਨ ਮਹੀਨਿਆਂ ਤੱਕ ਸੀਮਿਤ ਕਰਦੀ ਹੈ, ਸੰਵਿਧਾਨ ਦੀ ਧਾਰਾ 14 ਅਤੇ 21 ਦੀ ਉਲੰਘਣਾ ਹੈ।" ਸੁਪਰੀਮ ਕੋਰਟ ਨੇ ਕੇਂਦਰ ਸਰਕਾਰ ਨੂੰ ਇਹ ਵੀ ਕਿਹਾ ਕਿ ਉਹ 'ਪਿਤਰਤਵ ਛੁੱਟੀ' ਨੂੰ ਸਮਾਜਿਕ ਸੁਰੱਖਿਆ ਲਾਭ ਵਜੋਂ ਮਾਨਤਾ ਦੇਣ ਲਈ ਪ੍ਰਬੰਧ ਲਿਆਏ। ਇਹ ਫ਼ੈਸਲਾ ਐਡਵੋਕੇਟ ਹਮਸਾਨੰਦਿਨੀ ਨੰਦੂਰੀ ਵਲੋਂ ਦਾਇਰ ਪਟੀਸ਼ਨ 'ਤੇ ਆਇਆ, ਜਿਸ 'ਚ ਸਮਾਜਿਕ ਸੁਰੱਖਿਆ ਕੋਡ ਦੀ ਧਾਰਾ 60 (4) ਨੂੰ ਚੁਣੌਤੀ ਦਿੱਤੀ ਗਈ ਸੀ।

## ਭਾਜਪਾ ਦੀ 'ਪੰਜਾਬ ਪਿੱਚ': ਪ੍ਰਤੀਕਾਤਮਕ ਤੋਂ ਹਕੀਕਤ ਦੀ ਸਿਆਸਤ ਵੱਲ ਵਧਣ ਦਾ ਸੰਕਲਪ : ਆਰ.ਪੀ. ਸਿੰਘ

ਕੌਮੀ ਪਤ੍ਰਿਕਾ

**ਨਵਦੀਪ ਸਿੰਘ ਸਾਹਨੀ**

ਨਵੀਂ ਦਿੱਲੀ 19 ਮਾਰਚ। ਭਾਰਤੀ ਜਨਤਾ ਪਾਰਟੀ ਦੇ ਰਾਸ਼ਟਰੀ ਬੁਲਾਰੇ ਆਰ.ਪੀ. ਸਿੰਘ ਨੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਦੇ ਮਾਰਗਦਰਸ਼ਨ 'ਚ ਪੰਜਾਬ ਲਈ ਪਾਰਟੀ ਦੀ ਨਵੀਂ ਰਣਨੀਤੀ ਬਾਰੇ ਅਹਿਮ ਬਿਆਨ ਦਿੱਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੀ ਰਾਜਨੀਤੀ ਹੁਣ ਸਿਰਫ਼ ਨਾਅਰਿਆਂ ਅਤੇ ਸੀਮਤ ਗਠਜੋੜਾਂ ਤੱਕ ਨਹੀਂ ਰਹੇਗੀ, ਸਗੋਂ ਭਾਜਪਾ ਹੁਣ ਜ਼ਮੀਨੀ ਹੱਲ ਤੇ ਠੋਸ ਨੀਤੀਆਂ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। 'ਛੋਟੇ ਸਹਿਯੋਗੀ' ਦੀ ਭੂਮਿਕਾ ਤੋਂ ਮੁਕਤੀ: ਉਨ੍ਹਾਂ ਕਿਹਾ ਕਿ ਦਹਾਕਿਆਂ ਤੱਕ ਪੰਜਾਬ ਵਿੱਚ ਭਾਜਪਾ, ਸ਼੍ਰੋਮਣੀ ਅਕਾਲੀ ਦਲ ਦੇ ਨਾਲ ਇੱਕ ਸੀਮਤ ਭੂਮਿਕਾ 'ਚ ਰਹੀ ਸੀ, ਪਰ ਹੁਣ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਸਿੱਧਾ ਸੰਵਾਦ ਕਰਨ ਅਤੇ ਇੱਕ ਸੁਤੰਤਰ ਰਾਜਨੀਤਿਕ ਵਿਕਲਪ ਵਜੋਂ ਉੱਭਰਨ ਦਾ ਫੈਸਲਾ ਕੀਤਾ ਹੈ। ਸੁਰੱਖਿਆ ਅਤੇ ਨਸ਼ਾ ਮੁਕਤੀ: ਪੰਜਾਬ ਇੱਕ ਸਰਹੱਦੀ ਰਾਜ ਹੋਣ ਨਾਤੇ, ਇੱਥੋਂ ਦੀ ਸੁਰੱਖਿਆ ਨੂੰ ਰਾਸ਼ਟਰੀ ਤਰਜੀਹ ਦੱਸਦਿਆਂ ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਦੀ ਅਗਵਾਈ ਵਿੱਚ ਡਰੋਨ ਰਾਹੀਂ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਨੂੰ ਰੋਕਣਾ ਅਤੇ ਅਲਗਾਵਵਾਦੀ ਤਾਕਤਾਂ ਦਾ



ਸਫਾਇਆ ਕਰਨਾ ਭਾਜਪਾ ਦਾ ਮੁੱਖ ਏਜੰਡਾ ਹੈ। ਸਿੱਖ ਸਮਾਜ ਨਾਲ ਸਾਰਥਕ ਸਾਂਝ: ਆਰ.ਪੀ. ਸਿੰਘ ਅਨੁਸਾਰ, ਕੇਂਦਰ ਸਰਕਾਰ ਨੇ ਕਰਤਾਰਪੁਰ ਲਾਂਘਾ ਖੋਲ੍ਹਣ ਅਤੇ ਧਾਰਮਿਕ ਸੰਸਥਾਵਾਂ ਦੇ ਮੁੱਦਿਆਂ ਨੂੰ ਹੱਲ ਕਰਕੇ ਸਿੱਖ ਸਮਾਜ ਦੀਆਂ ਭਾਵਨਾਵਾਂ ਦਾ ਸਤਿਕਾਰ ਕੀਤਾ ਹੈ। ਹੁਣ ਭਾਜਪਾ ਪ੍ਰਤੀਕਾਤਮਕ ਰਾਜਨੀਤੀ ਦੀ ਬਜਾਏ ਸਤਿਕਾਰ ਅਤੇ ਸਾਂਝੇਦਾਰੀ ਦੇ ਆਧਾਰ 'ਤੇ ਰਿਸ਼ਤੇ ਮਜ਼ਬੂਤ ਕਰ ਰਹੀ ਹੈ। ਵਿਕਾਸ ਤੇ ਰੁਜ਼ਗਾਰ: ਪੰਜਾਬ ਦੀ ਆਰਥਿਕ ਹਾਲਤ ਅਤੇ ਨੌਜਵਾਨਾਂ ਦੇ ਪਰਵਾਸ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ 'ਡਬਲ ਇੰਜਣ' ਵਿਕਾਸ ਮਾਡਲ ਦੀ ਵਕਾਲਤ ਕੀਤੀ। ਉਨ੍ਹਾਂ ਕਿਹਾ ਕਿ ਉਦਯੋਗਿਕ ਨਿਵੇਸ਼ ਅਤੇ ਬੁਨਿਆਦੀ ਢਾਂਚੇ ਰਾਹੀਂ ਹੀ ਪੰਜਾਬ ਦੇ ਸ਼ਹਿਰੀ ਮੱਧ ਵਰਗ ਅਤੇ ਵਪਾਰੀਆਂ ਲਈ ਨਵੀਂ ਉਮੀਦ ਜਗਾਈ ਜਾ ਸਕਦੀ ਹੈ। ਕਿਸਾਨਾਂ ਨਾਲ ਵਿਸ਼ਵਾਸ ਦੀ ਬਹਾਲੀ: ਖੇਤੀ ਕਾਨੂੰਨਾਂ ਤੋਂ ਬਾਅਦ ਪੈਦਾ ਹੋਈ ਦੂਰੀ ਨੂੰ ਖਤਮ ਕਰਨ ਲਈ ਭਾਜਪਾ ਹੁਣ ਕਿਸਾਨਾਂ ਨਾਲ ਸਿੱਧਾ ਸੰਵਾਦ ਕਰ ਰਹੀ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਦੀ ਨਿਰੰਤਰ ਵਿਵਸਥਾ ਅਤੇ ਫਸਲੀ ਵਿਭਿੰਨਤਾ ਵਰਗੀਆਂ ਨੀਤੀਆਂ ਰਾਹੀਂ ਕਿਸਾਨਾਂ ਦਾ ਭਰੋਸਾ ਮੁੜ ਜਿੱਤਿਆ ਜਾਵੇਗਾ। ਆਰ.ਪੀ. ਸਿੰਘ ਨੇ ਸਪੱਸ਼ਟ ਕੀਤਾ ਕਿ ਅਮਿਤ ਸ਼ਾਹ ਪੰਜਾਬ ਨੂੰ ਇੱਕ ਲੰਬੇ ਸਮੇਂ ਦੇ ਰਾਸ਼ਟਰੀ ਪ੍ਰੋਜੈਕਟ ਵਜੋਂ ਦੇਖ ਰਹੇ ਹਨ, ਜਿਸਦਾ ਉਦੇਸ਼ ਸਿਰਫ ਚੋਣ ਜਿੱਤਣਾ ਨਹੀਂ, ਸਗੋਂ ਸੂਬੇ ਦੀ ਸਥਿਰਤਾ, ਅਮਨ-ਸ਼ਾਂਤੀ ਅਤੇ ਖੁਸ਼ਹਾਲੀ ਨੂੰ ਯਕੀਨੀ ਬਣਾਉਣਾ ਹੈ।

## ਦਿੱਲੀ ਗੁਰਦੁਆਰਾ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਨੂੰ ਉਹਨਾਂ ਦਾ ਬਣਦਾ ਹੱਕ ਦੇਣ ਲਈ ਵਚਨਬੱਧ: ਕਾਲਕਾ, ਕਾਹਲੋਂ

ਨਵੀਂ ਦਿੱਲੀ, 19 ਮਾਰਚ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਹੈ ਕਿ ਕਮੇਟੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਦਾ ਬਣਦਾ ਇਕ-ਇਕ ਰੁਪਿਆ ਦੇਣ ਵਾਸਤੇ ਵਚਨਬੱਧ ਹੈ ਤੇ ਇਸ ਵਾਸਤੇ ਅਸੀਂ ਜੋ ਐਮ ਓ ਯੂ ਸਾਈਨ ਕੀਤਾ ਹੈ, ਉਸ ਮੁਤਾਬਕ ਇਕ-ਇਕ ਪੈਸਾ ਸਟਾਫ ਨੂੰ ਦਿੱਤਾ ਜਾਵੇਗਾ। ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਭਰੋਸਾ ਦੁਆਇਆ ਹੈ ਕਿ ਅਸੀਂ ਇਸ ਸਾਰੇ ਮਾਮਲੇ ਨੂੰ ਹੱਲ ਕਰਨ ਲਈ ਯਤਨਸ਼ੀਲ ਹਾਂ ਤੇ 962 ਵਿਚੋਂ 919 ਸਟਾਫ ਮੈਂਬਰਾਂ ਨੇ ਸਾਬਤ ਕਰ ਦਿਤਾ ਕਿ ਉਹ ਸਾਡੇ ਨਾਲ ਖੜ੍ਹੇ ਹਨ। ਉਹਨਾਂ ਕਿਹਾ ਕਿ ਅਸੀਂ ਆਪਣੇ ਦੁਆਏ ਭਰੋਸੇ ਮੁਤਾਬਕ ਹਰ ਹਾਲਤ ਵਿਚ ਬਣਦਾ ਬਕਾਇਆ ਦੇਵਾਂਗੇ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਯਤਨਾਂ ਸਦਕਾ 7ਵੇਂ ਤਨਖਾਹ ਕਮਿਸ਼ਨ ਦੇ ਹਿਸਾਬ ਨਾਲ 38 ਫੀਸਦੀ ਤਨਖਾਹਾਂ ਸਟਾਫ ਦੇ ਖਾਤਿਆਂ ਵਿਚ ਪਹੁੰਚ ਗਈਆਂ ਹਨ। ਉਹਨਾਂ ਕਿਹਾ ਕਿ ਸਕੂਲਾਂ ਵਿਚ ਵਿਦਿਆਰਥੀਆਂ ਦੀ ਗਿਣਤੀ ਵਧਾਉਣ ਦੀ ਜ਼ਿੰਮੇਵਾਰੀ ਕਮੇਟੀ ਦੀ ਹੈ ਜਿਸ ਵਾਸਤੇ ਅਸੀਂ ਪੂਰੀ ਸੰਜੀਦਗੀ ਨਾਲ ਕੰਮ ਕਰ ਰਹੇ ਹਾਂ। ਉਹਨਾਂ ਕਿਹਾ ਕਿ ਅਸੀਂ ਹਰ ਹਾਲਤ ਵਿਚ ਸੰਗਤ ਦੇ ਸਹਿਯੋਗ ਨਾਲ ਨਾ ਸਿਰਫ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਨੂੰ ਕਾਮਯਾਬ ਕਰਾਂਗੇ ਬਲਕਿ ਅਸੀਂ ਸਮੁੱਚੇ ਗੁਰਦੁਆਰਾ ਪ੍ਰਬੰਧ ਤੇ ਸਿਹਤ ਤੇ ਸਿੱਖਿਆ ਦੇ ਖੇਤਰਾਂ ਵਿਚ ਵੀ



ਸਫਲਤਾ ਨਾਲ ਕੰਮ ਕਰਨ ਲਈ ਪੁਰਜ਼ੋਰ ਯਤਨ ਕਰਾਂਗੇ। ਉਹਨਾਂ ਕਿਹਾ ਕਿ ਇਹ ਕਮੇਟੀ ਵਾਸਤੇ ਬਹੁਤ ਵੱਡੀ ਗੱਲ ਹੈ ਕਿ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਸਟਾਫ ਵਿਚੋਂ ਬਹੁਤ ਵੱਡੀ ਗਿਣਤੀ ਵਿਚ ਮੈਂਬਰਾਂ ਨੇ ਸਾਡੇ 'ਤੇ ਭਰੋਸਾ ਪ੍ਰਗਟ ਕੀਤਾ ਹੈ ਤੇ ਅਸੀਂ ਅਦਾਲਤ ਦੇ ਹੁਕਮਾਂ ਮੁਤਾਬਕ ਹਰ ਮੁਲਾਜ਼ਮ ਨੂੰ ਉਹਨਾਂ ਦੇ ਬਣਦੇ ਹੱਕ ਦੇਣ ਵਾਸਤੇ ਵਚਨਬੱਧ ਹਾਂ। ਉਹਨਾਂ ਕਿਹਾ ਕਿ ਬੇਸ਼ੱਕ ਵਿਰੋਧੀ ਜੋ ਮਰਜ਼ੀ ਕੂੜ ਪ੍ਰਚਾਰ ਕਰਦੇ ਰਹਿਣ ਪਰ ਸਾਡਾ ਕੰਮ ਸਿਰਫ ਤੇ ਸਿਰਫ ਚੰਗੇ ਪ੍ਰਬੰਧ ਦੇਣਾ ਹੈ ਤੇ ਅਸੀਂ ਉਸੇ ਦਿਸ਼ਾ ਵਿਚ ਕੰਮ ਕਰ ਰਹੇ ਹਾਂ।

## 2027 'ਚ ਨਵੀਂ ਸਿਆਸੀ ਧਿਰ ਲਿਆਉਣ ਦੇ ਏਜੰਸੀਆਂ ਦੇ ਮਨਸੂਬਿਆਂ ਤੋਂ ਸੁਚੇਤ ਰਹਿਣ ਪੰਜਾਬੀ: ਸੁਖਬੀਰ ਬਾਦਲ

ਕੌਮੀ ਪਤ੍ਰਿਕਾ

**ਤੇਜਿੰਦਰ ਕੌਰ ਬੱਬਰ**

ਜਗਰਾਓਂ 19 ਮਾਰਚ। ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਅੱਜ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਉਹ ਏਜੰਸੀਆਂ ਤੋਂ ਚੌਕਸ ਰਹਿਣ ਜੋ ਪੰਜਾਬ ਵਿਚ ਵਿਧਾਨ ਸਭਾ ਚੋਣਾਂ ਮੌਕੇ ਉਸੇ ਤਰੀਕੇ ਨਵੀਂ ਪਾਰਟੀ ਸਾਹਮਣੇ ਲਿਆ ਸਕਦੀਆਂ ਹਨ ਜਿਵੇਂ 2024 ਦੀਆਂ ਲੋਕ ਸਭਾ ਚੋਣਾਂ ਵਿਚ ਕੀਤਾ ਸੀ, ਤਾਂ ਜੋ 2027 ਦੀਆਂ ਚੋਣਾਂ ਵਿਚ ਅਕਾਲੀ ਦਲ ਨੂੰ ਕਮਜ਼ੋਰ ਕੀਤਾ ਜਾ ਸਕੇ। ਇਥੇ ਪੰਜਾਬ ਬਚਾਓ ਮੁਹਿੰਮ ਤਹਿਤ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ 2024 ਦੀਆਂ ਪਾਰਲੀਮਾਨੀ ਚੋਣਾਂ ਵਿਚ ਤੁਸੀਂ ਭਾਵੁਕ ਹੋ ਗਏ ਤੇ ਉਹਨਾਂ ਵਿਅਕਤੀਆਂ ਵਾਸਤੇ ਵੋਟਾਂ ਪਾ ਦਿੱਤੀਆਂ ਜਿਹਨਾਂ ਨੂੰ ਏਜੰਸੀਆਂ ਨੇ ਪੇਸ਼ ਕੀਤਾ ਸੀ। ਬਾਦਲ ਨੇ ਪੰਜਾਬੀਆਂ ਨੂੰ ਅਪੀਲ ਕੀਤੀ ਕਿ ਇਸ ਸਾਜ਼ਿਸ਼ ਨੂੰ ਸਮਝਿਆ ਜਾਵੇ ਅਤੇ ਉਹਨਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ, ਪੰਜਾਬੀਆਂ ਤੇ ਪੰਜਾਬੀਅਤ ਦੀ ਭਲਾਈ ਵਾਸਤੇ ਅਕਾਲੀ ਦਲ ਦੀ ਹਮਾਇਤ ਕਰਨ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਇਕੱਲਾ ਹੀ ਤੁਹਾਡੀ ਭਲਾਈ ਵਾਸਤੇ ਚਿੰਤਤ ਹੈ। ਉਹਨਾਂ ਕਿਹਾ ਕਿ ਕੀ ਤੁਸੀਂ ਸਮਝਦੇ ਹੋ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ, ਅਰਵਿੰਦ ਕੇਜਰੀਵਾਲ ਜਾਂ ਰਾਹੁਲ ਗਾਂਧੀ ਤੁਹਾਡੇ ਮੁੱਦਿਆਂ ਪ੍ਰਤੀ ਚਿੰਤਤ ਹਨ ? ਉਹਨਾਂ ਕਿਹਾ ਕਿ ਦਿੱਲੀ ਦੀਆਂ ਪਾਰਟੀਆਂ ਨੇ ਹਮੇਸ਼ਾ ਪੰਜਾਬ ਨਾਲ ਵਿਤਕਰਾ ਕੀਤਾ ਤੇ ਉਹਨਾਂ ਦੱਸਿਆ ਕਿ ਕਿਵੇਂ ਸੂਬੇ ਦੇ ਇਸਦੀ ਰਾਜਧਾਨੀ ਤੋਂ ਹੱਕ ਖੋਹੇ ਗਏ, ਦਰਿਆਈ ਪਾਣੀ ਖੋਹੇ ਗਏ ਤੇ ਰਾਈਪੇਰੀਅਨ ਸਿਧਾਂਤ ਦੇ ਖਿਲਾਫ ਰਾਜਸਥਾਨ ਨੂੰ ਦਿੱਤੇ ਗਏ ਅਤੇ ਪੰਜਾਬੀ ਬੋਲਦੇ ਇਲਾਕੇ 1966 ਵਿਚ ਪੁਨਰਗਠਨ ਵੇਲੇ ਪੰਜਾਬ ਤੋਂ ਬਾਹਰ ਕਰ ਦਿੱਤੇ ਗਏ। ਅਕਾਲੀ ਦਲ ਦੇ ਪ੍ਰਧਾਨ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਇਹਨਾਂ ਇਤਿਹਾਸਕ ਗਲਤੀਆਂ ਨੂੰ ਦਰੁੱਸਤ ਕਰਨ ਵਾਸਤੇ ਵਚਨਬੱਧ ਹੈ। ਉਹਨਾਂ ਕਿਹਾ ਕਿ ਇਕ ਵਾਰ 2027 ਵਿਚ ਅਕਾਲੀ ਦਲ ਦੀ ਸਰਕਾਰ ਬਣ ਗਈ ਤਾਂ ਇਹ ਰਾਜਸਥਾਨ ਨਹਿਰ ਵਿਚ ਜਾਂਦੇ ਪੰਜਾਬ ਦੇ ਪਾਣੀਆਂ ਨੂੰ ਰੋਕ ਦੇਵੇਗਾ ਅਤੇ ਅਸੀਂ ਨਵੀਂਆਂ ਨਹਿਰਾਂ ਬਣਾ ਕੇ ਇਹ ਪਾਣੀ ਸਾਡੇ ਕਿਸਾਨਾਂ ਦੇ ਖੇਤਾਂ ਤੱਕ ਲੈ ਕੇ ਜਾਵਾਂਗੇ। ਸਰਦਾਰ ਬਾਦਲ ਨੇ ਇਸ ਬਾਰੇ ਵੀ ਗੱਲ ਕੀਤੀ ਕਿ ਕਿਵੇਂ ਆਪ ਸਰਕਾਰ ਨੇ ਸੂਬੇ ਵਿਚ ਲੋਕਤੰਤਰੀ ਢਾਂਚਾ ਤਹਿਸ ਨਹਿਸ ਕੀਤਾ ਹੈ। ਉਹਨਾਂ ਕਿਹਾ ਕਿ ਕੱਲ੍ਹ ਹੋਈ ਬਾਘਾਪੁਰਾਣਾ ਬਲਾਕ ਸੰਮਤੀ ਦੇ ਚੇਅਰਮੈਨ ਦੀ ਚੋਣ ਵਿਚ ਆਪ ਨੇ ਚੇਅਰਮੈਨੀ ਚੋਰੀ ਕੀਤੀ ਜਦੋਂ ਕਿ ਉਸਦੇ ਸਿਰਫ 8 ਮੈਂਬਰ ਸਨ ਤੇ ਅਕਾਲੀ ਦਲ ਦੇ 15 ਮੈਂਬਰ ਸਨ। ਉਹਨਾਂ ਕਿਹਾ ਕਿ ਇਹੋ ਕੁਝ ਮਾਨਸਾ ਵਿਚ ਹੋਇਆ। ਉਹਨਾਂ ਕਿਹਾ ਕਿ ਆਪ ਸਰਕਾਰ ਜੱਗੂ ਭਗਵਾਨਪੁਰੀਆ ਵਰਗੇ ਗੈਂਗਸਟਰਾਂ ਦੀ ਵਰਤੋਂ ਬਲਾਕ ਸੰਮਤੀ ਦੇ ਚੇਅਰਪਰਸਨਾਂ ਦੀ ਚੋਣ ਵਿਚ ਸਿਆਸੀ ਵਿਰੋਧੀਆਂ ਨੂੰ ਡਰਾਉਣ ਵਾਸਤੇ ਕਰ ਰਹੀ ਹੈ। ਉਹਨਾਂ ਕਿਹਾ ਕਿ ਮੀਡੀਆ ਨੂੰ ਵੀ ਲੀਹ 'ਤੇ ਪੈਣ ਵਾਸਤੇ ਮਜਬੂਰ ਕੀਤਾ ਗਿਆ। ਉਹਨਾਂ ਕਿਹਾ ਕਿ ਜਿਹੜਾ ਕੋਈ ਅਜਿਹਾ ਨਹੀਂ ਕਰਦਾ, ਉਸਦਾ ਹਾਲ ਪੰਜਾਬ ਕੇਸਰੀ ਗਰੁੱਪ ਵਰਗਾ ਕੀਤਾ ਜਾਂਦਾ ਹੈ ਜਿਹਨਾਂ ਦੇ ਹੋਟਲ ਨੂੰ ਬਿਨਾਂ ਅਪੀਲ ਦਾ ਸਮਾਂ ਦਿੱਤਿਆਂ ਤੋੜਿਆ ਗਿਆ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਆਪ ਸਰਕਾਰ ਜਨਰਲ ਵਰਗ ਦੀਆਂ ਔਰਤਾਂ ਨੂੰ 1-1 ਹਜ਼ਾਰ ਅਤੇ ਐਸ ਸੀ ਵਰਗ ਦੀਆਂ ਔਰਤਾਂ ਨੂੰ 1500 ਰੁਪਏ ਪ੍ਰਤੀ ਮਹੀਨਾ ਦੇਣ ਦਾ ਦਾਅਵਾ ਕਰ ਰਹੇ ਪੰਜਾਬੀਆਂ ਨਾਲ ਧੋਖਾ ਕਰ ਰਹੀ ਹੈ। ਉਹਨਾਂ ਕਿਹਾ ਕਿ ਆਪ ਸਰਕਾਰ ਨੇ ਛੇ ਮਹੀਨਿਆਂ ਵਾਸਤੇ ਔਰਤਾਂ ਨੂੰ ਇਹ ਭੱਤਾ ਦੇਣ ਵਾਸਤੇ 52000 ਕਰੋੜ ਰੁਪਏ ਦਾ ਕਰਜ਼ਾ ਲਿਆ ਹੈ ਤੇ ਸਰਕਾਰੀ ਜ਼ਮੀਨਾਂ ਵੇਚੀਆਂ ਹਨ। ਉਹਨਾਂ ਕਿਹਾ ਕਿ ਇਸ ਪ੍ਰਕਿਰਿਆ ਵਾਸਤੇ ਸਰਕਾਰ ਨੇ ਪਾਵਰਕਾਮ ਦੀ ਬਿਜਲੀ ਸਬਸਿਡੀ ਰੋਕ




ਰੱਖੀ ਹੈ।ਉਹਨਾਂ ਕਿਹਾ ਕਿ ਇਸ ਕਾਰਨ ਪੰਜਾਬ ਅਤੇ ਇਸਦੇ ਕਿਸਾਨਾਂ ਵਾਸਤੇ ਤਬਾਹੀ ਆਉਣ ਵਾਲੀ ਹੈ। ਪੰਜਾਬ ਵਾਸਤੇ ਆਪਣੇ ਦ੍ਰਿਸ਼ਟੀਕੋਣ ਦੀ ਗੱਲ ਕਰਦਿਆਂ ਸਰਦਾਰ ਬਾਦਲ ਨੇ ਕਿਹਾ ਕਿ ਅਕਾਲੀ ਦਲ ਪੰਜਾਬ ਦਾ ਪਾਣੀ ਰਾਜਸਥਾਨ ਨਹਿਰ ਰਾਹੀਂ ਨਹੀਂ ਜਾਣ ਦੇਵੇਗਾ। ਉਹਨਾਂ ਕਿਹਾ ਕਿ ਰਾਜਸਥਾਨ ਨਹਿਰ ਦਾ ਇਹ ਸਾਰਾ ਪਾਣੀ ਪੰਜਾਬ ਦੇ ਖੇਤਾਂ ਵੱਲ ਮੋੜਿਆ ਜਾਵੇਗਾ।ਉਹਨਾਂ ਨੇ ਇਹ ਵੀ ਐਲਾਨ ਕੀਤਾ ਕਿ ਉਹ ਉਦਯੋਗਿਕ ਤੇ ਸੀਵਰੇਜ ਦਾ ਇਕ ਵੀ ਬੂੰਦ ਮਾੜਾ ਪਾਣੀ ਸਤਲੁਜ ਤੇ ਬਿਆਸ ਦਰਿਆਵਾਂ ਵਿਚ ਨਹੀਂ ਜਾਣ ਦੇਣਗੇ। ਉਹਨਾਂ ਕਿਹਾ ਕਿ ਉਲੰਘਣਾ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਉਹਨਾਂ ਕਿਹਾ ਕਿ ਮਾਲਵਾ ਪੱਟੀ ਨੂੰ ਕੈਂਸਰ ਮੁਕਤ ਕਰਨ ਵਾਸਤੇ ਅਜਿਹਾ ਕਰਨਾ ਜ਼ਰੂਰੀ ਹੈ। ਉਹਨਾਂ ਇਹ ਵੀ ਐਲਾਨ ਕੀਤਾ ਕਿ ਵਪਾਰੀ ਵਰਗ ਜਿਸਨੂੰ ਕਾਂਗਰਸ ਤੇ ਮੌਜੂਦਾ ਆਪ ਸਰਕਾਰ ਦੇ ਰਾਜ ਵਿਚ ਟੈਕਸ ਅੱਤਵਾਦ ਦਾ ਸਾਹਮਣਾ ਕਰਨਾ ਪਿਆ ਹੈ, ਵਾਸਤੇ ਫਿਰ ਤੋਂ 'ਰਾਹਤ' ਸਕੀਮ ਸ਼ੁਰੂ ਕੀਤੀ ਜਾਵੇਗੀ। ਅਕਾਲੀ ਦਲ ਦੇ ਪ੍ਰਧਾਨ ਨੇ ਇਹ ਵੀ ਐਲਾਨ ਕੀਤਾ ਕਿ ਨੌਜਵਾਨਾਂ ਨੂੰ ਵਿਆਜ਼ ਮੁਕਤ 10 ਲੱਖ ਰੁਪਏ ਤੱਕ ਦਾ ਕਰਜ਼ਾ ਪ੍ਰਦਾਨ ਕੀਤਾ ਜਾਵੇਗਾ ਤੇ ਆਟਾ ਦਾਲ ਸਕੀਮ ਦਾ ਵਿਸਥਾਰ ਕੀਤਾ ਜਾਵੇਗਾ ਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ।

# ਨਵੀਂ ਐਕਸਾਈਜ਼ ਪਾਲਿਸੀ ਤੋਂ ਨਾਰਾਜ਼ ਸ਼ਰਾਬ ਕਾਰੋਬਾਰੀ, ਠੇਕੇ ਰਿਨਿਊ ਕਰਵਾਉਣ ਵਿੱਚ ਨਹੀਂ ਦਿਖਾ ਰਹੇ ਦਿਲਚਸਪੀ

**ਕੌਮੀ ਪੱਤ੍ਰਿਕਾ**

ਗੁਰਦਾਸਪੁਰ 19 ਮਾਰਚ। ਪੰਜਾਬ ਸਰਕਾਰ ਵੱਲੋਂ ਐਕਸਾਈਜ਼ ਪਾਲਿਸੀ ਨੂੰ ਰਿਨਿਊ ਕਰਦੇ ਹੋਏ ਪਹਿਲਾਂ ਤੋਂ ਨਿਰਧਾਰਤ ਰਕਮ 'ਤੇ ਕਰੀਬ ਸਾਢੇ 6 ਫੀਸਦੀ ਵਾਧੂ ਰੈਵੇਨਿਊ ਲਾਗੂ ਕਰਨ ਤੋਂ ਬਾਅਦ ਸ਼ਰਾਬ ਕਾਰੋਬਾਰ ਨਾਲ ਜੁੜੇ ਠੇਕੇਦਾਰਾਂ ਵਿੱਚ ਨਾਰਾਜ਼ਗੀ ਵੇਖਣ ਨੂੰ ਮਿਲ ਰਹੀ ਹੈ। ਇਸ ਵਾਧੂ ਬੋਝ ਕਾਰਨ ਕਈ ਠੇਕੇਦਾਰ ਮੌਜੂਦਾ ਸ਼ਰਾਬ ਦੇ ਠੇਕਿਆਂ ਨੂੰ ਰਿਨਿਊ ਕਰਵਾਉਣ ਵਿੱਚ ਘੱਟ ਦਿਲਚਸਪੀ ਦਿਖਾ ਰਹੇ ਹਨ। ਸਰਕਾਰ ਵੱਲੋਂ ਮੌਜੂਦਾ ਠੇਕੇਦਾਰਾਂ ਨੂੰ ਆਪਣੇ ਠੇਕੇ ਰਿਨਿਊ ਕਰਵਾਉਣ ਲਈ 19 ਮਾਰਚ ਤੱਕ ਦੀ ਅੰਤਿਮ ਮਿਤੀ ਦਿੱਤੀ ਗਈ ਹੈ। ਜੇਕਰ ਇਸ ਮਿਆਦ ਤੱਕ ਠੇਕੇਦਾਰਾਂ ਵੱਲੋਂ ਰਿਨਿਊਲ ਲਈ ਅਰਜ਼ੀਆਂ ਨਹੀਂ ਦਿੱਤੀਆਂ ਜਾਂਦੀਆਂ ਤਾਂ ਸੰਬੰਧਿਤ ਸਰਕਲਾਂ ਦੀ ਅਲਾਟਮੈਂਟ ਲਈ ਅਗਲੀ ਮਿਤੀ 'ਤੇ ਨਵੇਂ ਟੈਂਡਰ ਜਾਰੀ ਕੀਤੇ ਜਾਣਗੇ। ਵਿਭਾਗ ਦੇ ਉੱਚ ਅਧਿਕਾਰੀ ਮੌਜੂਦਾ ਠੇਕੇਦਾਰਾਂ ਨੂੰ ਰਿਨਿਊਲ ਦੇ ਫਾਇਦੇ ਦੱਸਦੇ ਹੋਏ ਉਨ੍ਹਾਂ ਨੂੰ ਇਹ ਕਾਰੋਬਾਰ ਜਾਰੀ ਰੱਖਣ ਲਈ ਪ੍ਰੇਰਿਤ ਕਰ ਰਹੇ ਹਨ, ਪਰ ਦੂਜੇ ਪਾਸੇ ਕਈ ਕਾਰੋਬਾਰੀ ਨੁਕਸਾਨ ਦੇ ਡਰ ਕਾਰਨ ਇਸ ਕਾਰੋਬਾਰ ਤੋਂ ਪਿੱਛੇ ਹਟਣ ਦੀ ਸੋਚ ਰਹੇ ਹਨ। ਸੂਤਰਾਂ ਮੁਤਾਬਕ ਗੁਰਦਾਸਪੁਰ ਦੇ ਮੁਕਾਬਲੇ ਪਠਾਨਕੋਟ ਸਰਕਲ ਪਹਿਲਾਂ ਹੀ ਠੇਕੇਦਾਰਾਂ ਵੱਲੋਂ ਉੱਚੀ ਬੋਲੀ ਲਗਾ ਕੇ ਖਰੀਦਿਆ ਗਿਆ ਸੀ। ਇਸ ਕਾਰਨ ਇਸ ਵਾਰ ਉੱਥੇ ਕਈ ਠੇਕੇਦਾਰ ਕਾਰੋਬਾਰ ਛੱਡਣ ਦੀ ਤਿਆਰੀ ਵਿੱਚ ਹਨ। ਜੇਕਰ ਅਜਿਹਾ ਹੁੰਦਾ ਹੈ ਤਾਂ ਇਸ ਦਾ ਸਿੱਧਾ ਅਸਰ ਐਕਸਾਈਜ਼ ਵਿਭਾਗ ਦੀ ਆਮਦਨ 'ਤੇ ਪੈ ਸਕਦਾ ਹੈ। ਪਿਛਲੇ ਸਾਲ 2025-26 ਦੀ ਐਕਸਾਈਜ਼ ਪਾਲਿਸੀ ਦੌਰਾਨ ਠੇਕੇਦਾਰਾਂ ਨੇ ਉਮੀਦ ਨਾਲ ਇਸ ਕਾਰੋਬਾਰ ਵਿੱਚ ਹਿੱਸਾ ਲਿਆ ਸੀ ਕਿ ਸਰਕਾਰ ਦੇ




ਆਖਰੀ ਸਾਲ ਦੌਰਾਨ ਸ਼ਰਾਬ ਦਾ ਕਾਰੋਬਾਰ ਸਸਤਾ ਹੋ ਸਕਦਾ ਹੈ ਅਤੇ ਉਹ ਇਸ ਨੂੰ ਅੱਗੇ ਵੀ ਜਾਰੀ ਰੱਖ ਸਕਣਗੇ। ਪਰ ਹੁਣ ਸਰਕਾਰ ਵੱਲੋਂ ਕੁੱਲ ਰੈਵੇਨਿਊ 'ਤੇ ਸਾਢੇ ਛੇ ਫੀਸਦੀ ਵਾਧਾ ਕਰਨ ਤੋਂ ਬਾਅਦ ਠੇਕੇ ਲੈਣ ਜਾਂ ਨਾ ਲੈਣ ਬਾਰੇ ਠੇਕੇਦਾਰਾਂ ਵਿਚਕਾਰ ਲਗਾਤਾਰ ਮੀਟਿੰਗਾਂ ਦਾ ਦੌਰ ਜਾਰੀ ਹੈ। ਪੰਜਾਬ ਸਰਕਾਰ ਦੇ ਐਕਸਾਈਜ਼ ਵਿਭਾਗ ਵੱਲੋਂ ਰੈਵੇਨਿਊ ਵਿੱਚ ਸਾਢੇ ਛੇ ਫੀਸਦੀ ਵਾਧੇ ਦੇ ਨਾਲ ਹੋਰ ਕਰੀਬ 0.6 ਫੀਸਦੀ ਐਡ-ਆਨ ਚਾਰਜ ਵੀ ਲਗਾਇਆ ਗਿਆ ਹੈ। ਇਸ ਅਧੀਨ ਮੌਜੂਦਾ ਠੇਕੇਦਾਰ ਆਨਲਾਈਨ ਪੋਰਟਲ ਰਾਹੀਂ ਹੀ ਆਪਣੇ ਠੇਕੇ ਰਿਨਿਊ ਕਰਵਾਉਣ ਲਈ ਅਰਜ਼ੀਆਂ ਦੇ ਸਕਣਗੇ। ਇਸ ਪ੍ਰਕਿਰਿਆ ਦੌਰਾਨ ਹੀ ਇਹ ਸਪਸ਼ਟ ਹੋਵੇਗਾ ਕਿ ਕਿੰਨੇ ਠੇਕੇਦਾਰ ਆਪਣੇ ਠੇਕੇ ਮੁੜ ਰਿਨਿਊ ਕਰਵਾਉਣ ਵਿੱਚ ਦਿਲਚਸਪੀ ਦਿਖਾਉਂਦੇ ਹਨ।

# ਚੰਡੀਗੜ੍ਹ 'ਚ ਹਾਕੀ ਖਿਡਾਰਣ ਦਾ ਬੇਰਹਿਮੀ ਨਾਲ ਕਤਲ, ਭੂਆ ਦੇ ਮੁੰਡੇ ਨੇ ਮਾਰੇ ਚਾਕੂ

**ਕੌਮੀ ਪੱਤ੍ਰਿਕਾ**

ਚੰਡੀਗੜ੍ਹ 19 ਮਾਰਚ। ਇੱਥੇ ਸੈਕਟਰ-38 'ਚ ਜਾਇਦਾਦੀ ਝਗੜੇ ਨੇ ਖੂਨੀ ਰੂਪ ਧਾਰ ਲਿਆ, ਜਿੱਥੇ ਰਾਜ ਪੱਧਰੀ ਮਹਿਲਾ ਹਾਕੀ ਖਿਡਾਰਣ ਤਾਨੀਆ ਦਾ ਚਾਕੂ ਮਾਰ ਕੇ ਕਤਲ ਕਰ ਦਿੱਤਾ ਗਿਆ। ਘਟਨਾ ਤੋਂ ਬਾਅਦ ਇਲਾਕੇ 'ਚ ਸਨਸਨੀ ਫੈਲ ਗਈ। ਪੁਲਸ ਨੇ ਮ੍ਰਿਤਕਾ ਦੇ ਪਿਤਾ ਦੀ ਸ਼ਿਕਾਇਤ 'ਤੇ ਮਾਮਲਾ ਦਰਜ ਕਰਕੇ ਮੁਲਜ਼ਮਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਤਾਨੀਆ ਦੇ ਪਿਤਾ ਰਵੀ ਨੇ ਪੁਲਸ ਨੂੰ ਦੱਸਿਆ ਕਿ ਉਹ ਸੈਕਟਰ-38 'ਚ ਪਰਿਵਾਰ ਸਮੇਤ ਰਹਿੰਦਾ ਹੈ ਅਤੇ ਆਟੋ ਚਲਾਉਂਦਾ ਹੈ। ਘਰ ਦੀ ਪਹਿਲੀ ਮੰਜ਼ਿਲ 'ਤੇ ਉਸ ਦੀ ਭੈਣ ਆਪਣੇ ਬੱਚਿਆਂ ਨਾਲ ਰਹਿੰਦੀ ਹੈ। ਦੋਵੇਂ ਪਰਿਵਾਰਾਂ 'ਚ ਘਰ ਦੀ ਮਲਕੀਅਤ ਨੂੰ ਲੈ ਕੇ ਕਾਫੀ ਸਮੇਂ ਤੋਂ ਵਿਵਾਦ ਚੱਲ ਰਿਹਾ ਸੀ ਅਤੇ ਇਸ ਗੱਲ ਨੂੰ ਲੈ ਕੇ ਅਕਸਰ ਝਗੜੇ ਵੀ ਹੁੰਦੇ ਰਹਿੰਦੇ ਸਨ। ਰਵੀ ਮੁਤਾਬਕ ਭੈਣ ਦਾ ਪੁੱਤਰ ਕ੍ਰਿਸ਼ਨ ਘਰ ਦੇ ਕਬਜ਼ੇ ਨੂੰ ਲੈ ਕੇ ਅਕਸਰ ਝਗੜਾ ਕਰਦਾ ਸੀ। ਵੀਰਵਾਰ ਦੁਪਹਿਰ ਵੀ ਇਸੇ ਗੱਲ ਨੂੰ ਲੈ ਕੇ ਤਕਰਾਰ ਹੋ ਗਈ। ਰਵੀ ਜਦੋਂ ਮਾਮਲਾ ਸੁਲਝਾਉਣ ਲਈ ਪਹਿਲੀ ਮੰਜ਼ਿਲ 'ਤੇ ਗਿਆ ਤਾਂ ਕੁੱਝ ਸਮੇਂ ਬਾਅਦ ਵਾਪਸ ਹੇਠਾਂ ਆਉਣ ਲੱਗਾ। ਇਸ ਦੌਰਾਨ ਉਸ ਦੀ ਧੀ ਤਾਨੀਆ ਉੱਪਰ ਆ ਰਹੀ ਸੀ। ਦੋਸ਼ ਹੈ ਕਿ ਕ੍ਰਿਸ਼ਨ, ਗੰਗਨ, ਅਨੀਕੇਤ, ਨਵੀਨ ਤੇ ਟੀਨਾ ਨੇ ਮਿਲ ਕੇ ਤਾਨੀਆ 'ਤੇ ਹਮਲਾ ਕਰ ਦਿੱਤਾ। ਝਗੜੇ ਦੌਰਾਨ ਕ੍ਰਿਸ਼ਨ ਨੇ ਤਾਨੀਆ ਦੀ ਕਮਰ ਕੋਲ ਚਾਕੂ ਨਾਲ ਵਾਰ ਕਰ ਦਿੱਤਾ। ਗੰਭੀਰ ਜ਼ਖਮੀ ਤਾਨੀਆ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਪਰ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਕਰਾਰ ਦਿੱਤਾ। ਸੂਚਨਾ ਮਿਲਣ 'ਤੇ ਸੈਕਟਰ-39 ਥਾਣਾ ਪੁਲਸ



ਮੌਕੇ 'ਤੇ ਪਹੁੰਚੀ ਤੇ ਫੋਰੈਂਸਿਕ ਮੋਬਾਇਲ ਟੀਮ ਨੇ ਮੌਕੇ ਤੋਂ ਸਬੂਤ ਇਕੱਠੇ ਕੀਤੇ। ਪੁਲਸ ਨੇ ਕੇਸ ਦਰਜ ਕਰਕੇ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਸ਼ੁਰੂ ਕਰ ਦਿੱਤੀ ਹੈ। ਰਵੀ ਨੇ ਦੱਸਿਆ ਕਿ ਉਸ ਦੇ ਪੰਜ ਬੱਚੇ ਹਨ ਅਤੇ ਤਾਨੀਆ ਗ੍ਰੈਜੂਏਟ ਹੋਣ ਦੇ ਨਾਲ ਰਾਜ ਪੱਧਰੀ ਹਾਕੀ ਖਿਡਾਰਣ ਸੀ। ਉਹ ਜਲਦ ਹੀ ਰਾਜ ਪੱਧਰੀ ਮੁਕਾਬਲੇ 'ਚ ਹਿੱਸਾ ਲੈਣ ਲਈ ਜਾਣ ਵਾਲੀ ਸੀ ਪਰ ਇਸ ਤੋਂ ਪਹਿਲਾਂ ਹੀ ਇਹ ਦਰਦਨਾਕ ਘਟਨਾ ਵਾਪਰ ਗਈ, ਜਿਸ ਨਾਲ ਪਰਿਵਾਰ 'ਚ ਸੋਗ ਦੀ ਲਹਿਰ ਦੌੜ ਗਈ।

## ਪੰਜਾਬ ਅੰਦਰ ਸਰਕਾਰੀ ਬੱਸਾਂ 'ਚ ਸਫਰ ਕਰਨ ਵਾਲੇ ਸਾਵਧਾਨ, ਭਲਕੇ ਲਈ ਹੋ ਗਿਆ ਵੱਡਾ ਐਲਾਨ

ਪਟਿਆਲਾ 19 ਮਾਰਚ। ਪੰਜਾਬ ਅੰਦਰ ਸਰਕਾਰੀ ਬੱਸਾਂ ਵਿਚ ਸਫਰ ਕਰਨ ਵਾਲਿਆਂ ਲਈ ਅਹਿਮ ਖਬਰ ਹੈ ਕਿਉਂਕਿ ਪਨਬਸ ਤੇ ਪੀਆਰਟੀਸੀ ਦੇ ਠੇਕਾ ਮੁਲਾਜ਼ਮਾਂ ਨੇ ਮੁੜ ਤੋਂ ਸੰਘਰਸ਼ ਦਾ ਬਿਗੁਲ ਵਜਾ ਦਿੱਤਾ ਹੈ। ਤਾਜ਼ਾ ਜਾਣਕਾਰੀ ਮੁਤਾਬਕ ਮੁਲਾਜ਼ਮਾਂ ਨੇ ਐਲਾਨ ਕੀਤਾ ਹੈ ਕਿ 19 ਮਾਰਚ ਸ਼ੁੱਕਰਵਾਰ ਨੂੰ ਸਾਰੇ ਡਿਪੂਆਂ ਅੱਗੇ ਗੇਟ ਰੈਲੀ ਕੀਤੀ ਜਾਵੇਗੀ। ਇਸ ਤੋਂ ਇਲਾਵਾ 11 ਮੁਲਾਜ਼ਮ ਸੋਮਵਾਰ ਤੋਂ ਹਰ ਰੋਜ਼ 9 ਤੋਂ 5 ਵਜੇ ਤੱਕ ਭੁੱਖ ਹੜਤਾਲ ਕਰਨਗੇ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਘਰਾਂ ਤੋਂ ਗ੍ਰਿਫ਼ਤਾਰ ਕੀਤਾ ਗਿਆ ਸੀ, ਜਿਸ ਤੋਂ ਬਾਅਦ ਜਦੋਂ ਹੜਤਾਲ




ਸ਼ੁਰੂ ਹੋਈ ਤਾਂ ਉਨ੍ਹਾਂ ਨੂੰ ਜੇਲ੍ਹ ਭੇਜ ਦਿੱਤਾ ਗਿਆ। ਇਸ ਤੋਂ ਬਾਅਦ ਕੁਝ ਮੁਲਾਜ਼ਮ 307 ਦੇ ਮਾਮਲੇ ਵਿਚ ਸੰਗਰੂਰ ਜੇਲ੍ਹ ਵਿਚ ਹਿਰਾਸਤ ਵਿਚ ਹਨ। ਉਨ੍ਹਾਂ ਨੂੰ ਛੁਡਵਾਉਣ ਲਈ ਦੁਬਾਰਾ ਧਰਨੇ ਪ੍ਰਦਰਸ਼ਨ ਕੀਤੇ ਜਾਣਗੇ। ਮੁਲਾਜ਼ਮਾਂ ਨੇ ਕਿਹਾ ਕਿ ਇਸ ਵੇਲੇ ਕਾਰਪੋਰੇਟ ਘਰਾਣਿਆਂ ਦੀਆਂ ਬੱਸਾਂ ਨੂੰ ਕਿਲੋਮੀਟਰ ਸਕੀਮ ਵਿਚ ਸ਼ਾਮਲ ਕਰਨ ਲਈ ਕਿਹਾ ਜਾ ਰਿਹਾ ਹੈ। ਇਕ ਨਵੀਂ ਬੱਸ ਦੀ ਕੀਮਤ 33, 34 ਲੱਖ ਰੁਪਏ ਹੈ ਪਰ ਪ੍ਰਾਈਵੇਟ ਲੋਕ 5 ਸਾਲਾਂ ਵਿਚ ਸਰਕਾਰੀ ਖਜ਼ਾਨੇ ਵਿਚੋਂ 3 ਤੋਂ 4 ਕਰੋੜ ਰੁਪਏ ਲੈ ਜਾਂਦੇ ਹਨ। ਮੁਲਾਜ਼ਮਾਂ ਨੇ ਦੱਸਿਆ ਕਿ ਕਿਸੇ ਵੀ ਪ੍ਰੋਗਰਾਮ ਦੌਰਾਨ ਯੂਨੀਅਨ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫ਼ਤਾਰ ਕੀਤਾ ਜਾਂਦਾ ਹੈ ਜਾਂ ਘਰ ਵਿਚ ਨਜ਼ਰਬੰਦ ਕਰ ਦਿੱਤਾ ਜਾਂਦਾ ਹੈ। ਮੁਲਾਜ਼ਮਾਂ ਨੇ ਕਿਹਾ ਕਿ ਵਾਰ ਵਾਰ ਭਰੋਸੇ ਦੇ ਬਾਵਜੂਦ ਵੀ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨੀਆਂ ਜਾ ਰਹੀਆਂ, ਜਿਸ ਦੇ ਚੱਲਦੇ ਉਹ ਮੁੜ ਪ੍ਰਦਰਸ਼ਨ ਨੂੰ ਮਜਬੂਰ ਹਨ।

## 'ਸ਼ੱਕੀ' ਕਹਿ ਕੇ ਨੋਟ ਜਮਹਾਂ ਕਰਨ ਤੋਂ ਕੀਤਾ ਸੀ ਇਨਕਾਰ

ਬਿਜ਼ਨੈੱਸ ਡੈਸਕ 19 ਮਾਰਚ। ਨੋਟਬੰਦੀ ਦੌਰਾਨ ਇੱਕ ਕੰਪਨੀ ਦੇ ਕਰੋੜਾਂ ਰੁਪਏ ਜਮ?ਹਾਂ ਕਰਨ ਤੋਂ ਇਨਕਾਰ ਕਰਨਾ ਐਕਸਿਸ ਬੈਂਕ ਨੂੰ ਕਾਫੀ ਮਹਿੰਗਾ ਪੈ ਗਿਆ ਹੈ। ਸੂਤਰਾਂ ਅਨੁਸਾਰ, ਨੈਸ਼ਨਲ ਕੰਜ਼ਿਊਮਰ ਡਿਸਪਿਊਟਸ ਰਿਡਰੈਸਲ ਕਮਿਸ਼ਨ ਨੇ ਬੈਂਕ ਨੂੰ ਹੁਕਮ ਦਿੱਤਾ ਹੈ ਕਿ ਉਹ ਦਿੱਲੀ ਦੀ ਇੱਕ ਕੰਪਨੀ ਨੂੰ 3.2 ਕਰੋੜ ਰੁਪਏ ਦੀ ਰਾਸ਼ੀ 6 ਫੀਸਦੀ ਵਿਆਜ ਸਮੇਤ ਅਦਾ ਕਰੇ। ਸਾਲ 2016 ਵਿੱਚ ਜਦੋਂ ਕੇਂਦਰ ਸਰਕਾਰ ਨੇ 500 ਅਤੇ 1000 ਰੁਪਏ ਦੇ ਨੋਟਾਂ 'ਤੇ ਪਾਬੰਦੀ ਲਗਾਈ ਸੀ, ਉਸ ਦੌਰਾਨ ਦਿੱਲੀ ਦੀ ਇੱਕ ਕੰਪਨੀ 'ਪ੍ਰੋਕਿਊਰ ਲੋਜਿਸਟਿਕ ਸਰਵਿਸਿਜ਼ ਪ੍ਰਾਈਵੇਟ ਲਿਮਟਿਡ' ਆਪਣੇ 3.2 ਕਰੋੜ ਰੁਪਏ ਐਕਸਿਸ ਬੈਂਕ ਵਿੱਚ ਜਮ?ਹਾਂ ਕਰਵਾਉਣਾ ਚਾਹੁੰਦੀ ਸੀ। ਬੈਂਕ ਨੇ ਇਸ ਰਕਮ ਨੂੰ 'ਸ਼ੱਕੀ' ਦੱਸਦਿਆਂ ਜਮ?ਹਾਂ ਕਰਨ ਤੋਂ ਇਨਕਾਰ ਕਰ ਦਿੱਤਾ ਸੀ। ਬੈਂਕ ਦੇ ਇਸ ਫੈਸਲੇ ਕਾਰਨ ਨੋਟਬੰਦੀ ਦੀ ਮਿਆਦ ਖਤਮ ਹੋਣ ਤੋਂ ਬਾਅਦ ਕੰਪਨੀ ਦਾ ਇਹ ਪੈਸਾ ਮਹਿਜ਼ ਰੱਦੀ ਬਣ ਕੇ ਰਹਿ ਗਿਆ, ਜਿਸ ਨਾਲ ਕੰਪਨੀ ਨੂੰ ਭਾਰੀ ਵਿੱਤੀ ਨੁਕਸਾਨ ਹੋਇਆ। ਬੈਂਕ ਨੇ ਕਮਿਸ਼ਨ ਅੱਗੇ ਦਲੀਲ ਦਿੱਤੀ ਸੀ ਕਿ ਕੰਪਨੀ ਦਾ ਪੈਸਾ ਸ਼ੱਕੀ ਸੀ ਅਤੇ ਉਨ੍ਹਾਂ ਨੇ ਖਾਤੇ ਨੂੰ 'ਹਾਈ ਰਿਸਕ' ਸ਼੍ਰੇਣੀ ਵਿੱਚ ਰੱਖਿਆ ਸੀ। ਹਾਲਾਂਕਿ, ਕਮਿਸ਼ਨ ਨੇ ਬੈਂਕ ਦੀ ਇਸ ਕਾਰਵਾਈ ਨੂੰ ਗਲਤ ਠਹਿਰਾਇਆ। ਕਮਿਸ਼ਨ ਅਨੁਸਾਰ: ਬੈਂਕ ਨੇ ਇਕਤਰਫਾ ਕਾਰਵਾਈ ਕਰਦੇ ਹੋਏ ਕੰਪਨੀ ਨੂੰ ਪੈਸੇ ਜਮ?ਹਾਂ ਕਰਨ ਤੋਂ ਰੋਕਿਆ, ਜਦੋਂ ਕਿ ਕੰਪਨੀ ਕੇਵਾਈਸੀ ਨਿਯਮਾਂ ਦੀ ਪਾਲਣਾ ਕਰ ਰਹੀ ਸੀ। ਜੇਕਰ ਬੈਂਕ ਨੂੰ ਨਕਦੀ 'ਤੇ ਕੋਈ ਸ਼ੱਕ ਸੀ, ਤਾਂ ਨਿਯਮਾਂ ਮੁਤਾਬਕ ਉਨ੍ਹਾਂ ਨੂੰ ਪੈਸੇ ਜਮ?ਹਾਂ ਕਰਕੇ ਸਬੰਧਤ ਅਧਿਕਾਰੀਆਂ ਨੂੰ ਰਿਪੋਰਟ ਕਰਨੀ ਚਾਹੀਦੀ ਸੀ। ਬੈਂਕ ਦਾ ਇਹ ਫੈਸਲਾ ਸਰਕਾਰ ਦੀਆਂ ਨੀਤੀਆਂ ਅਤੇ ਆਰਬੀਆਈ ਦੇ ਨਿਰਦੇਸ਼ਾਂ ਦੀ ਸਿੱਧੀ ਉਲੰਘਣਾ ਸੀ। ਕਮਿਸ਼ਨ ਨੇ ਸਪੱਸ਼ਟ ਕੀਤਾ ਕਿ ਕੰਪਨੀ ਨੇ ਨੋਟਬੰਦੀ ਦੌਰਾਨ 1.3 ਕਰੋੜ ਰੁਪਏ ਜਮ?ਹਾਂ ਕਰਵਾ ਦਿੱਤੇ ਸਨ, ਪਰ ਬਾਕੀ ਰਕਮ ਜਮ?ਹਾਂ ਕਰਨ ਤੋਂ ਬੈਂਕ ਨੇ ਰੋਕ ਦਿੱਤਾ ਸੀ।

# ਕੀ ਸਾਦੇ ਕਾਗਜ਼ 'ਤੇ ਲਿਖੀ ਵਸੀਅਤ ਕਾਨੂੰਨੀ ਤੌਰ 'ਤੇ ਜਾਇਜ਼ ਹੈ? ਜਾਣੋ ਕੀ ਕਹਿੰਦਾ ਹੈ ਭਾਰਤੀ ਕਾਨੂੰਨ

**ਕੌਮੀ ਪੱਤ੍ਰਿਕਾ**

ਵੈੱਬ ਡੈਸਕ 19 ਮਾਰਚ। ਜਾਇਦਾਦ ਦੀ ਵੰਡ ਨੂੰ ਲੈ ਕੇ ਅਕਸਰ ਲੋਕਾਂ ਦੇ ਮਨ 'ਚ ਇਹ ਡਰ ਰਹਿੰਦਾ ਹੈ ਕਿ ਜੇਕਰ ਵਸੀਅਤ ਕੋਰਟ ਦੇ ਸਟੈਂਪ ਪੇਪਰ 'ਤੇ ਨਹੀਂ ਲਿਖੀ ਗਈ, ਤਾਂ ਉਹ ਮਹਿਜ਼ ਰੱਦੀ ਦਾ ਟੁਕੜਾ ਹੈ। ਕਈ ਬਜ਼ੁਰਗ ਆਪਣੀ ਆਖਰੀ ਇੱਛਾ ਸਾਦੇ ਕਾਗਜ਼ 'ਤੇ ਲਿਖ ਤਾਂ ਦਿੰਦੇ ਹਨ, ਪਰ ਪਰਿਵਾਰ ਵਾਲੇ ਉਸ ਨੂੰ ਕਾਨੂੰਨੀ ਤੌਰ 'ਤੇ ਕਮਜ਼ੋਰ ਮੰਨ ਲੈਂਦੇ ਹਨ। ਪਰ ਅਸਲੀਅਤ ਇਹ ਹੈ ਕਿ ਭਾਰਤੀ ਕਾਨੂੰਨ ਸਾਦੇ ਕਾਗਜ਼ 'ਤੇ ਹੱਥ ਨਾਲ ਲਿਖੀ ਵਸੀਅਤ ਨੂੰ ਵੀ ਉਨੀ ਹੀ ਅਹਿਮੀਅਤ ਦਿੰਦਾ ਹੈ ਜਿੰਨੀ ਕਿਸੇ ਰਜਿਸਟਰਡ ਦਸਤਾਵੇਜ਼ ਨੂੰ, ਬਸ਼ਰਤੇ ਇਕ ਜ਼ਰੂਰੀ ਕਾਨੂੰਨੀ ਸ਼ਰਤ ਪੂਰੀ ਕੀਤੀ ਗਈ ਹੋਵੇ। ਭਾਰਤੀ ਉਤਰਾਧਿਕਾਰ ਐਕਟ ਦੇ ਨਿਯਮ ਬਹੁਤ ਲਚਕਦਾਰ ਹਨ। ਵਸੀਅਤ ਬਣਾਉਣ ਲਈ ਤੁਹਾਨੂੰ ਨਾ ਤਾਂ ਮਹਿੰਗੇ ਵਕੀਲ ਦੀ ਲੋੜ ਹੈ ਅਤੇ ਨਾ ਹੀ ਕਿਸੇ ਵਿਸ਼ੇਸ਼ ਫਾਰਮ ਜਾਂ ਸਟੈਂਪ ਪੇਪਰ ਦੀ। ਜੇਕਰ ਕੋਈ ਵਿਅਕਤੀ ਆਪਣੇ ਪੂਰੇ ਹੋਸ਼-ਓ-ਹਵਾਸ 'ਚ ਇਕ ਸਧਾਰਨ ਪੰਨੇ 'ਤੇ ਇਹ ਲਿਖ ਦਿੰਦਾ ਹੈ ਕਿ ਉਸ ਤੋਂ ਬਾਅਦ ਉਸ ਦੀ ਜਾਇਦਾਦ ਦਾ ਮਾਲਕ ਕੌਣ ਹੋਵੇਗਾ, ਤਾਂ ਉਹ ਇਕ ਪੱਕਾ



ਕਾਨੂੰਨੀ ਦਸਤਾਵੇਜ਼ ਮੰਨਿਆ ਜਾਂਦਾ ਹੈ। ਇਸ ਨੂੰ ਰਜਿਸਟਰ ਕਰਵਾਉਣਾ ਵੀ ਲਾਜ਼ਮੀ ਨਹੀਂ ਹੈ, ਯਾਨੀ ਘਰ ਬੈਠੇ ਲਿਖੀ ਗਈ ਚਿੱਠੀ ਵੀ ਵਸੀਅਤ ਦਾ ਕੰਮ ਕਰ ਸਕਦੀ ਹੈ। ਸਾਦੇ ਕਾਗਜ਼ 'ਤੇ ਲਿਖੀ ਗਈ ਇਸ ਵਸੀਅਤ ਦੀ ਸਭ ਤੋਂ ਵੱਡੀ ਤਾਕਤ 'ਗਵਾਹਾਂ' ਦੇ ਦਸਤਖਤ ਹੁੰਦੇ ਹਨ। ਕਾਨੂੰਨ ਅਨੁਸਾਰ, ਵਸੀਅਤ ਲਿਖਣ ਵਾਲੇ ਦੇ ਸਾਈਨ ਦੇ ਨਾਲ-ਨਾਲ ਘੱਟੋ-ਘੱਟ 2 ਚਸ਼ਮਦੀਦ ਗਵਾਹਾਂ ਦੇ ਦਸਤਖਤ ਉਸ 'ਤੇ ਹੋਣੇ ਲਾਜ਼ਮੀ ਹਨ। ਜੇਕਰ ਵਸੀਅਤ 'ਤੇ ਗਵਾਹਾਂ ਦੀ ਗਵਾਹੀ ਦਰਜ ਨਹੀਂ ਹੈ, ਤਾਂ ਉਹ ਕਾਗਜ਼ ਅਦਾਲਤ 'ਚ ਟਿਕ ਨਹੀਂ ਸਕੇਗਾ ਅਤੇ ਉਸ ਦੀ ਕਾਨੂੰਨੀ ਕੀਮਤ ਸਿਫ਼ਰ (ਜ਼ੀਰੋ) ਹੋ ਜਾਂਦੀ ਹੈ। ਜੇਕਰ ਕਿਸੇ ਬਜ਼ੁਰਗ ਨੇ ਆਪਣੀ ਇੱਛਾ ਤਾਂ ਲਿਖ ਦਿੱਤੀ ਪਰ ਉਸ 'ਤੇ ਗਵਾਹਾਂ ਦੇ ਸਾਈਨ ਨਹੀਂ ਕਰਵਾਏ, ਤਾਂ ਉਨ੍ਹਾਂ ਦੀ ਮੌਤ ਤੋਂ ਬਾਅਦ ਉਸ ਕਾਗਜ਼ ਨੂੰ ਨਜ਼ਰਅੰਦਾਜ਼ ਕਰ ਦਿੱਤਾ ਜਾਵੇਗਾ। ਅਜਿਹੀ ਸਥਿਤੀ 'ਚ, ਜਾਇਦਾਦ ਦੀ ਵੰਡ ਉਸ ਕਾਗਜ਼ ਦੇ ਹਿਸਾਬ ਨਾਲ ਨਹੀਂ, ਸਗੋਂ ਕਾਨੂੰਨ ਦੇ ਆਮ ਨਿਯਮਾਂ ਮੁਤਾਬਕ ਹੋਵੇਗੀ। ਇਸ ਦਾ ਮਤਲਬ ਹੈ ਕਿ ਵਸੀਅਤ 'ਚ ਜਿਸ ਨੂੰ ਜ਼ਿਆਦਾ ਹਿੱਸਾ ਦੇਣ ਦੀ ਇੱਛਾ ਸੀ, ਉਸ ਨੂੰ ਕੁਝ ਨਹੀਂ ਮਿਲੇਗਾ ਅਤੇ ਜਾਇਦਾਦ ਸਾਰੇ ਕਾਨੂੰਨੀ ਵਾਰਸਾਂ 'ਚ ਬਰਾਬਰ ਵੰਡ ਦਿੱਤੀ ਜਾਵੇਗੀ। ਇਸ ਲਈ, ਵਸੀਅਤ ਚਾਹੇ ਹੱਥ ਨਾਲ ਲਿਖੋ ਜਾਂ ਟਾਈਪ ਕਰਵਾਓ, ਦੋ ਗਵਾਹਾਂ ਦੇ ਸਾਈਨ ਲੈਣਾ ਕਦੇ ਨਾ ਭੁੱਲੋ।

# ਬਠਿੰਡਾ 'ਚ ਪੰਜਾਬ ਸਰਕਾਰ ਖ਼ਿਲਾ.ਫ ਗਰਜੇ ਹਜ਼ਾਰਾਂ ਕਿਸਾਨ-ਮਜ਼ਦੂਰ, ਇਕੱਠੇ ਹੋ ਕੇ ਲਾਇਆ ਧਰਨਾ

**ਕੌਮੀ ਪੱਤ੍ਰਿਕਾ**

ਬਠਿੰਡਾ 19 ਮਾਰਚ। ਇੱਥੇ ਪੁਲਸ ਪ੍ਰਸ਼ਾਸਨ ਵੱਲੋਂ ਪਿਛਲੇ ਦਿਨੀਂ ਪਿੰਡ ਜਿਉਂਦ 'ਚ ਕਿਸਾਨਾਂ 'ਤੇ ਕੀਤੇ ਗਏ ਜਬਰ ਦੇ ਵਿਰੋਧ 'ਚ ਵੱਡੀ ਗਿਣਤੀ 'ਚ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਹੋਰ ਜਨਤਕ ਸੰਗਠਨਾਂ ਨੇ ਇਕ ਵਿਸ਼ਾਲ ਰੋਸ ਰੈਲੀ ਕੀਤੀ। ਇਸ ਰੈਲੀ 'ਚ ਹਜ਼ਾਰਾਂ ਦੀ ਗਿਣਤੀ 'ਚ ਵਰਕਰਾਂ ਨੇ ਹਿੱਸਾ ਲਿਆ ਅਤੇ ਬਠਿੰਡਾ ਪੁਲਸ ਪ੍ਰਸ਼ਾਸਨ, ਖ਼ਾਸ ਕਰਕੇ ਐੱਸ. ਐੱਸ. ਪੀ. ਖ਼?ਲਾਫ਼ ਪੁਲਸ ਕੇਸ ਦਰਜ ਕਰਨ ਦੀ ਮੰਗ ਕੀਤੀ। ਇਸ ਤੋਂ ਬਾਅਦ ਸੰਗਠਨਾਂ ਵੱਲੋਂ ਸ਼ਹਿਰ 'ਚ ਰੋਸ ਮਾਰਚ ਵੀ ਕੀਤਾ ਗਿਆ। ਧਰਨੇ ਦੌਰਾਨ ਵੱਖ-ਵੱਖ ਸੰਗਠਨਾਂ ਦੇ ਆਗੂਆਂ ਤੋਂ ਇਲਾਵਾ ਪੁਲਸ ਜਬਰ ਦਾ ਸ਼ਿਕਾਰ ਹੋਏ ਕਿਸਾਨ ਚਰਨਜੀਤ ਸਿੰਘ ਵਾਸੀ ਮਾੜੀ ਅਤੇ ਪੁਲਸ ਲਾਠੀਚਾਰਜ 'ਚ ਜ਼ਖ਼ਮੀ ਹੋਏ ਹੋਰ ਕਿਸਾਨਾਂ ਨੇ ਵੀ ਸ਼ਮੂਲੀਅਤ ਕੀਤੀ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਕਿਸਾਨਾਂ-ਮਜ਼ਦੂਰਾਂ ਤੋਂ ਇਲਾਵਾ ਹਰ



ਆਮ ਇਨਸਾਨ ਦੀ ਆਵਾਜ਼ ਨੂੰ ਲਾਠੀ ਅਤੇ ਗੋਲੀ ਦੇ ਜ਼ੋਰ ਨਾਲ ਦਬਾਉਣਾ ਚਾਹੁੰਦਾ ਹੈ ਪਰ ਸਰਕਾਰ ਦੀ ਇਸ ਤਰ੍ਹਾਂ ਦੀ ਮਨਸ਼ਾ ਨੂੰ ਲੋਕ ਕਦੇ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਧਰਨੇ-ਪ੍ਰਦਰਸ਼ਨਾਂ ਤੋਂ ਨਿਕਲੀ ਪਾਰਟੀ ਹੋਣ ਦਾ ਦਾਅਵਾ ਕਰਨ ਵਾਲੀ ਆਮ ਆਦਮੀ ਪਾਰਟੀ ਨੂੰ ਹੁਣ ਆਮ ਲੋਕਾਂ ਦੇ ਧਰਨਿਆਂ ਤੋਂ ਹੀ ਡਰ ਲੱਗਣ ਲੱਗ ਪਿਆ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਬਠਿੰਡਾ ਪੁਲਸ ਨੂੰ ਸਰਕਾਰ ਵੱਲੋਂ ਖ਼ਾਸ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਇਸ ਸਾਰੇ ਇਲਾਕੇ 'ਚ ਸਰਕਾਰ ਖ਼?ਲਾਫ਼ ਉੱਠਣ ਵਾਲੀ ਹਰ ਆਵਾਜ਼ ਨੂੰ ਸਖ਼ਤੀ ਨਾਲ ਦਬਾਇਆ ਜਾਵੇ। ਉਨ੍ਹਾਂ ਕਿਹਾ ਕਿ ਐੱਸ. ਐੱਸ. ਪੀ. ਬਠਿੰਡਾ ਦੇ ਪਿੱਛੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਹੱਥ ਹੈ।

## ਬੋਰਡ ਪ੍ਰੀਖਿਆ ਦੇ ਕੇ ਨਿਕਲੀਆਂ 6 ਵਿਦਿਆਰਥਣਾਂ ਲਾਪਤਾ, ਇਲਾਕੇ 'ਚ ਮਚਿਆ ਹੜਕੰਪ

ਬਿਜਨੌਰ 19 ਮਾਰਚ। ਉੱਤਰ ਪ੍ਰਦੇਸ਼ 'ਚ ਬਿਜਨੌਰ ਜ਼ਿਲ੍ਹੇ ਦੇ ਚਾਂਦਪੁਰ ਤਹਿਸੀਲ ਖੇਤਰ 'ਚ ਇੰਟਰਮੀਡੀਏਟ ਬੋਰਡ (12ਵੀਂ ਬੋਰਡ) ਦੀ ਪ੍ਰੀਖਿਆ ਦੇਣ ਤੋਂ ਬਾਅਦ 6 ਵਿਦਿਆਰਥਣਾਂ ਦੇ ਲਾਪਤਾ ਹੋਣ ਦਾ ਮਾਮਲਾ ਸਾਹਮਣੇ ਆਇਆ ਹੈ। ਦੱਸਿਆ ਗਿਆ ਕਿ ਵੀਰਵਾਰ ਸ਼ਾਮ ਸੰਸਕ੍ਰਿਤ ਵਿਸ਼ੇ ਦੀ ਪ੍ਰੀਖਿਆ ਖ਼ਤਮ ਹੋਣ ਮਗਰੋਂ ਵਿਦਿਆਰਥਣਾਂ ਪ੍ਰੀਖਿਆ ਕੇਂਦਰ ਤੋਂ ਨਿਕਲੀਆਂ ਪਰ ਘਰ ਨਹੀਂ ਪਹੁੰਚੀਆਂ, ਜਿਸ ਨਾਲ ਇਲਾਕੇ 'ਚ ਦਹਿਸ਼ਤ ਫੈਲ ਗਈ। ਪੁਲਸ ਅਨੁਸਾਰ ਲਾਪਤਾ ਵਿਦਿਆਰਥਣਾਂ 'ਚ ਰੋਨੀਆ ਪਿੰਡ ਦੀਆਂ 2, ਸਿਆਊ ਪਿੰਡ ਦੀਆਂ 2 ਅਤੇ ਚਾਂਦਪੁਰ ਨਗਰ ਦੀਆਂ 2 ਵਿਦਿਆਰਥਣਾਂ ਸ਼ਾਮਲ ਹਨ। ਪ੍ਰੀਖਿਆ ਸ਼ਾਮ ਕਰੀਬ 5.15 ਵਜੇ ਖ਼ਤਮ ਹੋਈ ਸੀ। ਦੇਰ ਰਾਤ ਤੱਕ ਘਰ ਨਾ ਪਹੁੰਚਣ 'ਤੇ ਪਰਿਵਾਰ ਵਾਲਿਆਂ ਨੇ ਭਾਲ ਸ਼ੁਰੂ ਕੀਤੀ ਪਰ ਕੋਈ ਸੁਰਾਗ ਨਹੀਂ ਮਿਲਿਆ। ਇਸ ਤੋਂ ਬਾਅਦ ਰਾਤ ਕਰੀਬ 10.30 ਵਜੇ ਪਰਿਵਾਰ ਵਾਲਿਆਂ ਨੇ ਚਾਂਦਪੁਰ ਥਾਣੇ 'ਚ ਸ਼ਿਕਾਇਤ ਦਰਜ ਕਰਵਾਈ, ਜਿਸ ਦੇ ਆਧਾਰ 'ਤੇ ਪੁਲਸ ਨੇ ਮਾਮਲਾ ਦਰਜ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ। ਪੁਲਸ ਖੇਤਰ ਅਧਿਕਾਰੀ ਚਾਂਦਪੁਰ ਦੇਸ਼ਦੀਪਕ ਸਿੰਘ ਨੇ ਦੱਸਿਆ ਕਿ ਵਿਦਿਆਰਥਣਾਂ ਦੀ ਭਾਲ ਲਈ ਆਪਰੇਸ਼ਨ ਗਰੁੱਪ (ਐੱਸਓਜੀ), ਸਰਵਿਲਾਂਸ ਅਤੇ ਸਥਾਨਕ ਪੁਲਸ ਦੀਆਂ ਕਈ ਟੀਮਾਂ ਗਠਿਤ ਕੀਤੀਆਂ ਗਈਆਂ ਹਨ। ਜਾਣਕਾਰੀ ਅਨੁਸਾਰ ਲਾਪਤਾ ਵਿਦਿਆਰਥਣਾਂ 'ਚੋਂ ਇਕ ਦੇ ਮੋਬਾਈਲ ਫੋਨ ਦੀ ਅੰਤਿਮ ਲੋਕੇਸ਼ਨ ਹਰਿਦੁਆਰ (ਉਤਰਾਖੰਡ) 'ਚ ਮਿਲੀ ਹੈ, ਜਿਸ ਦੇ ਆਧਾਰ 'ਤੇ ਪੁਲਸ ਉੱਥੇ ਰਵਾਨਾ ਕੀਤੀ ਗਈ ਹੈ। ਇਸ ਤੋਂ ਇਲਾਵਾ ਦਿੱਲੀ, ਕਾਸ਼ੀਪੁਰ ਅਤੇ ਰੁਦਰਪੁਰ ਸਮੇਤ ਹੋਰ ਖੇਤਰਾਂ 'ਚ ਵੀ ਪੁਲਸ ਦੀਆਂ ਟੀਮਾਂ ਭੇਜੀਆਂ ਗਈਆਂ ਹਨ। ਸ਼ੁੱਕਰਵਾਰ ਦੁਪਹਿਰ ਤੱਕ ਵਿਦਿਆਰਥਣਾਂ ਦਾ ਕੋਈ ਸੁਰਾਗ ਨਹੀਂ ਲੱਗ ਸਕਿਆ। ਘਟਨਾ ਨੂੰ ਲੈ ਕੇ ਖੇਤਰ 'ਚ ਗੁੱਸਾ ਫੈਲ ਗਿਆ ਹੈ ਅਤੇ ਵਿਦਿਆਰਥਣਾਂ ਦੀ ਸੁਰੱਖਿਅਤ ਵਾਪਸੀ ਦੀ ਮੰਗ ਨੂੰ ਲੈ ਕੇ ਕੁਝ ਸੰਗਠਨਾਂ ਅਤੇ ਸਥਾਨਕ ਲੋਕਾਂ ਨੇ ਥਾਣੇ ਦਾ ਘਿਰਾਅ ਕਰ ਕੇ ਪ੍ਰਦਰਸ਼ਨ ਕੀਤਾ। ਪੁਲਸ ਦਾ ਕਹਿਣਾ ਹੈ ਕਿ ਵੱਖ-ਵੱਖ ਬਿੰਦੂਆਂ 'ਤੇ ਜਾਂਚ ਕੀਤੀ ਜਾ ਰਹੀ ਹੈ ਅਤੇ ਜਲਦ ਹੀ ਵਿਦਿਆਰਥਣਾਂ ਦਾ ਪਤਾ ਲਗਾ ਲਿਆ ਜਾਵੇਗਾ।

## 'ਸਾਧੂ' ਬਣ ਕੇ ਬਜ਼ੁਰਗ ਮਹਿਲਾ ਨਾਲ ਠੱਗੀ, ਪੁਲਸ ਨੇ ਇਕ ਮੁਲਜ਼ਮ ਨੂੰ ਕੀਤਾ ਗ੍ਰਿ.ਫਤਾਰ

ਨਵੀਂ ਦਿੱਲੀ 19 ਮਾਰਚ। ਦਿੱਲੀ ਦੇ ਪੀਤਮਪੁਰਾ ਇਲਾਕੇ 'ਚ ਇੱਕ ਵਿਅਕਤੀ ਵੱਲੋਂ ਖੁਦ ਨੂੰ 'ਸਾਧੂ' ਦੱਸ ਕੇ ਇਕ 65 ਸਾਲਾ ਬਜ਼ੁਰਗ ਮਹਿਲਾ ਦੇ ਸੋਨੇ ਦੇ ਗਹਿਣੇ ਠੱਗਣ ਦਾ ਮਾਮਲਾ ਸਾਹਮਣੇ ਆਇਆ ਹੈ। ਪੁਲਸ ਨੇ ਇਸ ਮਾਮਲੇ 'ਚ ਮਿੱਥੁਨ ਨਾਮਕ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਉਸ ਕੋਲੋਂ ਮਹਿਲਾ ਦਾ ਇਕ ਸੋਨੇ ਦਾ ਗਹਿਣਾ ਵੀ ਬਰਾਮਦ ਕੀਤਾ ਹੈ। ਪੁਲਸ ਅਨੁਸਾਰ ਇਹ ਘਟਨਾ 3 ਮਾਰਚ ਨੂੰ ਉਸ ਸਮੇਂ ਵਾਪਰੀ ਜਦੋਂ ਪੀੜਤਾ ਰਾਜ ਰਾਣੀ ਆਪਣੇ ਘਰ ਦੇ ਕੰਮ ਨਿਪਟਾ ਕੇ ਵਾਪਸ ਆ ਰਹੀ ਸੀ। ਜਦੋਂ ਉਹ ਟਾਟਾ ਪਾਵਰ NDPL ਦਫ਼ਤਰ ਕੋਲ ਪਹੁੰਚੀ ਤਾਂ ਇਕ ਅਣਪਛਾਤੇ ਵਿਅਕਤੀ ਨੇ ਉਸ ਨੂੰ ਰੋਕ ਲਿਆ ਅਤੇ ਖੁਦ ਨੂੰ ਇੱਕ 'ਸਾਧੂ' ਵਜੋਂ ਪੇਸ਼ ਕਰਦਿਆਂ ਉਸਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦਾ ਦਾਅਵਾ ਕੀਤਾ। ਮਹਿਲਾ ਦਾ ਭਰੋਸਾ ਜਿੱਤਣ ਲਈ ਉੱਥੇ ਇਕ ਹੋਰ ਵਿਅਕਤੀ ਵੀ




ਆ ਗਿਆ, ਜਿਸ ਨੇ ਉਕਤ 'ਸਾਧੂ' ਤੋਂ ਮਦਦ ਮੰਗਣ ਦਾ ਨਾਟਕ ਕੀਤਾ। ਇਸ ਤੋਂ ਬਾਅਦ ਮੁਲਜ਼ਮਾਂ ਨੇ ਮਹਿਲਾ ਨੂੰ ਇਕ ਰਸਮ ਦੇ ਤੌਰ 'ਤੇ 151 ਕਦਮ ਚੱਲਣ ਲਈ ਕਿਹਾ। ਰਸਮ ਦੇ ਬਹਾਨੇ 'ਸਾਧੂ' ਨੇ ਮਹਿਲਾ ਨੂੰ ਆਪਣੇ ਸੋਨੇ ਦਾ ਲੌਕਿਟ ਅਤੇ ਕੰਨਾਂ ਦੀਆਂ ਵਾਲੀਆਂ ਦੂਜੇ ਵਿਅਕਤੀ ਨੂੰ ਫੜਾਉਣ ਲਈ ਕਿਹਾ। ਜਿਵੇਂ ਹੀ ਮਹਿਲਾ ਨੇ ਗਹਿਣੇ ਦਿੱਤੇ, ਦੋਵੇਂ ਮੁਲਜ਼ਮ ਉੱਥੋਂ ਫ਼ਰਾਰ ਹੋ ਗਏ। ਮਹਿਲਾ ਦੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਇਲਾਕੇ ਦੇ ਸੀਸੀਟੀਵੀ (33“੭) ਫੁਟੇਜ ਦੀ ਜਾਂਚ ਕੀਤੀ ਅਤੇ ਮੁਲਜ਼ਮ ਮਿੱਥੁਨ ਨੂੰ ਕਾਬੂ ਕਰ ਲਿਆ। ਜਾਂਚ 'ਚ ਸਾਹਮਣੇ ਆਇਆ ਕਿ ਮਿਥੁਨ ਪਹਿਲਾਂ ਵੀ ਉੱਤਰ ਪ੍ਰਦੇਸ਼ 'ਚ ਅਜਿਹੇ ਕਈ ਅਪਰਾਧਾਂ 'ਚ ਸ਼ਾਮਲ ਰਿਹਾ ਹੈ। ਪੁੱਛਗਿੱਛ ਦੌਰਾਨ ਉਸ ਨੇ ਕਬੂਲ ਕੀਤਾ ਕਿ ਉਸਨੇ ਆਪਣੇ ਸਾਥੀ ਨਾਲ ਮਿਲ ਕੇ ਬਜ਼ੁਰਗ ਮਹਿਲਾ ਨੂੰ ਨਿਸ਼ਾਨਾ ਬਣਾਇਆ ਸੀ। ਪੁਲਸ ਹੁਣ ਬਾਕੀ ਦੇ ਗਹਿਣਿਆਂ ਦੀ ਬਰਾਮਦਗੀ ਅਤੇ ਫ਼ਰਾਰ ਸਾਥੀ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਕਰ ਰਹੀ ਹੈ।

## ਪੰਜਾਬ 'ਚ ਵੱਡੀ ਵਾਰਦਾਤ ! ਵਿਅਕਤੀ ਦਾ ਤੇਜ਼ਧਾਰ ਹਥਿਆਰਾਂ ਨਾਲ ਕਤਲ

ਫਿਰੋਜ਼ਪੁਰ 19 ਅਪ੍ਰੈਲ। ਫਿਰੋਜ਼ਪੁਰ ਵਿਚ ਵੱਡੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ। ਫਿਰੋਜ਼ਪੁਰ ਸ਼ਹਿਰ ਦੇ ਸ਼ਮਸ਼ਾਨਘਾਟ ਦੀ ਰੋਡ 'ਤੇ ਇਕ ਕਾਲੋਨੀ ਵਿਚ ਤੇਜ਼ਧਾਰ ਹਥਿਆਰਾਂ ਨਾਲ ਕਤਲ ਕੀਤੀ ਵਿਅਕਤੀ ਦੀ ਖ਼ੂਨ ਨਾਲ ਲਥਪਥ ਲਾਸ਼ ਬਰਾਮਦ ਕੀਤੀ ਗਈ। ਮ੍ਰਿਤਕ ਦੀ ਪਛਾਣ ਦਿਆਲ ਸਿੰਘ ਵਾਸੀ ਅਲੀ ਕੇ ਪਿੰਡ ਦਾ ਰਹਿਣ ਵਾਲਾ ਸੀ। ਮੌਕੇ ਉਤੇ ਪਹੁੰਚੀ ਪੁਲਸ ਨੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਐੱਸ. ਐੱਚ. ਓ. ਹਰਿੰਦਰ ਸਿੰਘ ਨੇ ਕਿਹਾ ਕਿ ਵਿਅਕਤੀ ਦੀ ਲਾਸ਼ ਵੇਖ ਕੇ ਲੱਗਦਾ ਹੈ ਕਿ ਉਸ ਦਾ ਤੇਜ਼ਧਾਰ ਹਥਿਆਰਾਂ ਨਾਲ ਕਿਤੇ ਹੋਰ ਕਤਲ ਕੀਤਾ ਗਿਆ ਸੀ ਅਤੇ ਫਿਰ ਉਸ ਦੀ ਲਾਸ਼ ਇਥੇ ਲਿਆ ਕੇ ਸੁੱਟ ਦਿੱਤੀ ਗਈ ਸੀ। ਅਸੀਂ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਜਲਦੀ ਹੀ ਕਾਤਲਾਂ ਨੂੰ ਫੜ ਲਿਆ ਜਾਵੇਗਾ। ਉਥੇ ਹੀ ਮ੍ਰਿਤਕ ਦੇ ਰਿਸ਼ਤੇਦਾਰਾਂ ਨੇ ਕਿਹਾ ਕਿ ਉਹ ਅਲੀ ਕੇ ਪਿੰਡ ਰਹਿਣ ਵਾਲਾ ਸੀ ਅਤੇ ਕਿਸੇ ਨੇ ਉਸ ਦਾ ਕਤਲ ਕਰ ਦਿੱਤਾ ਹੈ। ਪੁਲਸ ਨੂੰ ਕਾਤਲਾਂ ਨੂੰ ਜਲਦੀ ਫੜਨਾ ਚਾਹੀਦਾ ਹੈ।

## 'ਯੁੱਧ ਨਸ਼ਿਆਂ ਵਿਰੁੱਧ': 49ਵੇਂ ਦਿਨ 124 ਨਸ਼ਾ ਸਮੱਗਲਰ ਗ੍ਰਿ.ਫਤਾਰ

ਚੰਡੀਗੜ੍ਹ/ਜਲੰਧਰ 19 ਅਪ੍ਰੈਲ। 'ਯੁੱਧ ਨਸ਼ਿਆਂ ਵਿਰੁੱਧ' ਦੇ 49ਵੇਂ ਦਿਨ ਪੰਜਾਬ ਪੁਲਸ ਨੇ 124 ਨਸ਼ਾ ਸਮੱਗਲਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ 2.5 ਕਿੱਲੋ ਹੈਰੋਇਨ ਅਤੇ 2.02 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ। ਇਸ ਨਾਲ ਸਿਰਫ਼ 49 ਦਿਨਾਂ 'ਚ ਗ੍ਰਿਫ਼ਤਾਰ ਕੀਤੇ ਗਏ ਕੁੱਲ੍ਹ ਨਸ਼ਾ ਸਮੱਗਲਰਾਂ ਦੀ ਗਿਣਤੀ 6573 ਹੋ ਗਈ ਹੈ। ਵਿਸ਼ੇਸ਼ ਡੀ. ਜੀ. ਪੀ. ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 92 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1400 ਤੋਂ ਵੱਧ ਪੁਲਸ ਮੁਲਾਜ਼ਮਾਂ ਵਾਲੀਆਂ 200 ਤੋਂ ਵੱਧ ਪੁਲਸ ਟੀਮਾਂ ਨੇ ਸੂਬਾ ਭਰ 'ਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਸ ਟੀਮਾਂ ਨੇ 490 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ। ਇਸ ਦੇ ਨਾਲ ਹੀ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ-ਵਸੇਬਾ ਕੇਂਦਰ ਵਿਖੇ ਇਲਾਜ ਕਰਵਾਉਣ ਲਈ ਪ੍ਰੇਰਿਆ ਗਿਆ ਹੈ। ਪੰਜਾਬ ਪੁਲਸ ਵੱਲੋਂ ਜੇਲਾਂ 'ਚ ਕਿਸੇ ਵੀ ਗ਼ੈਰ-ਕਾਨੂੰਨੀ ਸਰਗਰਮੀ ਨੂੰ ਰੋਕਣ ਲਈ 6 ਜ਼ਿਲ੍ਹਿਆਂ ਕਮਿਸ਼ਨਰੇਟ ਅੰਮ੍ਰਿਤਸਰ, ਪਠਾਨਕੋਟ, ਗੁਰਦਾਸਪੁਰ, ਬਟਾਲਾ, ਅੰਮ੍ਰਿਤਸਰ ਦਿਹਾਤੀ ਅਤੇ ਤਰਨਤਾਰਨ ਦੀਆਂ ਵੱਖ-ਵੱਖ ਜੇਲਾਂ 'ਚ ਵੀ ਤਲਾਸ਼ੀ ਮੁਹਿੰਮ ਚਲਾਈ ਗਈ ਹੈ। ਪੁਲਸ ਟੀਮਾਂ ਨੇ ਜੇਲ੍ਹਾਂ ਦੀਆਂ ਬੈਰਕਾਂ, ਰਸੋਈ ਘਰਾਂ ਤੇ ਪਖਾਨਿਆਂ ਸਮੇਤ ਹਰੇਕ ਕੋਨੇ ਦੀ ਚੰਗੀ ਤਰ੍ਹਾਂ ਤਲਾਸ਼ੀ ਲਈ।

## ਅਨਾਜ ਮੰਡੀ 'ਚ ਲਿਫਟਿੰਗ ਤੇ ਬਾਕੀ ਕੰਮ ਸੁਚੱਜੇ ਢੰਗ ਨਾਲ ਯਕੀਨੀ ਬਣਾਏ ਜਾਣ

ਦੀਨਾਨਗਰ 19 ਅਪ੍ਰੈਲ। ਉਪ ਮੰਡਲ ਮੈਜਿਸਟ?ਰੇਟ (ਐਸ.ਡੀ.ਐੱਮ.) ਦੀਨਾਨਗਰ ਜਸਪਿੰਦਰ ਸਿੰਘ ਆਈ. ਏ. ਐੱਸ ਵੱਲੋਂ ਅੱਜ ਦੀਨਾਨਗਰ ਅਨਾਜ ਮੰਡੀ ਦਾ ਦੌਰਾ ਕਰਕੇ ਚੱਲ ਰਹੀ ਕਣਕ ਦੀ ਖਰੀਦ ਦੀ ਵਿਵਸਥਾ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਨਾਇਬ ਤਹਿਸੀਲਦਾਰ ਗੁਰਜਿੰਦਰ ਸਿੰਘ, ਮਾਰਕੀਟ ਕਮੇਟੀ ਸਕੱਤਰ ਅਤੇ ਸਹਾਇਕ ਖੁਰਾਕ ਅਤੇ ਸਪਲਾਈ ਅਫਸਰ ਦੀਨਾਨਗਰ ਮੌਜੂਦ ਸਨ। ਦੌਰੇ ਦੌਰਾਨ ਵੇਖਿਆ ਗਿਆ ਕਿ ਮੰਡੀ 'ਚ ਲਿਫਟਿੰਗ ਦਾ ਕੰਮ ਚੱਲ ਰਿਹਾ ਸੀ ਅਤੇ ਫਸਲ ਦੀ ਸਫਾਈ ਵੀ ਸਮੇਂ ਸਿਰ ਹੋ ਰਹੀ ਸੀ। ਐੱਸ.ਡੀ.ਐੱਮ. ਨੇ ਹੁਕਮ ਜਾਰੀ ਕੀਤੇ ਕਿ ਖਰੀਦ, ਭੁਗਤਾਨ ਅਤੇ ਲਿਫਟਿੰਗ ਦੀ ਪ੍ਰਕਿਰਿਆ ਸਮੇਂ ਸਿਰ ਮੁਕੰਮਲ ਕੀਤੀ ਜਾਵੇ ਅਤੇ ਕਿਸਾਨਾਂ ਨੂੰ ਕੋਈ ਦਿੱਕਤ ਨਾ ਆਉਣ ਦਿੱਤੀ ਜਾਵੇ । ਇਸ ਤੋਂ ਬਾਅਦ ਐਸ.ਡੀ.ਐੱਮ. ਦਫ਼ਤਰ ਦੀਨਾਨਗਰ ਵਿੱਚ ਇੱਕ ਸੰਯੁਕਤ ਮੀਟਿੰਗ ਹੋਈ, ਜਿਸ ਵਿੱਚ ਮਾਰਕੀਟ ਕਮੇਟੀ ਦੇ ਸਕੱਤਰ, ਅਤੇ ਖਰੀਦ ਏਜੰਸੀਆਂ ਜਿਵੇਂ ਕਿ ਪੰਗ੍ਰੇਨ, ਮਾਰਕਫੈਡ, ਪੁਨਸਪ ਅਤੇ ਐਫ.ਸੀ.ਆਈ. ਦੇ ਫੂਡ ਇੰਸਪੈਕਟਰ ਹਾਜ਼ਰ ਹੋਏ। ਉਨ੍ਹਾਂ ਨੂੰ ਨਿਰਦੇਸ਼ ਦਿੱਤੇ ਗਏ ਕਿ ਸਮੂਹ ਖਰੀਦ ਏਜੰਸੀਆਂ ਮਿਲ ਜੁਲ ਕੇ ਕੰਮ ਕਰਨ ਤਾਂ ਜੋ ਕਿਸੇ ਵੀ ਕਿਸਾਨ ਨੂੰ ਕੋਈ ਸਮੱਸਿਆ ਨਾ ਆਵੇ ਅਤੇ ਖਰੀਦ ਪ੍ਰਕਿਰਿਆ ਪੂਰੀ ਪਾਰਦਰਸ਼ਤਾ ਨਾਲ ਕੀਤੀ ਜਾਵੇ। ਐਸ.ਡੀ.ਐੱਮ. ਨੇ ਇਹ ਵੀ ਕਿਹਾ ਕਿ ਪ੍ਰਸ਼ਾਸਨ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਲਈ ਵਚਨਬੱਧ ਹੈ ਅਤੇ ਖਰੀਦ ਕਾਰਜ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਇਆ ਜਾਵੇਗਾ।

# ਵਿਗੜੇਗਾ ਰਸੋਈ ਦਾ ਬਜਟ ਅਤੇ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਹੋਣਗੀਆਂ ਮਹਿੰਗੀਆਂ

**ਕੌਮੀ ਪੱਤ੍ਰਿਕਾ**

ਬਿਜ਼ਨੈੱਸ ਡੈਸਕ 19 ਮਾਰਚ। ਭਾਰਤ ਆਪਣੀ ਲੋੜ ਦਾ ਵੱਡਾ ਹਿੱਸਾ ਜਿਵੇਂ ਕਿ ਖਾਣ ਵਾਲਾ ਤੇਲ, ਦਵਾਈਆਂ ਦਾ ਕੱਚਾ ਮਾਲ ਅਤੇ ਇਲੈਕਟ?ਰਾਨਿਕ ਪੁਰਜ਼ੇ ਵਿਦੇਸ਼ਾਂ ਤੋਂ ਮੰਗਵਾਉਂਦਾ ਹੈ। ਜੰਗ ਕਾਰਨ ਸਪਲਾਈ ਚੇਨ ਪ੍ਰਭਾਵਿਤ ਹੋਣ ਦਾ ਖ਼ਤਰਾ ਹੈ। ਪਲਾਸਟਿਕ ਦਾਣੇ ਦੀਆਂ ਕੀਮਤਾਂ ਵਿੱਚ ਮਹਿਜ਼ ਦੋ ਦਿਨਾਂ ਵਿੱਚ 12% ਦਾ ਵਾਧਾ ਦਰਜ ਕੀਤਾ ਗਿਆ ਹੈ ਕਿਉਂਕਿ ਪਲਾਸਟਿਕ ਦੀ ਵਰਤੋਂ ਲਗਭਗ ਹਰ ਘਰੇਲੂ ਸਮਾਨ ਦੀ ਪੈਕਿੰਗ ਵਿੱਚ ਹੁੰਦੀ ਹੈ, ਇਸ ਲਈ ਆਉਣ ਵਾਲੇ ਸਮੇਂ ਵਿੱਚ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਮਹਿੰਗੀਆਂ ਹੋਣਾ ਤੈਅ ਹੈ। ਇਸ ਤੋਂ ਇਲਾਵਾ ਖਾਣ ਵਾਲੇ ਤੇਲ ਦੀਆਂ ਕੀਮਤਾਂ ਵਿੱਚ ਵੀ ਤੇਜ਼ੀ ਦੇ ਸੰਕੇਤ ਮਿਲ ਰਹੇ ਹਨ। ਸਮੁੰਦਰ ਰਾਹੀਂ ਮਾਲ ਭੇਜਣਾ ਹੁਣ ਬਹੁਤ ਮਹਿੰਗਾ ਹੋ ਗਿਆ ਹੈ। ਕੰਟੇਨਰ ਕੰਪਨੀਆਂ ਨੇ 'ਵਾਰ ਸਰਚਾਰਜ' ਦੇ ਨਾਮ 'ਤੇ ਕਿਰਾਏ ਵਿੱਚ 150% ਤੱਕ ਦਾ ਵਾਧਾ ਕਰ ਦਿੱਤਾ ਹੈ। ਜੋ 20 ਟਨ ਦਾ ਕੰਟੇਨਰ ਪਹਿਲਾਂ 1100 ਡਾਲਰ ਵਿੱਚ ਮਿਲਦਾ ਸੀ, ਹੁਣ ਉਸਦੀ ਕੀਮਤ 3500 ਤੋਂ 3700 ਡਾਲਰ ਤੱਕ ਪਹੁੰਚ ਗਈ ਹੈ। ਯੂਰਪ ਅਤੇ ਅਮਰੀਕਾ ਮਾਲ ਭੇਜਣ ਲਈ ਹੁਣ ਲੰਬੇ ਰਸਤੇ (ਕੇਪ ਆਫ ਗੁੱਡ ਹੋਪ) ਦਾ ਸਹਾਰਾ ਲੈਣਾ ਪੈ ਰਿਹਾ ਹੈ, ਜਿਸ ਨਾਲ ਮਾਲ ਪਹੁੰਚਣ ਵਿੱਚ 15 ਦਿਨ ਤੋਂ ਵੱਧ ਲੱਗਣਗੇ ਅਤੇ ਖਰਚਾ ਵੀ 30-40% ਵਧ ਜਾਵੇਗਾ। ਇਸ ਜੰਗ ਦਾ ਸਭ ਤੋਂ ਵੱਡਾ ਅਸਰ ਬਾਸਮਤੀ ਚੌਲਾਂ ਦੇ



ਨਿਰਯਾਤ 'ਤੇ ਪੈ ਸਕਦਾ ਹੈ। ਬਾਸਮਤੀ ਚੌਲ ਨਿਰਯਾਤ ਸੰਘ ਅਨੁਸਾਰ, ਲਗਭਗ 1.5 ਲੱਖ ਟਨ ਚੌਲ ਅਜੇ ਰਸਤੇ ਵਿੱਚ ਹੀ ਹਨ। ਜੇਕਰ ਇਸ ਮਾਲ ਨੂੰ ਵਾਪਸ ਮੰਗਵਾਉਣਾ ਪੈਂਦਾ ਹੈ, ਤਾਂ ਵਪਾਰੀਆਂ ਨੂੰ ਭਾਰੀ ਆਰਥਿਕ ਨੁਕਸਾਨ ਹੋਵੇਗਾ। ਭਾਰਤ ਦਵਾਈਆਂ ਬਣਾਉਣ ਲਈ ਕੱਚੇ ਮਾਲ ਦਾ ਵੱਡੇ ਪੱਧਰ 'ਤੇ ਆਯਾਤ ਕਰਦਾ ਹੈ। ਜੰਗ ਲੰਬੀ ਖਿੱਚਣ ਦੀ ਸੂਰਤ ਵਿੱਚ ਦਵਾਈਆਂ ਦੀਆਂ ਕੀਮਤਾਂ ਵਧ ਸਕਦੀਆਂ ਹਨ। ਇਸੇ ਤਰ੍ਹਾਂ ਟੀਵੀ, ਫਰਿੱਜ ਅਤੇ ਮੋਬਾਈਲ ਫੋਨ ਵਰਗੇ ਇਲੈਕਟ?ਰਾਨਿਕ ਉਪਕਰਨਾਂ ਦੀ ਨਿਰਮਾਣ ਲਾਗਤ ਵੀ ਵਧਣ ਦੀ ਸੰਭਾਵਨਾ ਹੈ ਕਿਉਂਕਿ ਇਨ੍ਹਾਂ ਦੇ ਆਯਾਤ ਕੀਤੇ ਪੁਰਜ਼ੇ ਮਹਿੰਗੇ ਹੋ ਜਾਣਗੇ। ਜੰਗ ਦੇ ਝਟਕੇ ਕਾਰਨ ਭਾਰਤੀ ਰੁਪਿਆ ਪਹਿਲੀ ਵਾਰ 92 ਦੇ ਪਾਰ ਪਹੁੰਚ ਗਿਆ ਹੈ, ਜਿਸ ਨਾਲ ਨਿਵੇਸ਼ਕਾਂ ਦੇ ਲਗਭਗ 9.7 ਲੱਖ ਕਰੋੜ ਰੁਪਏ ਡੁੱਬ ਗਏ ਹਨ। ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਵੀ ਜ਼ੋਰਦਾਰ ਉਛਾਲ ਦੇਖਣ ਨੂੰ ਮਿਲ ਰਿਹਾ ਹੈ।

**ਕੌਮੀ ਪੱਤ੍ਰਿਕਾ**

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪੱਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜ਼ਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689
011-23315814
Mob. : 9971359517
9312262300

E-mail address:
qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

## ਸੰਪਾਦਕੀ

# ਭਾਜਪਾ ਵੱਲੋਂ ਪੰਜਾਬ 'ਚ ਇਕੱਲਿਆਂ ਚੋਣਾਂ ਲੜਨ ਦਾ ਫ਼ੈਸਲਾ

ਅਮਿਤ ਸ਼ਾਹ ਦਾ ਐਲਾਨ, ਕਿ ਭਾਜਪਾ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਇਕੱਲਿਆਂ ਲੜੇਗੀ, ਤੋਂ ਸੂਬੇ ਦੇ ਸਭ ਤੋਂ ਲੰਮੇ ਅਰਸੇ ਤੋਂ ਚਲੇ ਆ ਰਹੇ ਅਕਾਲੀ ਦਲ-ਭਾਜਪਾ ਦੇ ਸਿਆਸੀ ਗੱਠਜੋੜ ਦਾ ਫ਼ੈਸਲਾਕੁਨ ਢੰਗ ਨਾਲ ਵੱਖ ਹੋਣ ਦਾ ਸੰਕੇਤ ਮਿਲਦਾ ਹੈ। ਲਗਪਗ ਇੱਕ ਚੌਥਾਈ ਸਦੀ ਤੱਕ ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ ਪੰਜਾਬ ਵਿੱਚ ਇੱਕ ਦੂਜੇ ਦੇ ਪੂਰਕ ਰਹੇ ਹਨ। ਅਕਾਲੀਆਂ ਨੂੰ ਪੇਂਡੂ ਸਿੱਖ ਹਲਕਿਆਂ ਤੋਂ ਤਾਕਤ ਹਾਸਲ ਸੀ ਤੇ ਭਾਜਪਾ ਦੀ ਸ਼ਹਿਰੀ ਹਿੰਦੂ ਵੋਟਾਂ 'ਤੇ ਪਕੜ ਮਜ਼ਬੂਤ ਸੀ। ਇਸ ਗੱਠਜੋੜ ਨੇ ਇਤਿਹਾਸ ਵਿੱਚ ਕਈ ਵਾਰ ਅਸਥਿਰ ਹਾਲਾਤ ਵਿੱਚ ਵੀ ਮਜ਼ਬੂਤ ਤੇ ਸਥਿਰ ਸਰਕਾਰ ਬਣਾਈ। 2020 ਦੇ ਖੇਤੀ ਕਾਨੂੰਨਾਂ ਦੇ ਵਿਵਾਦ ਮਗਰੋਂ ਦੋਵੇਂ ਪਾਰਟੀਆਂ ਵਿਚਾਲੇ ਸਿਆਸੀ ਸਮੀਕਰਨ ਕਮਜ਼ੋਰ ਹੋਣਾ ਸ਼ੁਰੂ ਹੋਇਆ ਸੀ। ਹੁਣ ਅਕਾਲੀਆਂ ਨੂੰ ਲੋਕਾਂ ਦਾ ਭਰੋਸਾ ਹਾਸਲ ਕਰਨ 'ਚ ਕਾਫੀ ਕਠਿਨਾਈਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਭਾਜਪਾ ਆਪਣੇ ਨਾਲ ਜੁੜੇ 'ਛੋਟੇ ਭਰਾ' ਦੇ ਟੈਗ ਤੋਂ ਛੁਟਕਾਰਾ ਪਾਉਣਾ ਚਾਹੁੰਦੀ ਹੈ। ਅਜਿਹੇ ਹਾਲਾਤ ਵਿੱਚ ਭਾਜਪਾ ਲਈ ਸ਼ਾਇਦ ਇਕੱਲਿਆਂ ਚੋਣਾਂ ਲੜਨ ਦਾ ਫ਼ੈਸਲਾ ਹੀ ਇੱਕ ਮਾਤਰ ਰਾਹ ਬਚਦਾ ਸੀ।

ਪਰ ਪੰਜਾਬ ਦਾ ਸਿਆਸੀ ਪਿੜ ਭਾਜਪਾ ਲਈ ਹਾਲੇ ਵੀ ਚੁਣੌਤੀਪੂਰਨ ਬਣਿਆ ਹੋਇਆ ਹੈ। ਪੇਂਡੂ ਖੇਤਰਾਂ ਵਿੱਚ ਇਸ ਦੀ ਸੰਗਠਨਾਤਮਕ ਮੌਜੂਦਗੀ ਸੀਮਤ ਹੈ ਅਤੇ ਵੋਟਰਾਂ ਦੇ ਇੱਕ ਵੱਡੇ ਹਿੱਸੇ 'ਤੇ ਹਾਲੇ ਵੀ ਕਿਸਾਨ ਅੰਦੋਲਨ ਦਾ ਅਸਰ ਹੈ। ਆਪਣਾ ਸੁਤੰਤਰ ਆਧਾਰ ਬਣਾਉਣ ਲਈ ਭਾਜਪਾ ਨੂੰ ਭਰੋਸੇਯੋਗ ਸਥਾਨਕ ਲੀਡਰਸ਼ਿਪ ਦੀ ਲੋੜ ਪਵੇਗੀ। ਪਿਛਲੇ ਸਮੇਂ ਦੌਰਾਨ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਪੰਜਾਬ ਵਿੱਚ ਪਾਰਟੀ ਦੀ ਪਹੁੰਚ ਦੇ ਇੱਕ ਸਰਗਰਮ ਚਿਹਰੇ ਵਜੋਂ ਉਭਰ ਕੇ ਸਾਹਮਣੇ ਆਏ ਹਨ। ਉਨ੍ਹਾਂ ਵੱਲੋਂ ਪੱਗ ਬੰਨ੍ਹ ਕੇ ਪੰਜਾਬ ਦੇ ਲਗਾਤਾਰ ਦੌਰੇ ਕੀਤੇ ਜਾ ਰਹੇ ਹਨ ਅਤੇ ਵੱਖ ਵੱਖ ਸਮਾਗਮਾਂ ਵਿੱਚ ਹਿੱਸਾ ਲਿਆ ਜਾ ਰਿਹਾ ਹੈ। ਭਾਜਪਾ ਵੱਲੋਂ ਹਰਿਆਣਾ ਦੀਆਂ ਪ੍ਰਸ਼ਾਸਕੀ ਪਹਿਲਕਦਮੀਆਂ, ਖ਼ਾਸ ਕਰਕੇ ਕਿਸਾਨ ਭਲਾਈ ਉਪਾਅ ਅਤੇ ਵਿਕਾਸ ਯੋਜਨਾਵਾਂ ਦੇ ਹਵਾਲੇ ਰਾਹੀਂ ਪੰਜਾਬ ਵਿੱਚ 'ਆਪ' ਦੀ ਅਗਵਾਈ ਵਾਲੀ ਸਰਕਾਰ ਦੇ ਇੱਕ ਬਦਲ ਵਜੋਂ 'ਸ਼ਾਸਨ ਮਾਡਲ' ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਭਾਜਪਾ ਨਾਲ ਗੱਠਜੋੜ ਟੁੱਟਣਾ ਸ਼੍ਰੋਮਣੀ ਅਕਾਲੀ ਦਲ ਸਾਹਮਣੇ ਵੀ ਚੁਣੌਤੀ ਖੜ੍ਹੀਆਂ ਕਰਦਾ ਜਾਪਦਾ ਹੈ। ਭਾਜਪਾ ਦੇ ਸਮਰਥਨ ਤੋਂ ਬਿਨਾਂ ਪਾਰਟੀ ਲਈ ਵਿਆਪਕ ਸਮਰਥਨ ਗੁਆ ਲੈਣ ਦਾ ਖਦਸ਼ਾ ਖੜ੍ਹਾ ਹੋ ਗਿਆ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਨੂੰ ਅੰਦਰੂਨੀ ਧੜੇਬਾਜ਼ੀਆਂ ਅਤੇ ਨੌਜਵਾਨ ਵੋਟਰਾਂ ਵਿੱਚ ਘਟਦੇ ਪਾਰਟੀ ਦੇ ਪ੍ਰਭਾਵ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਵੀ ਕਰਨਾ ਪਵੇਗਾ।

ਇਸ ਗੱਠਜੋੜ ਦੇ ਟੁੱਟਣ ਦਾ ਸਭ ਤੋਂ ਵੱਧ ਲਾਭ ਵਿਰੋਧੀਆਂ ਨੂੰ ਹੋ ਸਕਦਾ ਹੈ। ਭਾਜਪਾ, ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਅਤੇ ਆਮ ਆਦਮੀ ਪਾਰਟੀ ਵਿਚਾਲੇ ਇਸ ਬਹੁਕੋਨੀ ਚੋਣ ਮੁਕਾਬਲੇ ਕਾਰਨ ਵੋਟਾਂ ਵੰਡੀਆਂ ਜਾਣਗੀਆਂ ਤੇ ਪੰਜਾਬ ਵਿੱਚ 2027 'ਚ ਹੋਣ ਵਾਲੀਆਂ ਚੋਣਾਂ ਦੇ ਅਣਕਿਆਸੇ ਸਿੱਟੇ ਸਾਹਮਣੇ ਆ ਸਕਦੇ ਹਨ।

# ਆਪਣਾ ਕਾਰੋਬਾਰ ਆਪਣੀ ਪਹਿਚਾਣ ਤਹਿਤ ਜ਼ਿਲ੍ਹਾ ਪੱਧਰੀ ਸਮਾਗਮ ਆਯੋਜਿਤ



**ਬਠਿੰਡਾ 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਆਪਣਾ ਕਾਰੋਬਾਰ ਆਪਣੀ ਪਹਿਚਾਣ ਤਹਿਤ ਪੰਜਾਬ ਸਰਕਾਰ ਦੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਦੀ ਯੋਜਨਾ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਬਠਿੰਡਾ ਵੱਲੋਂ ਅੱਜ ਸਰਕਾਰੀ ਰਜਿੰਦਰਾ ਕਾਲਜ ਦੇ ਆਡੀਟੋਰੀਅਮ ਵਿਖੇ ਪੰਜਾਬ ਸਰਕਾਰ ਦੇ ਨਿਰਦੇਸ਼ਾ ਮੁਤਾਬਿਕ ਜ਼ਿਲ੍ਹੇ ਦੀਆਂ 100 ਉਦਮੀ ਮਹਿਲਾਵਾਂ ਨੂੰ ਜ਼ਿਲ੍ਹਾ ਪੱਧਰੀ ਸਮਾਗਮ ਕਰਵਾ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

ਸਮਾਗਮ ਵਿੱਚ ਤਲਵੰਡੀ ਸਾਬੋ ਤੋਂ ਵਿਧਾਇਕ ਤੇ ਚੀਫ ਵਿਪ੍ਹ ਕੈਬਿਨੇਟ ਰੈਂਕ ਪ੍ਰੋਫੈਸਰ ਬਲਜਿੰਦਰ ਕੌਰ ਬਤੌਰ ਵਿਸ਼ੇਸ਼ ਮਹਿਮਾਨ ਪੁੱਜੇ। ਆਪਣੇ ਸੰਬੋਧਨ ਦੌਰਾਨ ਉਹਨਾਂ ਨੇ ਸਮਾਗਮ ਵਿੱਚ ਸ਼ਾਮਿਲ ਉਦਮੀ ਮਹਿਲਾਵਾਂ ਨੂੰ ਮਹਿਲਾ ਦਿਵਸ ਦੀਆਂ ਮੁਬਾਰਕਾਂ ਦਿੰਦੇ ਹੋਏ ਔਰਤ ਸ਼ਕਤੀ ਨੂੰ ਨਮਨ ਕਰਦਿਆ ਆਪਣਾ ਨਿੱਜੀ ਤਜਰਬਾ ਸਾਂਝਾ ਕਰਕੇ ਮਾਂ ਦੇ ਰੂਪ ਵਿੱਚ ਔਰਤ ਨੂੰ ਸੰਸਾਰ ਦੀ ਸਭ ਤੋਂ ਵੱਡੀ ਨਿਆਮਤ ਦੱਸਿਆ। ਉਹਨਾ ਨੇ ਕਿਹਾ ਕਿ ਪਿੰਡਾਂ ਵਿੱਚ ਛੋਟੇ ਛੋਟੇ ਕਾਰੋਬਾਰ ਕਰ ਰਹੀਆਂ ਔਰਤਾਂ ਦਾ ਪੰਜਾਬ ਦੇ ਵਿਕਾਸ ਵਿੱਚ ਸਭ ਤੋਂ ਵੱਡਾ ਯੋਗਦਾਨ ਹੈ। ਉਹਨਾਂ ਨੇ ਪੰਜਾਬ ਸਰਕਾਰ ਵੱਲੋਂ ਔਰਤਾਂ ਵਿਸ਼ੇਸ਼ ਕਰ ਸਵੈ ਸਹਾਇਤਾ ਸਮੂਹਾਂ ਨਾਲ ਜੁੜੀਆਂ ਮਹਿਲਾਵਾਂ ਨੂੰ ਸਹੂਲਤਾਂ ਦੇਣ ਦਾ ਜਿਕਰ ਕਰਦਿਆਂ ਹਰ ਸੰਭਵ ਮਦਦ ਕਰਨ ਦਾ ਵਾਅਦਾ ਕੀਤਾ ਉਹਨਾਂ ਆਖਿਆ ਕਿ ਮੌਜੂਦਾ ਪੰਜਾਬ ਸਰਕਾਰ ਵੱਲੋਂ ਔਰਤਾਂ ਨੂੰ 1000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਪ੍ਰਤੀ ਮਹੀਨਾ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਦਿੱਤੇ ਜਾਣ ਦਾ ਜਿਕਰ ਕਰਦਿਆ ਕਿਹਾ ਕਿ ਪੰਜਾਬ ਵਿੱਚ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚੱਲ ਰਹੀ ਪਹਿਲੀ ਸਰਕਾਰ ਹੈ ਜਿਸ ਨੇ ਪੰਜਾਬੀਆਂ ਨਾਲ ਕੀਤਾ ਹਰ ਵਾਅਦਾ ਪੂਰਾ ਕੀਤਾ ਹੈ।

ਸਮਾਗਮ ਵਿੱਚ ਸੰਬੋਧਨ ਦੌਰਾਨ ਵਿਧਾਇਕ ਬਠਿੰਡਾ ਸ਼ਹਿਰੀ ਸਰਦਾਰ ਜਗਰੂਪ ਸਿੰਘ ਗਿੱਲ, ਵਿਧਾਇਕ ਭੁੱਚੋ ਮੰਡੀ ਮਾਸਟਰ ਜਗਸੀਰ ਸਿੰਘ, ਐਡਵੋਕੇਟ ਨਵਦੀਪ ਸਿੰਘ ਜੀਦਾ ਚੇਅਰਮੈਨ ਸ਼ੂਗਰ ਫੈਡ ਪੰਜਾਬ ਅਤੇ ਇੰਨਚਾਰਜ ਲੋਕ ਸਭਾ ਹਲਕਾ ਬਠਿੰਡਾ, ਸ਼੍ਰੀ ਨੀਲ ਗਰਗ ਚੇਅਰਮੈਨ ਮੀਡੀਅਮ ਉਦਯੋਗ ਵਿਕਾਸ ਬੋਰਡ ਪੰਜਾਬ, ਸ਼੍ਰੀ ਰਾਕੇਸ ਪੂਰੀ ਚੇਅਰਮੈਨ ਪੰਜਾਬ ਸਟੇਟ ਫੋਰੈਸਟ ਡਿਵੈਲਪਮੈਂਟ ਬੋਰਡ, ਸ਼੍ਰੀਮਤੀ ਰੁਪਿੰਦਰ ਕੌਰ ਗਿੱਲ ਸੀਨੀਅਰ ਵਾਇਸ ਚੇਅਰਪਰਸਨ ਮਹਿਲਾ ਕਮਿਸ਼ਨ ਪੰਜਾਬ, ਸ਼੍ਰੀ ਜਤਿੰਦਰ ਸਿੰਘ ਭੱਲਾ ਚੇਅਰਮੈਨ ਇੰਮਪਰੂਵਮੈਂਟ ਟਰੱਸਟ ਬਠਿੰਡਾ, ਸ਼੍ਰੀ ਜਸਵਿੰਦਰ ਸਿੰਘ ਸ਼ਿੰਦਾ, ਸ਼੍ਰੀ ਅਮਰਦੀਪ ਸਿੰਘ ਰਾਜਨ ਚੇਅਰਮੈਨ ਸੈਂਟਰਲ ਕੋਆਪ੍ਰੇਟਿਵ ਬੈਂਕ ਬਠਿੰਡਾ, ਸ਼੍ਰੀ ਪਰਜੀਤ ਸਿੰਘ ਢਿੱਲੋ ਚੇਅਰਮੈਨ ਸਰਕਾਰੀ ਖੇਤੀਬਾੜੀ ਵਿਕਾਸ ਬੈਂਕ, ਮਨਦੀਪ ਕੌਰ ਰਾਮਗੜ੍ਹੀਆਂ ਸੀਨੀਅਰ ਵਾਇਸ ਚੇਅਰਪਰਸਨ ਰਾਮਗੜ੍ਹੀਆਂ ਭਲਾਈ ਬੋਰਡ ਪੰਜਾਬ, ਕਿੰਦਰਪਾਲ ਕੌਰ ਆਦਿ ਵਿਸ਼ੇਸ਼ ਸਨਮਾਨ ਵਜੋਂ ਇਸ ਸਮਾਗਮ ਵਿੱਚ ਬਤੌਰ ਵਿਸ਼ੇਸ਼ ਮਹਿਮਾਨ ਸ਼ਾਮਿਲ ਹੋਏ।

ਇਸ ਦੌਰਾਨ ਵਿਧਾਇਕਾਂ ਅਤੇ ਚੇਅਰਮੈਨ ਸਹਿਬਾਨਾ ਨੇ ਆਪਣੇ ਸੰਬੋਧਨ ਵਿੱਚ ਮਹਿਲਾਵਾਂ ਵੱਲੋਂ ਕੀਤੇ ਜਾ ਰਹੇ ਉੱਦਮਾ ਦੀ ਸ਼ਲਾਘਾ ਕਰਦਿਆ ਹੋਰ ਮਿਹਨਤ ਕਰਨ ਦੀ ਗੱਲ ਕਹੀ।

ਚੇਅਰਪਰਸਨ ਮਹਿਲਾ ਕਮਿਸ਼ਨ ਸ਼੍ਰੀਮਤੀ ਰੁਪਿੰਦਰ ਕੌਰ ਗਿੱਲ ਨੇ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਨੂੰ ਪੇਂਡੂ ਔਰਤਾਂ ਲਈ ਵਰਦਾਨ ਦੱਸਦਿਆਂ ਆਖਿਆ ਕਿ ਜਿਨ੍ਹਾਂ ਔਰਤਾਂ ਨੂੰ ਕਿਸੇ ਕਾਰਨ ਪੜ੍ਹਨ ਲਿਖਣ ਅਤੇ ਅੱਗੇ ਵਧਣ ਦਾ ਮੌਕਾ ਨਹੀਂ ਮਿਲਿਆ ਉਹਨਾਂ ਨੂੰ ਆਜੀਵਿਕਾ ਮਿਸ਼ਨ ਨੇ ਮੌਕਾ ਪ੍ਰਦਾਨ ਕਰਕੇ ਜਿੰਦਗੀ ਵਿੱਚ ਸਫਲ ਬਣਾਇਆ ਹੈ। ਉਹਨਾਂ ਨੇ ਆਪਣੀ ਉਦਾਹਰਨ ਦਿੰਦਿਆ ਦੱਸਿਆ ਕਿ ਕਿਸ ਤਰ੍ਹਾਂ ਉਹਨਾਂ ਨੇ ਆਜੀਵਿਕਾ ਮਿਸ਼ਨ ਵਿੱਚ ਬਤੌਰ ਬੈਂਕ ਸਖੀ ਕੰਮ ਕਰਦਿਆ ਮਿਹਨਤ ਕੀਤੀ ਅਤੇ ਪੰਜਾਬ ਸਰਕਾਰ ਨੇ ਉਹਨਾਂ ਦੀ ਮਿਹਨਤ ਨੂੰ ਪਹਿਚਾਣਦਿਆਂ ਮਹਿਲਾ ਕਮਿਸ਼ਨ ਦੇ ਸੀਨੀਅਰ ਵਾਇਸ ਚੇਅਰਪਰਸਨ ਦੇ ਵਕਾਰੀ ਅਹੁਦੇ ਨਾਲ ਨਵਾਜਿਆ ਹੈ।

ਸਮਾਗਮ ਦੌਰਾਨ ਜ਼ਿਲ੍ਹਾ ਪ੍ਰਸ਼ਾਸ਼ਨ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਰਹੇ।

# ਡਿਪਟੀ ਕਮਿਸ਼ਨਰ ਵੱਲੋਂ ਜ਼ਿਲ੍ਹਾ ਬਠਿੰਡਾ ਵਿੱਚ ਘਰੇਲੂ ਗੈਸ, ਪੈਟਰੋਲ ਅਤੇ ਡੀਜ਼ਲ ਦੀ ਕਾਲਾਬਾਜ਼ਾਰੀ ਰੋਕਣ ਲਈ ਉਡਣ ਦਸਤਿਆਂ ਦੀਆਂ ਟੀਮਾਂ ਗਠਿਤ

**ਬਠਿੰਡਾ 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈਜ਼ ਕੰਟਰੋਲਰ ਬਠਿੰਡਾ ਸ਼੍ਰੀ ਦਲਜੀਤ ਸਿੰਘ ਸੰਧੂ ਵੱਲੋਂ ਘਰੇਲੂ ਗੈਸ, ਪੈਟਰੋਲ ਅਤੇ ਡੀਜ਼ਲ ਦੀ ਕਾਲਾਬਾਜ਼ਾਰੀ ਅਤੇ ਜਮਾਖੋਰੀ ਨੂੰ ਰੋਕਣ ਲਈ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਉਡਣ ਦਸਤਿਆਂ ਦੀਆਂ ਟੀਮਾਂ ਦਾ ਗਠਨ ਕੀਤਾ ਗਿਆ ਹੈ ।



ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਸਬੰਧ ਚ ਵਿਸ਼ੇਸ਼ ਕੰਟਰੋਲ ਰੂਮ ਸਥਾਪਤ ਕੀਤਾ ਗਿਆ ਹੈ ਜਿੱਥੇ 01642921552 ਨੰਬਰ ਉੱਤੇ ਸਵੇਰ 8 ਤੋਂ ਸ਼ਾਮ 8 ਵਜੇ ਤੱਕ ਸੰਪਰਕ ਕੀਤਾ ਜਾ ਸਕਦਾ ਹੈ। ਇਹ ਕੰਟਰੋਲ ਰੂਮ ਸਾਰਾ ਹਫਤਾ ਵਰਕਿੰਗ ਰਹੇਗਾ।

ਇਸ ਵਿਉਂਤਬੰਦੀ ਹੇਠ ਸੰਬੰਧਤ ਅਧਿਕਾਰੀਆਂ ਨੂੰ ਘਰੇਲੂ ਗੈਸ ਏਜੰਸੀ, ਪੈਟਰੋਲ ਪੰਪਾਂ ਦੀ ਜਾਂਚ ਅਤੇ ਨਿਗਰਾਨੀ ਕਰਨ ਲਈ ਨਿਯੁਕਤ ਕੀਤਾ ਗਿਆ ਹੈ।

ਸ਼੍ਰੀ ਰਾਜੇਸ਼ ਧੀਮਾਨ ਡਿਪਟੀ ਕਮਿਸ਼ਨਰ ਨੇ ਅੱਗੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਾਰੀ ਹੁਕਮਾਂ ਅਨੁਸਾਰ ਇਹ ਟੀਮਾਂ ਬਠਿੰਡਾ ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਗੈਸ ਏਜੰਸੀਆਂ, ਪੈਟਰੋਲ ਪੰਪਾਂ ਅਤੇ ਪੈਟਰੋਲ-ਡੀਜ਼ਲ ਦੀ ਵਿਕਰੀ ਦੀ ਨਿਯਮਿਤ ਜਾਂਚ ਅਤੇ ਨਿਗਰਾਨੀ ਕਰਨਗੀਆਂ। ਜੇਕਰ ਕਿਸੇ ਵੀ ਥਾਂ 'ਤੇ ਘਰੇਲੂ ਗੈਸ ਸਿਲੰਡਰ, ਪੈਟਰੋਲ ਜਾਂ ਡੀਜ਼ਲ ਦੀ ਕਾਲਾਬਾਜ਼ਾਰੀ, ਜਮਾਖੋਰੀ ਜਾਂ ਹੋਰ ਕਿਸੇ ਤਰ੍ਹਾਂ ਦੀ ਗੜਬੜ ਸਾਹਮਣੇ ਆਉਂਦੀ ਹੈ ਤਾਂ ਸੰਬੰਧਤ ਟੀਮ ਵੱਲੋਂ ਤੁਰੰਤ ਕਾਰਵਾਈ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਉਡਣ ਦਸਤਿਆਂ ਦੀਆਂ ਟੀਮਾਂ ਵਿੱਚ ਸੰਬੰਧਤ ਇਲਾਕਿਆਂ ਦੇ ਫੂਡ ਸਪਲਾਈ ਅਫਸਰ ਅਤੇ ਇੰਸਪੈਕਟਰ ਸ਼ਾਮਲ ਕੀਤੇ ਗਏ ਹਨ।

ਇਸ ਟੀਮਾਂ ਬਠਿੰਡਾ, ਭਗਤਾ ਭਾਈਕਾ, ਭੁੱਚੋ, ਫੂਲ, ਗੋਨਿਆਣਾ, ਮੌੜ, ਰਾਮਾ, ਤਲਵੰਡੀ ਸਾਬੋ, ਰਾਮਪੁਰਾ, ਸੰਗਤ ਅਤੇ ਨਥਾਣਾ ਇਲਾਕਿਆਂ ਦੀਆਂ ਨਜ਼ਰਸਾਨੀ ਕਰਨਗੀਆਂ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਥਾਂ 'ਤੇ ਪੈਟਰੋਲ ਜਾਂ ਡੀਜ਼ਲ ਦੀ ਕਾਲਾਬਾਜ਼ਾਰੀ ਜਾਂ ਗਲਤ ਵਿਕਰੀ ਦੀ ਜਾਣਕਾਰੀ ਮਿਲਦੀ ਹੈ ਤਾਂ ਉਹ ਆਪਣੇ ਇਲਾਕੇ ਦੀ ਸੰਬੰਧਤ ਟੀਮ ਨੂੰ ਸੂਚਿਤ ਕਰ ਸਕਦੇ ਹਨ, ਤਾਂ ਜੋ ਤੁਰੰਤ ਕਾਰਵਾਈ ਕੀਤੀ ਜਾ ਸਕੇ ।

# ਚੇਅਰਮੈਨ ਵੱਲੋਂ ਸੁਣੀਆਂ ਗਈਆਂ ਵਪਾਰੀਆਂ ਦੀਆਂ ਸਮੱਸਿਆਵਾਂ




**ਸੰਗਤ ਮੰਡੀ (ਬਠਿੰਡਾ), 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਅਧੀਨ ਪੈਂਦੇ ਪਿੰਡ ਸੰਗਤ ਮੰਡੀ ਵਿਖੇ ਪੰਜਾਬ ਟਰੇਡ ਵਿੰਗ ਦੇ ਪੰਜਾਬ ਦੇ ਵਾਈਸ ਚੇਅਰਮੈਨ ਸ੍ਰੀ ਅਨਿਲ ਠਾਕੁਰ, ਬਠਿੰਡਾ ਦਿਹਾਤੀ ਦੇ ਚੇਅਰਮੈਨ ਨਰੇਸ਼ ਕੁਮਾਰ ਗੋਇਲ, ਚੇਅਰਮੈਨ ਮਾਲਵਾ ਵੈਸਟ ਡਾ. ਤਰਸੇਮ ਅਤੇ ਚੇਅਰਮੈਨ ਬਿਕਰਮ ਕੁਮਾਰ ਲਵਲੀ ਐਕਸਾਈਜ਼ ਐਂਡ ਟੈਕਸੇਸ਼ਨ ਵੱਲੋਂ ਵਪਾਰੀਆਂ ਅਤੇ ਦੁਕਾਨਦਾਰਾਂ ਨਾਲ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਮੰਡੀ ਵਿੱਚ ਕੰਮ ਕਰ ਰਹੇ ਵਪਾਰੀਆਂ ਅਤੇ ਦੁਕਾਨਦਾਰਾਂ ਦੀਆਂ ਮੁਸ਼ਕਲਾਂ ਧਿਆਨ ਨਾਲ ਸੁਣੀਆਂ।

ਮੀਟਿੰਗ ਦੌਰਾਨ ਵਪਾਰੀਆਂ ਵੱਲੋਂ ਮੰਡੀ ਨਾਲ ਸੰਬੰਧਿਤ ਕਈ ਸਮੱਸਿਆਵਾਂ ਅਤੇ ਮੁੱਦੇ ਉਠਾਏ ਗਏ, ਜਿਨ੍ਹਾਂ ਨੂੰ ਸੁਣਨ ਤੋਂ ਬਾਅਦ ਉਹਨਾਂ ਭਰੋਸਾ ਦਿਵਾਇਆ ਕਿ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਜਲਦ ਤੋਂ ਜਲਦ ਹੱਲ ਕਰਵਾਇਆ ਜਾਵੇਗਾ।

ਪੰਜਾਬ ਸਟੇਟ ਟਰੇਡਰ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਅਤੇ ਵਪਾਰਕ ਮਾਹੌਲ ਨੂੰ ਹੋਰ ਸੌਖਾ ਅਤੇ ਪਾਰਦਰਸ਼ੀ ਬਣਾਉਣਾ ਹੈ।

ਇਸ ਤਰ੍ਹਾਂ ਦੀਆਂ ਮੀਟਿੰਗਾਂ ਰਾਹੀਂ ਵਪਾਰੀਆਂ ਅਤੇ ਪ੍ਰਸ਼ਾਸਨ ਦਰਮਿਆਨ ਸੰਵਾਦ ਮਜ਼ਬੂਤ ਹੋ ਰਿਹਾ ਹੈ, ਜਿਸ ਨਾਲ ਵਪਾਰਕ ਗਤੀਵਿਧੀਆਂ ਨੂੰ ਨਵਾਂ ਉਤਸ਼ਾਹ ਮਿਲ ਰਿਹਾ ਹੈ।

ਮੀਟਿੰਗ ਦੌਰਾਨ ਪ੍ਰਸ਼ਾਸਨਿਕ ਅਧਿਕਾਰੀਆਂ ਨੇ ਵੀ ਮੌਜੂਦ ਰਹਿ ਕੇ ਵਪਾਰੀਆਂ ਦੇ ਮੁੱਦੇ ਸੁਣੇ ਅਤੇ ਮੰਡੀ ਪ੍ਰਬੰਧਾਂ ਨੂੰ ਹੋਰ ਬਿਹਤਰ ਬਣਾਉਣ ਲਈ ਸਹਿਯੋਗ ਦਾ ਭਰੋਸਾ ਦਿੱਤਾ।

ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਸ. ਬਲਕਰਨ ਸਿੰਘ ਮਾਹਲ, ਐਸ.ਐਚ.ਓ. ਥਾਣਾ ਸੰਗਤ ਤੋਂ ਇਲਾਵਾ ਵਪਾਰੀ ਵਰਗ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਵਿਕਾਸ ਪ੍ਰੋਜੈਕਟਾਂ ਦੀ ਸਿਰਜਣਾ ਨਾਲ ਪਿੰਡਾਂ ਦਾ ਕੀਤਾ ਜਾ ਰਿਹੈ ਸਰਪਵੱਖੀ ਵਿਕਾਸ : ਸਵਨਾ



**ਫਾਜ਼ਿਲਕਾ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਕੋਈ ਕਸਰ ਨਹੀਂ ਛੱਡ ਰਹੀ। ਪਿੰਡਾਂ ਵਿਖੇ ਬਾਹਰੀ ਅਤੇ ਅੰਦਰੂਨੀ ਸੜਕਾਂ ਤੇ ਫਿਰਨੀਆਂ ਦਾ ਜਿਥੇ ਨਵੀਨੀਕਰਨ ਕੀਤਾ ਜਾ ਰਿਹਾ ਹੈ ਉਥੇ ਲੋੜ ਅਨੁਸਾਰ ਨਵੀਆਂ ਸੜਕਾਂ ਦੀ ਉਸਾਰੀ ਵੀ ਕੀਤੀ ਜਾ ਰਹੀ ਹੈ। ਪਿੰਡਾਂ ਅੰਦਰ ਮਾਡਰਨ ਖੇਡ ਮੈਦਾਨ ਵੀ ਬਣਾਏ ਜਾ ਰਹੇ ਹਨ ਤਾਂ ਜੋ ਪਿੰਡਾਂ ਦਾ ਮੁਕੰਮਲ ਤੌਰ *ਤੇ ਵਿਕਾਸ ਹੋ ਸਕੇ।

ਇਸੇ ਲਗਾਤਾਰਤਾ ਵਿਚ ਵਿਧਾਇਕ ਫਾਜ਼ਿਲਕਾ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਉਝਾਂ ਵਾਲੀ ਅਤੇ ਨਵਾਂ ਉਝਾਂ ਵਾਲੀ ਵਿਖੇ ਕਰੀਬ 37 ਲੱਖ 43 ਹਜਾਰ ਨਾਲ ਸੀ.ਸੀ. ਫਲੋਰਿੰਗ ਸੜਕ ਦਾ ਨੀਂਹ ਪੱਥਰ ਰੱਖ ਕੇ ਸ਼ੁਰੂਆਤ ਕਰਵਾਈ । ਉਨ੍ਹਾਂ ਕਿਹਾ ਕਿ ਸੜਕਾਂ ਦੀ ਉਸਾਰੀ ਹੋਣ ਨਾਲ ਪਿੰਡ ਵਾਸੀਆਂ ਨੂੰ ਇਕ ਪਿੰਡ ਤੋਂ ਦੂਸਰੇ ਪਿੰਡ ਵਿਚ ਆਉਣਾ ਜਾਣਾ ਸੌਖਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਵੱਲੋਂ ਪਿੰਡ ਵਾਸੀਆਂ ਦੀਆਂ ਪਿਛਲੇ ਲੰਬੇ ਸਮੇਂ ਤੋਂ ਪਈਆਂ ਮੰਗਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਤਾਂ ਜੋ ਪਿੰਡ ਵਾਸੀਆਂ ਨੂੰ ਵਿਕਾਸ ਪੱਖੋਂ ਕੋਈ ਦਿੱਕਤ ਨਾ ਆਵੇ।

ਉਨ੍ਹਾਂ ਕਿਹਾ ਕਿ ਪਿੰਡ ਦੀ ਅੰਦਰੂਨੀ ਤੇ ਬਾਹਰਲੀ ਦਿਖ ਦੋਨਾ ਵਿਚ ਸੁਧਾਰ ਕੀਤਾ ਜਾ ਰਿਹਾ ਹੈ ਤਾਂ ਜੋ ਪਿੰਡਾਂ ਦੀ ਨੁਹਾਰ ਬਦਲੇ ਤਾਂ ਜੋ ਪਿੰਡ ਵੀ ਸ਼ਹਿਰਾਂ ਵਾਂਗ ਚਮਕਣ, ਇਹ ਹੀ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਆਉਣ ਜਾਣ ਨੂੰ ਲੈ ਕੇ ਲੋਕਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ ਅਤੇ ਸੁਰਖਿਅਤ ਤਰੀਕੇ ਨਾਲ ਲੋਕ ਦਿਨ ਰਾਤ ਸਮੇਂ ਆ ਜਾ ਸਕਣ, ਇਸ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਲੋਕ ਹਿਤ ਫੈਸਲੇ ਲੈ ਰਹੀ ਹੈ ਤੇ ਲੋਕਾਂ ਨੂੰ ਨਾਲ ਲੈ ਕੇ ਵਿਕਾਸ ਪ੍ਰੋਜੇਕਟ ਉਲੀਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਸੂਬੇ ਦਾ ਵਿਕਾਸ ਕਰਨ ਲਈ ਲਗਾਤਾਰ ਫੰਡ ਮੁਹੱਈਆ ਕਰਵਾ ਰਹੇ ਹਨ ਤਾਂ ਜੋ ਲੋਕਾਂ ਦਾ ਪੈਸਾ ਲੋਕਾਂ *ਤੇ ਹੀ ਲਗੇ। ਉਨ੍ਹਾਂ ਕਿਹਾ ਕਿ ਪਿੰਡਾਂ ਵਿਖੇ ਵੱਧ ਤੋਂ ਵੱਧ ਵਿਕਾਸ ਪ੍ਰੋਜੈਕਟ ਉਲੀਕ ਕੇ ਪਿੰਡਾਂ ਨੂੰ ਬੁਨਿਆਦੀ ਸਹੂਲਤਾਂ ਤੋਂ ਵਾਂਝਾ ਨਹੀਂ ਰਹਿਣ ਦਿੱਤਾ ਜਾਵੇਗਾ।

# ਉਮੀਦਵਾਰ ਵੰਸ਼ਦੀਪ ਸੈਣੀ ਨੇ 1.6 ਕਿਲੋਮੀਟਰ ਦੌੜ ਸਿਰਫ 4 ਮਿੰਟ 50 ਸਕਿੰਟ ਵਿੱਚ ਪੂਰੀ ਕੀਤੀ

**ਗੁਰਦਾਸਪੁਰ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਕਾਲਜ ਗੁਰਦਾਸਪੁਰ ਵਿੱਚ ਚੱਲ ਰਹੀ ਭਾਰਤੀ ਫੌਜ ਦੀ ਭਰਤੀ ਰੈਲੀ ਦੌਰਾਨ ਉਮੀਦਵਾਰ ਵੰਸ਼ਦੀਪ ਸੈਣੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 1.6 ਕਿਲੋਮੀਟਰ ਦੌੜ ਸਿਰਫ 4 ਮਿੰਟ 50 ਸਕਿੰਟ ਵਿੱਚ ਪੂਰੀ ਕਰਕੇ ਰਿਕਾਰਡ ਸਮਾਂ ਦਰਜ ਕੀਤਾ।




ਡਾਇਰੈਕਟਰ ਭਰਤੀ ਬੋਰਡ ਕਰਨਾ ਜੇਮਸ ਜੈਕਬ ਨੇ ਦੱਸਿਆ ਕਿ ਇਹ ਸਮਾਂ ਹੁਣ ਤੱਕ ਚੱਲ ਰਹੀ ਭਰਤੀ ਰੈਲੀ ਦੌਰਾਨ ਦਰਜ ਹੋਇਆ ਸਭ ਤੋਂ ਤੇਜ਼ ਸਮਾਂ ਹੈ, ਜੋ ਉਸਦੀ ਮਿਹਨਤ, ਅਨੁਸ਼ਾਸਨ ਅਤੇ ਵਧੀਆ ਫਿਟਨੈੱਸ ਨੂੰ ਦਰਸਾਉਂਦਾ ਹੈ।

ਉਨ੍ਹਾਂ ਦੱਸਿਆ ਕਿ ਸਰਕਾਰੀ ਕਾਲਜ ਗੁਰਦਾਸਪੁਰ ਵਿਖੇ ਭਰਤੀ ਰੈਲੀ ਵਿੱਚ ਨੌਜਵਾਨ ਪੂਰੇ ਉਤਸ਼ਾਹ ਨਾਲ ਹਿੱਸੇ ਲੈ ਰਹੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਉਮੀਦਵਾਰਾਂ ਲਈ ਸੁਚਾਰੂ ਢੰਗ ਨਾਲ ਕੀਤੇ ਗਏ ਹਨ।

ਉਨ੍ਹਾਂ ਕਿਹਾ ਕਿ ਇਹ ਭਰਤੀ ਰੈਲੀ ਨੌਜਵਾਨਾਂ ਨੂੰ ਨਿਰਪੱਖ, ਪਾਰਦਰਸ਼ੀ ਅਤੇ ਯੋਗਤਾ ਆਧਾਰਿਤ ਪ੍ਰਕਿਰਿਆ ਰਾਹੀਂ ਭਾਰਤੀ ਫੌਜ ਵਿੱਚ ਸ਼ਾਮਲ ਹੋਣ ਦਾ ਮੌਕਾ ਪ੍ਰਦਾਨ ਕਰ ਰਹੀ ਹੈ।

# ਨਵੇਂ ਰਾਸ਼ਨ ਕਾਰਡਾਂ ਲਈ ਖੁੱਲ੍ਹੀ 'ਛੁੱਟੀ' ਦਿੱਤੀ; ਗੱਡੀਆਂ ਤੇ ਜ਼ਮੀਨਾਂ ਵਾਲੇ ਵੀ ਲੈ ਸਕਣਗੇ ਰਾਸ਼ਨ

**ਚੰਡੀਗੜ੍ਹ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਹੁਣ ਨਵੇਂ ਰਾਸ਼ਨ ਕਾਰਡਾਂ (ਨੀਲੇ ਕਾਰਡਾਂ) ਲਈ ਸ਼ਰਤਾਂ 'ਚ ਖੁੱਲ੍ਹੀ ਛੁੱਟੀ ਦੇ ਦਿੱਤੀ ਹੈ। ਨਵੇਂ ਜਾਰੀ ਹੁਕਮਾਂ 'ਚ ਗੱਡੀਆਂ ਅਤੇ ਜ਼ਮੀਨਾਂ ਵਾਲੇ ਵੀ ਸਰਕਾਰੀ ਅਨਾਜ ਲੈ ਸਕਣਗੇ। ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸਰਕਾਰ ਨੇ ਨਵੇਂ ਰਾਸ਼ਨ ਕਾਰਡ ਬਣਾਉਣ ਲਈ ਕਈ ਢਿੱਲਾਂ ਐਲਾਨ ਦਿੱਤੀਆਂ ਹਨ। ਸੂਬਾ ਸਰਕਾਰ ਨੇ 2026-27 ਦੇ ਬਜਟ 'ਚ 10 ਲੱਖ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਐਲਾਨ ਕੀਤਾ ਸੀ। ਸਰਕਾਰ ਨੇ 11 ਸਤੰਬਰ 2025 ਨੂੰ ਜਾਰੀ ਨੋਟੀਫਿਕੇਸ਼ਨ ਹੁਣ ਪੂਰੀ ਤਰ੍ਹਾਂ ਪਲਟ ਦਿੱਤਾ ਹੈ ਜਿਸ 'ਚ ਕੇਂਦਰੀ ਫਾਰਮੂਲੇ ਨੂੰ ਪ੍ਰਵਾਨ ਕੀਤਾ ਗਿਆ ਸੀ।

ਕੇਂਦਰੀ ਫਾਰਮੂਲੇ ਤਹਿਤ ਕਰੀਬ 11 ਲੱਖ ਸ਼ੱਕੀ ਲਾਭਪਾਤਰੀ ਹਟਾਏ ਜਾਣੇ ਸਨ। ਸੂਬੇ ਦੇ ਖ਼ੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਨੇ 11 ਮਾਰਚ 2026 ਨੂੰ ਨੋਟੀਫਿਕੇਸ਼ਨ ਜਾਰੀ ਕਰ ਕੇ ਪੰਜਾਬ ਫੂਡ ਸਕਿਉਰਿਟੀ ਰੂਲਜ਼-2016 ਦੇ ਰੂਲਜ਼ 3(1) ਸ਼ਡਿਊਲ-1' ਨੂੰ ਤਬਦੀਲ ਕਰ ਦਿੱਤਾ ਹੈ। ਨਵੇਂ ਰਾਸ਼ਨ ਕਾਰਡ ਲਈ ਪਹਿਲਾਂ ਸਾਲਾਨਾ ਆਮਦਨ 1.80 ਲੱਖ ਦੀ ਸ਼ਰਤ ਸੀ ਜਿਸ ਨੂੰ ਵਧਾ ਕੇ 8 ਲੱਖ ਸਾਲਾਨਾ ਕਰ ਦਿੱਤਾ ਗਿਆ ਹੈ।

ਪਹਿਲਾਂ ਢਾਈ ਏਕੜ (ਉਪਜਾਊ) ਅਤੇ ਪੰਜ ਏਕੜ (ਬਰਾਨੀ) ਜ਼ਮੀਨ ਦੀ ਸ਼ਰਤ ਸੀ, ਜਿਸ ਨੂੰ ਹੁਣ ਖ਼ਤਮ ਕਰ ਦਿੱਤਾ ਗਿਆ ਹੈ; ਮਤਲਬ, ਵੱਡੇ ਕਿਸਾਨ ਜਿਨ੍ਹਾਂ ਦੀ ਸਾਲਾਨਾ ਅੱਠ ਲੱਖ ਤੋਂ ਘੱਟ ਆਮਦਨ ਹੋਵੇਗੀ, ਉਹ ਵੀ ਸਰਕਾਰੀ ਅਨਾਜ ਲੈ ਸਕਣਗੇ। ਚਾਰ ਪਹੀਆ ਵਾਹਨਾਂ ਵਾਲੇ ਲਾਭਪਾਤਰੀ ਪਹਿਲਾਂ ਨੀਲੇ ਕਾਰਡਾਂ ਲਈ ਅਯੋਗ ਐਲਾਨੇ ਗਏ ਸਨ ਪਰ ਹੁਣ ਉਹ ਯੋਗ ਬਣ ਗਏ ਹਨ। ਏ ਸੀ ਵਾਲੇ ਘਰਾਂ ਦੇ ਮਾਲਕਾਂ ਨੂੰ ਵੀ ਹੁਣ ਅਨਾਜ ਮਿਲ ਸਕੇਗਾ। ਆਮਦਨ ਕਰ ਭਰਨ ਵਾਲੇ ਪਹਿਲਾਂ ਅਯੋਗ ਸਨ ਪਰ ਹੁਣ ਉਨ੍ਹਾਂ ਨੂੰ ਯੋਗ ਮੰਨਿਆ ਗਿਆ ਹੈ।

ਸ਼ਹਿਰੀ ਖੇਤਰ ਦੇ ਲੋਕਾਂ ਲਈ ਹੁਣ 100 ਗਜ਼ ਦੇ ਮਕਾਨ ਦੀ ਸ਼ਰਤ ਵੀ ਹਟਾ ਦਿੱਤੀ ਗਈ ਹੈ। ਇਸੇ ਤਰ੍ਹਾਂ ਕੰਪਨੀਆਂ ਦੇ ਡਾਇਰੈਕਟਰਾਂ, ਜਿਨ੍ਹਾਂ ਨੂੰ ਪਹਿਲਾਂ ਅਯੋਗ ਮੰਨਿਆ ਗਿਆ ਸੀ, ਲਈ ਵੀ ਹੁਣ ਨਵੇਂ ਰਾਸ਼ਨ ਕਾਰਡ ਬਣਾਉਣ ਦੇ ਰਾਹ ਖੋਲ੍ਹ ਦਿੱਤੇ ਗਏ ਹਨ। ਸਰਕਾਰੀ ਮੁਲਾਜ਼ਮਾਂ ਨੂੰ ਛੱਡ ਕੇ ਬਾਕੀ ਸਭ ਲਈ ਇੱਕ ਤਰੀਕੇ ਨਾਲ ਨਵੇਂ ਰਾਸ਼ਨ ਕਾਰਡ ਬਣਾਉਣ ਦਾ ਰਾਹ ਖੋਲ੍ਹ ਦਿੱਤਾ ਗਿਆ ਹੈ। ਨਵੇਂ ਫਾਰਮੂਲੇ ਤਹਿਤ ਜੋ ਨਵੇਂ ਰਾਸ਼ਨ ਕਾਰਡ ਧਾਰਕ ਹੋਣਗੇ, ਉਨ੍ਹਾਂ ਨੂੰ ਸਰਕਾਰ 'ਮੇਰੀ ਰਸੋਈ' ਸਕੀਮ ਤਹਿਤ ਮੁਫ਼ਤ ਰਾਸ਼ਨ ਵੀ ਦੇਵੇਗੀ। ਗੱਡੀਆਂ ਅਤੇ ਜ਼ਮੀਨਾਂ ਵਾਲੇ ਵੀ ਹਰ ਤਿਮਾਹੀ ਦੋ ਕਿੱਲੋ ਖੰਡ, ਦੋ ਕਿਲੋ ਦਾਲਾਂ, ਇੱਕ ਲਿਟਰ ਸਰ੍ਹੋਂ ਦਾ ਤੇਲ ਅਤੇ 200 ਗਰਾਮ ਹਲਦੀ ਮੁਫ਼ਤ ਲੈਣ ਦੇ ਯੋਗ ਹੋ ਜਾਣਗੇ।

ਚੇਤੇ ਰਹੇ ਕਿ ਕੇਂਦਰ ਸਰਕਾਰ ਵੱਲੋਂ ਕੌਮੀ ਖ਼ੁਰਾਕ ਸੁਰੱਖਿਆ ਐਕਟ ਤਹਿਤ ਰਾਸ਼ਨ ਕਾਰਡ 'ਚ ਦਰਜ ਹਰ ਮੈਂਬਰ ਨੂੰ ਪੰਜ ਕਿਲੋ ਕਣਕ ਹਰ ਮਹੀਨੇ ਦਿੱਤੀ ਜਾ ਰਹੀ ਹੈ।

ਪੰਜਾਬ 'ਚ ਇਸ ਵੇਲੇ 41.47 ਲੱਖ ਰਾਸ਼ਨ ਕਾਰਡਧਾਰਕ ਹਨ ਅਤੇ ਕਰੀਬ 1.54 ਕਰੋੜ ਲਾਭਪਾਤਰੀ ਹਨ।

**ਦਾਇਰੇ 'ਚੋਂ ਸਿਰਫ਼ ਮੁਲਾਜ਼ਮ ਹੋਏ ਬਾਹਰ**

ਖ਼ੁਰਾਕ ਤੇ ਸਿਵਲ ਸਪਲਾਈਜ਼ ਵਿਭਾਗ ਦੇ ਸੀਨੀਅਰ ਅਧਿਕਾਰੀ ਨੇ ਕਿਹਾ ਕਿ ਨਵੇਂ ਰਾਸ਼ਨ ਕਾਰਡਾਂ ਲਈ ਕੇਂਦਰ ਸਰਕਾਰ ਵੱਲੋਂ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ (ਈ ਡਬਲਿਊ ਐੱਸ) ਲਈ ਅਪਣਾਏ ਫਾਰਮੂਲੇ ਨੂੰ ਹੀ ਅਪਣਾਇਆ ਗਿਆ ਹੈ। ਅੱਠ ਲੱਖ ਸਾਲਾਨਾ ਤੋਂ ਘੱਟ ਆਮਦਨ ਵਾਲਾ ਵਿਅਕਤੀ ਨਵਾਂ ਰਾਸ਼ਨ ਕਾਰਡ ਬਣਵਾ ਸਕੇਗਾ ਅਤੇ ਸਰਕਾਰੀ ਮੁਲਾਜ਼ਮ ਇਸ ਦਾਇਰੇ 'ਚੋਂ ਬਾਹਰ ਰੱਖੇ ਗਏ ਹਨ।

# ਪੈਨਸ਼ਨਰਾਂ ਨੂੰ 31 ਮਾਰਚ ਤੱਕ ਡਿਜੀਟਲ ਲਾਈਫ ਸਰਟੀਫਿਕੇਟ ਜਮਾਂ ਕਰਵਾਉਣਾ ਲਾਜ਼ਮੀ

**ਹੁਸ਼ਿਆਰਪੁਰ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਰਾਜ ਦੇ ਪੈਨਸ਼ਨਰਾਂ ਨੂੰ ਪੈਨਸ਼ਨ ਦਾ ਭੁਗਤਾਨ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਕਰਨ ਲਈ ਲਾਈਫ ਸਰਟੀਫਿਕੇਟ ਆਨਲਾਈਨ ਸਵੀਕਾਰੇ ਜਾ ਰਹੇ ਹਨ ਪਰ ਫਿਰ ਵੀ ਕਈ ਪੈਨਸ਼ਨਰਾਂ ਅਤੇ ਬੈਂਕਾਂ ਵੱਲੋਂ ਜੀਵਨ ਪ੍ਰਮਾਣ ਪੱਤਰ ਆਫਲਾਈਨ ਜਾਂ ਦਸਤੀ ਰੂਪ ਵਿੱਚ ਜਮਾਂ ਕਰਵਾਏ ਗਏ ਹਨ। ਇਸ ਬਾਰੇ ਰਾਜ ਸਰਕਾਰ ਵੱਲੋਂ ਇਕ ਵਾਰ ਫਿਰ ਸਭ ਪੈਨਸ਼ਨਰਾਂ ਨੂੰ ਜੀਵਨ ਪ੍ਰਮਾਣ ਪੱਤਰ/ਲਾਈਫ ਸਰਟੀਫਿਕੇਟ ਆਨਲਾਈਨ ਰੂਪ ਵਿੱਚ ਜਮਾਂ ਕਰਵਾਉਣ ਦੀ ਅਪੀਲ ਕੀਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਦੇਸ ਰਾਜ ਨੇ ਦੱਸਿਆ ਕਿ ਜਿਨ੍ਹਾਂ ਪੈਨਸ਼ਨਰਾਂ ਵੱਲੋਂ ਲਾਈਫ ਸਰਟੀਫਿਕੇਟ ਆਨ ਲਾਈਨ ਜਮਾਂ ਨਹੀ ਕਰਵਾਏ, ਉਹ 31 ਮਾਰਚ 2026 ਤੱਕ ਇਸਨੂੰ ਆਪਣੇ ਨਜ਼ਦੀਕੀ ਜ਼ਿਲ੍ਹਾ ਖ਼ਜ਼ਾਨਾ ਦਫ਼ਤਰ ਜਾਂ ਉੱਪ ਖ਼ਜ਼ਾਨਾ ਦਫ਼ਤਰ, ਆਪਣੀ ਬੈਂਕ ਬ੍ਰਾਂਚ, ਸੇਵਾ ਕੇਂਦਰ, ਹੈਪਲਲਾਈਨ ਨੰਬਰ 1076 ਤੇ ਕਾਲ ਕਰਕੇ ਜਾਂ ਫਿਰ 'ਜੀਵਨ ਪ੍ਰਮਾਣ ਪੱਤਰ' ਮੋਬਾਈਲ ਐਪ ਰਾਹੀਂ ਖ਼ੁਦ ਆਪ ਜਮਾਂ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਆਨਲਾਈਨ ਸਰਟੀਫਿਕੇਟ ਜਮਾਂ ਕਰਵਾਉਣ ਉਪਰੰਤ ਪੈਨਸ਼ਨਰ ਨੂੰ ਤੁਰੰਤ ਇਸ ਸਬੰਧੀ ਸਰਟੀਫਿਕੇਟ ਫੋਨ 'ਤੇ ਪ੍ਰਾਪਤ ਹੋ ਜਾਂਦਾ ਹੈ। ਪੈਨਸ਼ਨ ਬਿਨ੍ਹਾਂ ਕਿਸੀ ਰੁਕਾਵਟ ਦੇ ਜਾਰੀ ਰੱਖਣ ਲਈ ਸਰਟੀਫਿਕੇਟ ਜਮਾਂ ਕਰਵਾਉਣ ਹਿਤ ਪੈਨਸ਼ਨਰ ਆਪਣੀ ਪੈਨਸ਼ਨ ਬੁੱਕ, ਖਾਤਾ ਨੰਬਰ, ਅਧਾਰ ਕਾਰਡ ਤੇ ਫੋਨ ਨਾਲ ਲੈ ਕੇ ਜਾਣਾ ਨਾ ਭੁੱਲੇ।

# ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਪੂਰਨ ਯਤਨਸ਼ੀਲ



**ਫਾਜ਼ਿਲਕਾ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਟੇਟ ਅਤੇ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮ ਸ਼੍ਰੀ ਜਿਤੇਂਦਰ ਸਿੰਘ ਸ਼ੰਟੀ ਨੇ ਅੱਜ ਫਾਜ਼ਿਲਕਾ ਵਿਖੇ ਮਨੁੱਖੀ ਅਧਿਕਾਰ ਜਾਗਰੂਕਤਾ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਨ ਸਬੰਧੀ ਖੁੱਲ੍ਹੀ ਸੁਣਵਾਈ ਦਾ ਕੈਂਪ ਦੀ ਪ੍ਰਧਾਨਗੀ ਕੀਤੀ। ਇਸ ਮੌਕੇ ਜਿਤੇਂਦਰ ਸਿੰਘ ਸ਼ੰਟੀ ਨੇ ਜ਼ੋਰ ਦੇ ਕਿਹਾ ਕਿ ਮਨੁੱਖੀ ਅਧਿਕਾਰ ਕਮਿਸ਼ਨ ਮਨੁੱਖੀ ਅਧਿਕਾਰਾਂ ਦੀ ਜਾਗਰੂਕਤਾ ਸਮੇਤ ਕਿਸੇ ਵੀ ਤਰ੍ਹਾਂ ਦੇ ਪੀੜਤਾਂ ਦੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਕੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਰਾਜ ਭਰ ਦੇ ਹਰ ਜ਼ਿਲ੍ਹੇ ਤੱਕ ਪਹੁੰਚ ਬਣਾ ਰਿਹਾ ਹੈ। ਉਨ੍ਹਾਂ ਕਮਿਸ਼ਨ ਵੱਲੋਂ ਲੋਕਾਂ ਦੀਆਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਉਤੇ ਸ਼ਿਕਾਇਤ ਕਰਨ ਲਈ ਵਟਸਐਪ ਨੰਬਰ 98554-75547 ਜਾਰੀ ਕਰਦਿਆਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਕਮਿਸ਼ਨ ਨੂੰ ਦਿੱਤੀ ਜਾਵੇ ਜਿਸ 'ਤੇ ਯਕੀਨਨ ਕਾਰਵਾਈ ਹੋਵੇਗੀ। ਇਸ ਮੌਕੇ ਸ. ਸ਼ੰਟੀ ਨੇ ਦੱਸਿਆ ਕਿ ਕਮਿਸ਼ਨ ਵੱਲੋਂ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਨਵੀਆਂ ਹਦਾਇਤਾਂ ਜਾਰੀਆਂ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਦੱਸਿਆ ਕਿ ਕਿ ਕਮਿਸ਼ਨ ਵੱਲੋਂ ਰਾਜ ਭਰ ਦੇ ਸਾਰੇ ਜ਼ਿਲ੍ਹਿਆਂ ਵਿੱਚ 15 ਮੈਂਬਰੀ ਕੋਰ ਗਰੁੱਪਾਂ ਦਾ ਗਠਨ ਕੀਤਾ ਜਾ ਰਿਹਾ ਹੈ, ਜਿਸ ਵਿੱਚ ਜ਼ਿਲ੍ਹੇ ਦੀਆਂ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਣਗੇ ਤਾਂ ਕਿ ਪੀੜਤਾਂ ਨੂੰ ਤੁਰੰਤ ਨਿਆਂ ?ਦਿਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਦਫ਼ਤਰੀ ਕੰਮਾਂ ਵਾਲੇ ਦਿਨ ਸੋਮਵਾਰ ਤੋਂ ਸ਼ੁੱਕਰਵਾਰ 11 ਤੋਂ 1 ਵਜੇ ਤੱਕ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ, ਵਧੀਕ ਡਿਪਟੀ ਕਮਿਸ਼ਨਰ ਤੇ ਡਿਪਟੀ ਕਮਿਸ਼ਨਰ ਦਫ਼ਤਰ ਦੇ ਨੁਮਾਇੰਦੇ ਨੂੰ ਮਿਲ ਸਕਦੇ ਹਨ। ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਦੇ ਮੁਖੀਆਂ, ਪਿੰਡਾਂ ਦੇ ਸਰਪੰਚਾਂ ਤੇ ਆਮ ਲੋਕਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਸੀਸੀਟੀਵੀ ਕੈਮਰੇ, ਹਸਪਤਾਲਾਂ ਦੇ ਹਾਲਾਤ, ਜੇਲ੍ਹਾਂ, ਥਾਣਿਆਂ, ਚੌਂਕੀਆਂ, ਕੁਦਰਤੀ ਆਪਦਾ ਸਬੰਧੀ ਤਿਆਰੀ, ਫਾਇਰ ਬ੍ਰਿਗੇਡ ਅਤੇ ਨਿੱਜੀ ਸ਼ਿਕਾਇਤਾਂ ਤੋਂ ਇਲਾਵਾ ਜ਼ੁਰਮ, ਨਸ਼ਾ ਅਤੇ ਕੁੱਝ ਅਣਗੋਲੇ ਪਾਰਕਾਂ ਵਿੱਚ ਨਸ਼ੇੜੀਆਂ ਵੱਲੋਂ ਜੂਆ ਖੇਡਣ ਸਬੰਧੀ ਤੱਕ ਦੀਆਂ ਹਰ ਸ਼ਿਕਾਇਤਾਂ ਨੂੰ ਗੌਰ ਨਾਲ ਸੁਣਿਆ ਅਤੇ ਤੁਰੰਤ ਕਾਰਵਾਈ ਦਾ ਭਰੋਸਾ ਦਿੱਤਾ।

ਉਨ੍ਹਾਂ ਅੱਗੇ ਕਿਹਾ ਕਿ ਕਮਿਸ਼ਨ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕੋਈ ਵੀ ਹਸਪਤਾਲ ਬਿੱਲ ਬਕਾਇਆ ਹੋਣ ਦੀ ਸੂਰਤ ਵਿਚ ਮ੍ਰਿਤਕ ਵਿਅਕਤੀ ਦੀ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪਣ ਤੋਂ ਇਨਕਾਰ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਪਾਸ ਬੀਮਾ ਹੈ ਤਾਂ ਉਹ ਲਿਖਤੀ ਰੂਪ ਵਿੱਚ ਹਸਪਤਾਲ ਨੂੰ ਬੀਮੇ ਦੇ ਪੈਸੇ ਆਉਣ ਤੇ ਬਿੱਲ ਦੇਣ ਦਾ ਵਾਅਦਾ ਕਰਕੇ ਮ੍ਰਿਤਕ ਦੀ ਦੇਹ ਲਿਜਾ ਸਕਦੇ ਹਨ। ਜੇਕਰ ਫਿਰ ਵੀ ਕਿਸੇ ਨੂੰ ਦਿੱਕਤ ਆਉਂਦੀ ਹੈ ਤਾਂ ਉਹ ਜ਼ਿਲ੍ਹਾ ਪ੍ਰਸ਼ਾਸਨ ਤੇ ਮਾਨਵ ਅਧਿਕਾਰ ਕਮਿਸ਼ਨ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਜੋ ਲੋਕ ਸਸਕਾਰ ਦਾ ਖ਼ਰਚਾ ਸਹਿਣ ਨਹੀਂ ਕਰ ਸਕਦੇ, ਉਨ੍ਹਾਂ ਨੂੰ ਅਧਿਕਾਰੀਆਂ ਵੱਲੋਂ ਬਿਨਾਂ ਕਿਸੇ ਕੀਮਤ ਦੇ ਸਸਕਾਰ ਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾਣ। ਉਨ੍ਹਾਂ ਕਿਹਾ ਕਿ 10 ਬਿਸਤਰਿਆਂ ਵਾਲੇ ਹਰੇਕ ਹਸਪਤਾਲ ਵਿਖੇ ਇਕ ਮੁਰਦਾਘਰ ਤੇ ਐਂਬੂਲੈਂਸ ਹੋਣੀ ਜ਼ਰੂਰੀ ਹੈ। ਉਨ੍ਹਾਂ ਪੁਲਿਸ ਵਿਭਾਗ ਨੂੰ ਵੀ ਹਦਾਇਤ ਕੀਤੀ ਕਿ ਪੁਲਿਸ ਥਾਣਿਆਂ ਵਿਚ ਮਹਿਲਾਵਾਂ ਲਈ ਵੱਖਰੀ ਬਾਥਰੂਮ ਸਹੂਲਤ ਅਤੇ ਬੈਠਣ ਆਦਿ ਦੀ ਸਹੂਲਤ ਨੂੰ ਸੁਚੱਜੇ ਢੰਗ ਨਾਲ ਮੁਹੱਈਆ ਕਰਵਾਇਆ ਜਾਵੇ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨ.) ਡਾ. ਮਨਦੀਪ ਕੌਰ, ਵਧੀਕ ਡਿਪਟੀ ਕਮਿਸ਼ਨਰ ਵਿਕਾਸ ਜਗਵਿੰਦਰਜੀਤ ਸਿੰਘ ਗਰੇਵਾਲ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਹਰਜਿੰਦਰ ਸਿੰਘ, ਐਸ.ਪੀ, ਕੇਂਦਰੀ ਜੇਲ੍ਹ ਦੇ ਸੁਪਰਡੈਂਟ, ਨਗਰ ਕੌਂਸਲ, ਸਿਹਤ ਵਿਭਾਗ ਤੇ ਹੋਰ ਵਿਭਾਗਾਂ ਦੇ ਅਧਿਕਾਰੀਆਂ ਤੋਂ ਇਲਾਵਾ ਸਰਪੰਚ ਤੇ ਸਮਾਜ ਸੇਵੀ ਸੰਸਥਾਵਾਂ ਦੇ ਮੈਂਬਰ ਹਾਜ਼ਰ ਸਨ।

# ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਈ ਗਈ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਤਹਿਤ ਨਵੀਂ ਆਬਾਦੀ ਵਿੱਚ ਵਪਾਰੀਆਂ ਨਾਲ ਇੱਕ ਮੀਟਿੰਗ

**ਅਬੋਹਰ, 19 ਮਾਰਚ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਬਣਾਈ ਗਈ ਪੰਜਾਬ ਸਟੇਟ ਟ੍ਰੇਡਰਜ਼ ਕਮਿਸ਼ਨ ਦੇ ਤਹਿਤ ਜ਼ਿਲ੍ਹਾ ਫਾਜ਼ਿਲਕਾ ਦੇ ਸ਼ਹਿਰ ਅਬੋਹਰ ਦੀ ਦੁਰਗਯਾਨਾ ਮਾਰਕਿਟ, ਨਵੀਂ ਆਬਾਦੀ ਵਿੱਚ ਵਪਾਰੀਆਂ ਨਾਲ ਇੱਕ ਮੀਟਿੰਗ ਆਯੋਜਿਤ ਕੀਤੀ ਗਈ। ਇਹ ਮੀਟਿੰਗ ਐਸ.ਡੀ.ਐਮ. ਅਬੋਹਰ ਦੀ ਅਗਵਾਈ ਹੇਠ ਹੋਈ ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਸੰਘ ਦੇ ਪ੍ਰਤੀਨਿਧੀਆਂ ਨੇ ਭਾਗ ਲਿਆ। ਮੀਟਿੰਗ ਵਿੱਚ ਪੁਲਿਸ ਵਿਭਾਗ, ਆਬਕਾਰੀ ਅਤੇ ਕਰ ਵਿਭਾਗ ਸਮੇਤ ਹੋਰ ਸੰਬੰਧਤ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਰਹੇ।ਮੀਟਿੰਗ ਦੌਰਾਨ ਅਧਿਕਾਰੀਆਂ ਵੱਲੋਂ ਦੱਸਿਆ ਗਿਆ ਕਿ ਕਮਿਸ਼ਨ ਰਾਜ ਪੱਧਰ, ਜ਼ਿਲ੍ਹਾ ਪੱਧਰ ਅਤੇ ਵਿਧਾਨ ਸਭਾ ਪੱਧਰ 'ਤੇ ਕੰਮ ਕਰ ਰਿਹਾ ਹੈ ਅਤੇ ਸਥਾਨਕ ਪੱਧਰ ਦੀਆਂ ਸਮੱਸਿਆਵਾਂ ਦੇ ਤੁਰੰਤ ਨਿਵਾਰਨ ਲਈ ਵਪਾਰੀਆਂ ਦੇ ਪ੍ਰਤੀਨਿਧੀਆਂ ਨੂੰ ਵੀ ਕਮੇਟੀਆਂ ਵਿੱਚ ਸ਼ਾਮਲ ਕੀਤਾ ਗਿਆ ਹੈ। ਵਪਾਰੀਆਂ ਵੱਲੋਂ ਮਾਰਕੀਟ ਵਿੱਚ ਪੁਲਿਸ ਸੁਰੱਖਿਆ ਪ੍ਰਬੰਧ, ਬਾਥਰੂਮ ਦਾ ਪ੍ਰਬੰਧ, ਕਾਰ ਪਾਰਕਿੰਗ, ਬਿਜਲੀ ਦੀਆਂ ਤਾਰਾਂ ਅਤੇ ਮੈਡੀਕਲ ਐਮਰਜੈਂਸੀ ਸਹੂਲਤਾਂ ਵਰਗੀਆਂ ਮੁੱਖ ਸਮੱਸਿਆਵਾਂ ਉਠਾਈਆਂ ਗਈਆਂ। ਮਾਰਕੀਟ ਐਸੋਸੀਏਸ਼ਨ ਦੇ ਪ੍ਰਧਾਨ ਵੱਲੋਂ ਮਾਰਕੀਟ ਇਲਾਕੇ ਵਿੱਚ ਪੁਲਿਸ ਗਸ਼ਤ ਵਧਾਉਣ ਦੀ ਮੰਗ ਕੀਤੀ ਗਈ, ਜਿਸ 'ਤੇ ਪੁਲਿਸ ਅਧਿਕਾਰੀਆਂ ਨੇ ਯੋਗ ਕਾਰਵਾਈ ਦਾ ਭਰੋਸਾ ਦਿੱਤਾ। ਇਸ ਤੋਂ ਇਲਾਵਾ ਮੈਡੀਕਲ ਐਮਰਜੈਂਸੀ ਸਹੂਲਤ ਅਤੇ ਹੋਰ ਬੁਨਿਆਦੀ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਵੀ ਜਲਦੀ ਕਦਮ ਚੁੱਕਣ ਦੀ ਗੱਲ ਕਹੀ ਗਈ।ਮੀਟਿੰਗ ਦੌਰਾਨ ਅਧਿਕਾਰੀਆਂ ਵੱਲੋਂ ਵਪਾਰੀਆਂ ਦੀਆਂ ਸਮੱਸਿਆਵਾਂ ਧਿਆਨ ਨਾਲ ਸੁਣੀਆਂ ਗਈਆਂ ਅਤੇ ਭਰੋਸਾ ਦਿਵਾਇਆ ਗਿਆ ਕਿ ਉਠਾਏ ਗਏ ਸਾਰੇ ਜਾਇਜ਼ ਮਸਲਿਆਂ ਦਾ ਸੰਬੰਧਤ ਵਿਭਾਗਾਂ ਨਾਲ ਸਹਿਯੋਗ ਕਰਕੇ ਜਲਦੀ ਹੱਲ ਕੀਤਾ ਜਾਵੇਗਾ।




ਮੀਟਿੰਗ ਦੇ ਅੰਤ 'ਤੇ ਪ੍ਰਸ਼ਾਸਨ ਅਤੇ ਵਪਾਰੀਆਂ ਵੱਲੋਂ ਆਪਸੀ ਸਹਿਯੋਗ ਨਾਲ ਸ਼ਹਿਰ ਦੇ ਵਪਾਰਕ ਮਾਹੌਲ ਨੂੰ ਹੋਰ ਬਿਹਤਰ ਬਣਾਉਣ ਲਈ ਮਿਲਜੁਲ ਕੇ ਕੰਮ ਕਰਨ ਦੀ ਭਾਵਨਾ ਪ੍ਰਗਟ ਕੀਤੀ ਗਈ। ਮੀਟਿੰਗ ਕਰੀਬ 06.30 ਵਜੇ, ਹਲਕਾ ਇੰਚਾਰਜ਼ ਅਰੁਨ ਨਾਰੰਗ ਜੀ ਦੁਆਰਾ ਸਾਰਿਆਂ ਦਾ ਧੰਨਵਾਦ ਕਰਦੇ ਹੋਏ ਖਤਮ ਕੀਤੀ ਗਈ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸਰਜੀਤੀ ਨੂੰ ਝਟਕਾ; ਬਲਾਕ ਸੰਮਤੀ ਮੈਂਬਰ ਕਰਮਜੀਤ ਕੌਰ ਖੇੜਕੀ ਪਰਿਵਾਰ ਸਮੇਤ ਸ਼੍ਰੋਮਣੀ ਅਕਾਲੀ ਦਲ 'ਚ ਸ਼ਾਮਿਲ

## ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇਣ ਵਾਲਿਆਂ ਦਾ ਸਰਕਾਰ ਆਉਣ 'ਤੇ ਕੀਤਾ ਜਾਵੇਗਾ ਮਾਨ ਸਨਮਾਨ: ਹਰਿਆਊ



**ਪਟਿਆਲਾ, 19 ਮਾਰਚ**
**ਅਮਰਜੀਤ ਸਿੰਘ**
**-ਕੌਮੀ ਪੱਤ੍ਰਿਕਾ ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਵੱਲੋਂ 2027 ਦੀਆਂ ਵਿਧਾਨ ਸਭਾ ਦੀਆਂ ਚੋਣਾਂ ਦਾ ਵਿਗਲ ਹੁਣ ਤੋਂ ਹੀ ਵਜਾ ਦਿੱਤਾ ਹੈ। ਜਿਸ ਤਹਿਤ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸੂਬੇ ਅੰਦਰ ਲਗਾਤਾਰ ਹਲਕਿਆਂ ਵਿੱਚ ਰੈਲੀਆਂ ਕੀਤੀਆਂ ਜਾ ਰਹੀਆਂ ਹਨ ਜਿਸ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਵੱਡਾ ਹੁੰਗਾਰਾ ਮਿਲ ਰਿਹਾ ਹੈ ਇਸੇ ਅਨੁਸਾਰ ਸਮਾਣਾ ਹਲਕੇ ਅੰਦਰ 19 ਮਾਰਚ ਨੂੰ ਦਾਨਾ ਮੰਡੀ ਵਿਖੇ ਰੈਲੀ ਦੀਆਂ ਤਿਆਰੀਆਂ ਜੰਗੀ ਪੱਧਰ ਤੇ ਕੀਤੀਆਂ ਜਾ ਰਹੀਆਂ ਹਨ ਜਿਸ ਨੂੰ ਲੈ ਕੇ ਸਮਾਣਾ ਹਲਕਾ ਇੰਚਾਰਜ ਤੇ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਪਟਿਆਲਾ ਦਿਹਾਤੀ ਦੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਵੱਲੋਂ ਲਗਾਤਾਰ ਪਾਰਟੀ ਨੂੰ ਮਜਬੂਤ ਕਰਨ ਲਈ ਸਿਲਸਿਲਾ ਤੇਜ਼ ਕੀਤਾ ਹੋਇਆ ਹੈ ਜਿਸ ਤਹਿਤ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤੀ ਨੂੰ ਉਸ ਸਮੇਂ ਵੱਡਾ ਝਟਕਾ ਲੱਗਿਆ ਜਦੋਂ ਮੌਜੂਦਾ ਬਲਾਕ ਸੰਮਤੀ ਮੈਂਬਰ ਕਰਮਜੀਤ ਕੌਰ ਖੇੜਕੀ ਨੇ ਪਰਿਵਾਰ ਸਮੇਤ ਜਗਮੀਤ ਸਿੰਘ ਹਰਿਆਊ ਦੀ ਅਗਵਾਈ ਚ ਸ਼੍ਰੋਮਣੀ ਅਕਾਲੀ ਦਲ ਵਿੱਚ ਜਾਣ ਦਾ ਫੈਸਲਾ ਕਰ ਦਿੱਤਾ ਜਿੱਥੇ ਪ੍ਰਧਾਨ ਜਗਮੀਤ ਸਿੰਘ ਹਰਿਆਊ ਨੇ ਬਲਾਕ ਸੰਮਤੀ ਮੈਂਬਰ ਕਰਮਜੀਤ ਕੌਰ ਖੇੜਕੀ ਅਤੇ ਉਸ ਦੇ ਪਤੀ ਮੁਖਤਿਆਰ ਸਿੰਘ ਨੂੰ ਸਰੋਪਾ ਦੇ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ ਜਿੱਥੇ ਉਸਨੇ ਕਰਮਜੀਤ ਕੌਰ ਅਤੇ ਉਸਦੇ ਸਮੁੱਚੇ ਪਰਿਵਾਰ ਦਾ ਸ਼੍ਰੋਮਣੀ ਅਕਾਲੀ ਦਲ ਨਾਲ ਚੱਲਣ ਦਾ ਫੈਸਲੇ ਦਾ ਨਿੱਘਾ ਸਵਾਗਤ ਕੀਤਾ ਇਸ ਮੌਕੇ ਪ੍ਰਧਾਨ ਹਰਿਆਊ ਨੇ ਕਿਹਾ ਕਿ 19 ਦੀ ਰੈਲੀ ਤੋਂ ਪਹਿਲਾਂ ਜੋ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਿਲ ਹੋਣ ਵਾਲੇ ਆਗੂ ਹਨ ਉਹਨਾਂ ਨੂੰ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਾਲੀ ਸਰਕਾਰ ਬਣਨ ਤੇ ਪੂਰਾ ਮਾਨ ਸਨਮਾਨ ਦਿੱਤਾ ਜਾਵੇਗਾ।

ਸ਼ਾਮਿਲ ਹੋਣ ਸਮੇਂ ਸਮਾਣਾ ਹਲਕੇ ਦੇ ਟਕਸਾਲੀ ਅਕਾਲੀ ਆਗੂ ਸ਼੍ਰੋਮਣੀ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ, ਅਮਰਜੀਤ ਸਿੰਘ ਟੋਡਰਪੁਰ,ਹਰਮਨ ਬੱਲ,ਅਮਰਜੀਤ ਗੁਰਾਇਆ, ਨਿਸ਼ਾਨ ਸੰਧੂ, ਮਲਕੀਤ ਲਾਡੀ ਚੀਮਾ ਭੁਪਿੰਦਰ ਘਿਓਰਾ ,ਅੰਮ੍ਰਿਤਪਾਲ ਚੌਂ ,ਗੁਰਪ੍ਰੀਤ ਵੜੈਚ, ਰੇਸ਼ਮ ਚੱਠਾ, ਚਰਨਜੀਤ ਕਰਹਾਲੀ,ਗਰਜੰਟ ਸੰਧੂ, ਖੇੜਕੀ ਵਿਖੇ ਸਰਕਲ ਪ੍ਰਧਾਨ ਗੁਰਤੇਜ ਸਿੰਘ ਘੁਮਾਣ, ਬਰਿੰਦਰ ਸਿੰਘ ਵੀ ਹਾਜ਼ਰ ਸਨ ਇਸ ਮੌਕੇ ਪ੍ਰਧਾਨ ਹਰਿਆਊ ਨੇ ਕਿਹਾ ਕਿ ਜਲਦ ਹੀ ਸ਼੍ਰੋਮਣੀ ਅਕਾਲੀ ਦਲ ਵਿੱਚ ਹੋਰ ਵੱਖ ਵੱਖ ਪਾਰਟੀਆਂ ਦੇ ਆਗੂ ਤੇ ਵਰਕਰ ਸ਼ਾਮਿਲ ਹੋਣਗੇ ਜਿਸ ਨਾਲ ਪਾਰਟੀ ਹੋਰ ਮਜਬੂਤ ਹੋਵੇਗੀ ਉਹਨਾਂ ਕਿਹਾ ਕਿ ਸਮਾਣਾ ਵਿਖੇ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਸਮੁੱਚਾ ਯੂਥ ਅਕਾਲੀ ਦਲ ਵੀ ਮੀਟਿੰਗਾਂ ਕਰਕੇ ਲੋਕਾਂ ਨੂੰ ਰੈਲੀ ਵਿੱਚ ਸ਼ਾਮਿਲ ਹੋਣ ਲਈ ਜਾਗਰੂਕ ਕਰ ਰਿਹਾ ਹੈ ਤਾਂ ਜੋ ਸ਼੍ਰੋਮਣੀ ਦਲ ਦਲ ਦੇ ਰਾਜ ਸਮੇਂ ਕੀਤੇ ਗਏ ਕਾਰਜ ਸਬੰਧੀ ਲੋਕਾਂ ਨੂੰ ਦੱਸੇ ਜਾ ਸਕੇ ਅਤੇ ਭਵਿੱਖ ਵਿੱਚ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ ਤੇ ਲੋਕਾਂ ਨੂੰ ਮੁੜ ਤੋਂ ਪਹਿਲਾਂ ਦੀ ਤਰਾਂ ਵੱਖ-ਵੱਖ ਸਕੀਮਾਂ ਰਾਹੀਂ ਲਾਭ ਦਿੱਤਾ ਜਾ ਸਕੇ ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਕੁਲਦੀਪ ਸਿੰਘ ਨੱਸੂਪੁਰ ਨੇ ਕਿਹਾ ਕਿ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੋਣ ਵਾਲੀ ਰੈਲੀ ਦੀਆਂ ਤਿਆਰੀਆਂ ਲਗਾਤਾਰ ਕੀਤੀਆਂ ਜਾ ਰਹੀਆਂ ਹਨ ਲਿਹਾਜਾ ਸਮਾਣਾ ਦੀ ਰੈਲੀ ਵਿੱਚ ਸ਼੍ਰੋਮਣੀ ਅਕਾਲੀ ਦਲ ਵਰਕਰਾਂ ਤੇ ਆਗੂਆਂ ਦਾ ਵਿਸ਼ਾਲ ਹੈ ਇਕੱਠ ਦੇਖਣ ਨੂੰ ਮਿਲੇਗਾ।

# ਪੰਜਾਬ ਸਰਕਾਰ ਨੇ ਛੋਟੇ, ਲਘੂ ਅਤੇ ਦਰਮਿਆਨੇ ਉਦਯੋਗਾਂ ਦੇ ਵਿਕਾਸ ਨੂੰ ਹੁਲਾਰਾ ਦੇਣ ਲਈ ਕਲੱਸਟਰ ਅਧਾਰਤ ਰਣਨੀਤੀ ਅਪਣਾਈ: ਸੰਜੀਵ ਅਰੋੜਾ




**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਦੱਸਿਆ ਕਿ ਐਮਐਸਐਮਈਜ਼ (ਛੋਟੇ, ਲਘੂ ਅਤੇ ਦਰਮਿਆਨੇ ਉਦਯੋਗ) ਭਾਰਤ ਦੇ ਜੀਡੀਪੀ ਵਿਕਾਸ ਵਿੱਚ 25 ਤੋਂ 30 ਫ਼ੀਸਦ ਹਿੱਸਾ ਪਾ ਰਹੇ ਹਨ। ਉਨ੍ਹਾਂ ਨੇ ਆਪਣੇ ਦਫ਼ਤਰਾਂ ਵਿੱਚ ਕੰਮਕਾਜ ਲਈ ਰੋਜ਼ਾਨਾ ਪੱਧਰ 'ਤੇ ਵੱਧ ਤੋਂ ਵੱਧ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ ਕਰਨ ਲਈ ਕਿਹਾ। ਐਮਐਸਐਮਈਜ਼ ਅਰਥਵਿਵਸਥਾ ਦਾ ਪ੍ਰਮੁੱਖ ਹਿੱਸਾ ਹਨ ਅਤੇ ਦੇਸ਼ ਦੀ ਕੁਦਰਤੀ ਨਿਰਮਾਣ ਮਸ਼ੀਨ ਵੀ ਹਨ। ਉਨ੍ਹਾਂ ਅੱਗੇ ਕਿਹਾ ਕਿ ਸਾਡੀ ਸਰਕਾਰ ਐਮਐਸਐਮਈਜ਼ ਦੇ ਆਧੁਨਿਕੀਕਰਨ ਅਤੇ ਵਿਸਥਾਰ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਉਨ੍ਹਾਂ ਉਦਯੋਗਪਤੀਆਂ ਨੂੰ ਉਤਪਾਦਾਂ ਦੀ ਮੰਗ ਵਧਾਉਣ ਲਈ ਮਾਰਕੀਟਿੰਗ ਦੀ ਬਜਾਏ ਕੀਮਤ ਅਤੇ ਗੁਣਵੱਤਾ 'ਤੇ ਧਿਆਨ ਕੇਂਦਰਿਤ ਕਰਨ ਲਈ ਕਿਹਾ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਵਿੱਚ ਬੇਸ਼ੁਮਾਰ ਹੁਨਰਮੰਦ ਸਟਾਫ਼ ਉਪਲਬਧ ਹੈ।

ਕੈਬਨਿਟ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲਗਭਗ 1.6 ਲੱਖ ਐਮਐਸਐਮਈਜ਼ ਯੂਨਿਟਾਂ ਦੇ ਮਜ਼ਬੂਤ ਅਧਾਰ ਨਾਲ ਇੱਕ ਸਮਰਪਿਤ ਏਜੰਸੀ ਸਥਾਪਤ ਕਰਨ ਦੀ ਯੋਜਨਾ ਬਣਾ ਰਹੀ ਹੈ ਜਿਸ ਨਾਲ ਇਹ ਐਮਐਸਐਮਈਜ਼ ਮਾਹੌਲ ਨੂੰ ਗਤੀਸ਼ੀਲ ਅਤੇ ਵਿਸ਼ਵ ਪੱਧਰ 'ਤੇ ਪ੍ਰਤੀਯੋਗੀ ਖੇਤਰ ਵਿੱਚ ਬਦਲਣ ਵਿੱਚ ਸਹਾਈ ਹੋਣਗੇ। ਐਮਐਸਐਮਈਜ਼ ਪੰਜਾਬ ਵਿੱਚ ਮੁਕਾਬਲੇਬਾਜ਼ੀ ਨੂੰ ਵਧਾਉਣ, ਵਿੱਤ, ਤਕਨਾਲੋਜੀ, ਬਾਜ਼ਾਰਾਂ, ਹੁਨਰਾਂ ਤੱਕ ਪਹੁੰਚ ਨੂੰ ਬਿਹਤਰ ਬਣਾਉਣ ਅਤੇ ਕਲੱਸਟਰ-ਅਧਾਰਤ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਇੱਕ ਸਿੰਗਲ ਸੰਸਥਾਗਤ ਪਲੇਟਫਾਰਮ ਵਜੋਂ ਕੰਮ ਕਰੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਐਮਐਸਐਮਈਜ਼ ਸੈਕਟਰ ਦੇ ਵਿਕਾਸ ਨੂੰ ਗਤੀ ਦੇਣ ਲਈ ਇੱਕ ਕਲੱਸਟਰ-ਅਧਾਰਤ ਰਣਨੀਤੀ ਅਪਣਾਏਗਾ, ਜਿਸ ਨਾਲ ਵੱਡੇ ਪੈਮਾਨੇ 'ਤੇ ਉਤਪਾਦਨ, ਸਹੂਲਤਾਂ ਦੀ ਸਾਂਝ ਅਤੇ ਸਮੂਹਿਕ ਕਾਰਜ ਕੁਸ਼ਲਤਾ ਦਾ ਲਾਭ ਮਿਲ ਸਕੇਗਾ। ਰਾਜ ਦਾ ਉਦੇਸ਼ ਕਲੱਸਟਰ ਵਿਕਾਸ ਸਕੀਮਾਂ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਦੇ ਨਾਲ-ਨਾਲ ਮੌਜੂਦਾ ਢਾਂਚੇ ਵਿਚਲੇ ਪਾੜੇ ਨੂੰ ਪੂਰਨ ਅਤੇ ਹੁਣ ਤੱਕ ਪੂਰੀਆਂ ਨਾ ਹੋ ਸਕੀਆਂ ਜ਼ਰੂਰਤਾਂ ਦੇ ਹੱਲ ਲਈ ਆਪਣਾ ਰਾਜ-ਪੱਧਰੀ ਕਲੱਸਟਰ ਵਿਕਾਸ ਪ੍ਰੋਗਰਾਮ ਵੀ ਪੇਸ਼ ਕਰਨਾ ਹੈ।

ਉਨ੍ਹਾਂ ਕਿਹਾ ਕਿ ਕਲੱਸਟਰ ਸਰਕਾਰੀ ਵਿਭਾਗਾਂ, ਉਦਯੋਗਿਕ ਸੰਗਠਨਾਂ ਅਤੇ ਕਲੱਸਟਰ ਮੈਂਬਰਾਂ ਦੁਆਰਾ ਬਣਾਏ ਗਏ ਵਿਸ਼ੇਸ਼ ਉਦੇਸ਼ ਵਾਹਨਾਂ (ਐਸਪੀਵੀ) ਵਿਚਕਾਰ ਸਰਗਰਮ ਸਹਿਯੋਗ ਰਾਹੀਂ ਐਮਐਸਐਮਈਜ਼ ਦੇ ਬੁਨਿਆਦੀ ਢਾਂਚੇ, ਤਕਨਾਲੋਜੀ ਨੂੰ ਅਪਣਾਉਣ ਅਤੇ ਮਾਰਕੀਟ ਤਿਆਰੀ ਨੂੰ ਹੋਰ ਮਜ਼ਬੂਤ ਕਰਨ ਲਈ ਤਿਆਰ ਕੀਤੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਇਸ ਦਾ ਉਦੇਸ਼ ਇੱਕ ਅਜਿਹਾ ਵਾਤਾਵਰਣ ਸਿਰਜਣਾ ਹੈ ਜੋ ਨਵੀਨਤਾ, ਲਾਗਤ ਮੁਕਾਬਲੇਬਾਜ਼ੀ ਅਤੇ ਟਿਕਾਊ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਕਰੇ।

ਗੁਰਕੀਰਤ ਕਿਰਪਾਲ ਸਿੰਘ ਆਈਏਐਸ ਸਕੱਤਰ ਉਦਯੋਗ ਅਤੇ ਵਣਜ ਨੇ ਕਿਹਾ ਕਿ ਪੰਜਾਬ ਸਰਕਾਰ ਐਮਐਸਐਮਈਜ਼ ਨੂੰ ਪੰਜਾਬ ਵਿੱਚ ਆਪਣਾ ਕਾਰੋਬਾਰ ਵਧਾਉਣ ਲਈ ਉਤਸ਼ਾਹਿਤ ਕਰ ਰਹੀ ਹੈ ਅਤੇ ਐਮਐਸਐਮਈਜ਼ ਨੂੰ ਅਨੇਕਾਂ ਪ੍ਰੋਤਸਾਹਨ ਦਿੱਤੇ ਜਾ ਰਹੇ ਹਨ ਤਾਂ ਜੋ ਉਹ ਪੰਜਾਬ ਵਿੱਚ ਆਪਣਾ ਪਲਾਂਟ ਸਥਾਪਤ ਕਰ ਸਕਣ। ਇਸ ਖੇਤਰ ਵਿੱਚ ਬਹੁਤ ਸਾਰੇ ਮੌਕੇ ਉਪਲਬਧ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੈਕਟਰਲ ਕਮੇਟੀਆਂ ਦੀਆਂ 77 ਫ਼ੀਸਦ ਸਿਫ਼ਾਰਸ਼ਾਂ ਨੂੰ ਸਵੀਕਾਰ ਕਰ ਲਿਆ ਗਿਆ ਹੈ ਅਤੇ ਸਭ ਤੋਂ ਆਕਰਸ਼ਕ ਉਦਯੋਗਿਕ ਨੀਤੀ ਸ਼ੁਰੂ ਕੀਤੀ ਹੈ। ਨਿਵੇਸ਼ਕਾਂ ਨੂੰ ਸਮਾਂਬੱਧ ਪ੍ਰਵਾਨਗੀਆਂ ਦਿੱਤੀਆਂ ਜਾ ਰਹੀਆਂ ਹਨ ਅਤੇ ਇਹ ਨਵੀਂ ਉਦਯੋਗਿਕ ਨੀਤੀ ਉੱਦਮੀਆਂ ਦੀ ਮਦਦ ਕਰੇਗੀ।

ਇਸ ਐਮਐਸਐਮਈਜ਼ ਸੈਸ਼ਨ ਦੌਰਾਨ ਪ੍ਰੋਫੈਸਰ ਰੁਧਰਾ ਪ੍ਰਤਾਪ ਪਲਾਕਸ਼ਾ ਯੂਨੀਵਰਸਿਟੀ ਦੇ ਵਾਈਸ ਚਾਂਸਲਰ, ਸ੍ਰੀ ਧਰਮੇਸ਼ ਗੋਸਵਾਮੀ ਪਾਰਟਨਰ, ਕੇਪੀਐਮਜੀ, ਸ੍ਰੀ ਭੁਪਿੰਦਰ ਪਾਲ ਸਿੰਘ ਆਨੰਦ ਡਾਇਰੈਕਟਰ, ਜਲ ਬਾਥ ਫਿਟਿੰਗਜ਼, ਸ੍ਰੀ ਮਨਬੀਰ ਸਿੰਘ ਡਾਇਰੈਕਟਰ, ਆਈਈਈ ਐਲੀਵੇਟਰਜ਼, ਸ੍ਰੀ ਰਾਜੇਸ਼ ਮਹਿਰਾ ਐਮਡੀ, ਐਕਟਿਵ ਕਲੋਥਿੰਗ ਨੇ ਹਿੱਸਾ ਲਿਆ।

# ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿਖੇ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਮਨਾਇਆ



**ਪਟਿਆਲਾ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਕੰਜ਼ਿਊਮਰ ਐਂਡ ਟੈਲੀਫੋਨ ਸਬਸਕ੍ਰਾਈਬਰਜ਼ ਫੋਰਮ (ਰਜਿ.) ਵੱਲੋਂ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਦੇ ਸਬੰਧ ਵਿੱਚ ਨੂੰ ਸਰਕਾਰੀ ਮਹਿੰਦਰਾ ਕਾਲਜ ਪਟਿਆਲਾ ਵਿੱਚ ਇੱਕ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਐਡੀਸ਼ਨਲ ਡਿਪਟੀ ਕਮਿਸ਼ਨਰ (ਅਰਬਨ ਡਿਵੈਲਪਮੈਂਟ) ਮੈਡਮ ਨਵਰੀਤ ਕੌਰ ਸੇਖੋਂ ਪੀ.ਸੀ.ਐਸ. ਦੀ ਰਹਿਨੁਮਾਈ ਹੇਠ ਕਰਵਾਇਆ ਗਿਆ। ਇਸ ਸਮਾਗਮ ਵਿੱਚ ਸਮਾਜ ਦੇ ਵੱਖ-ਵੱਖ ਵਰਗਾਂ ਦੇ ਲੋਕਾਂ ਸਮੇਤ ਕਾਲਜ ਦੇ 100 ਤੋਂ ਵੱਧ ਵਿਦਿਆਰਥੀਆਂ ਅਤੇ ਐਨਜੀਓ ਅਗੇਨਸਟ ਐਡਲਟਰੇਸ਼ਨ ਦੇ ਮੈਂਬਰਾਂ ਨੇ ਭਾਗ ਲਿਆ। ਇਹ ਸਮਾਗਮ ਸਰਕਾਰੀ ਮਹਿੰਦਰਾ ਕਾਲਜ ਦੇ 150ਵੇਂ ਸਥਾਪਨਾ ਵਰ੍ਹੇ ਨੂੰ ਸਮਰਪਿਤ ਸੀ, ਜੋ 30 ਮਾਰਚ 2026 ਨੂੰ ਮਨਾਇਆ ਜਾ ਰਿਹਾ ਹੈ।

ਪਟਿਆਲਾ ਕੰਜ਼ਿਊਮਰ ਐਂਡ ਟੈਲੀਫੋਨ ਸਬਸਕ੍ਰਾਈਬਰਜ਼ ਫੋਰਮ ਦੀ ਸਥਾਪਨਾ ਸਾਲ 1990-91 ਵਿੱਚ ਉਪਭੋਗਤਾਵਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਅਤੇ ਜ਼ਿੰਮੇਵਾਰੀਆਂ ਬਾਰੇ ਜਾਗਰੂਕ ਕਰਨ ਲਈ ਕੀਤੀ ਗਈ ਸੀ। ਫੋਰਮ ਨੇ ਪਿਛਲੇ 36 ਸਾਲਾਂ ਦੌਰਾਨ ਉਪਭੋਗਤਾ ਸੁਰੱਖਿਆ ਕਾਨੂੰਨ 1986 ਅਤੇ 2019 ਦੇ ਸੋਧੇ ਕਾਨੂੰਨ ਬਾਰੇ ਲੋਕਾਂ ਨੂੰ ਜਾਣੂ ਕਰਵਾਉਣ ਲਈ ਕਈ ਪ੍ਰੋਗਰਾਮ ਕਰਵਾਏ ਹਨ। ਹੁਣ ਤੱਕ 650 ਤੋਂ ਵੱਧ ਲੋਕ ਇਸ ਫੋਰਮ ਦੇ ਮੈਂਬਰ ਰਹੇ ਹਨ। ਫੋਰਮ ਕੋਲ ਆਉਣ ਵਾਲੀਆਂ ਉਪਭੋਗਤਾਵਾਂ ਦੀਆਂ ਸ਼ਿਕਾਇਤਾਂ ਨੂੰ ਸੰਬੰਧਿਤ ਵਿਭਾਗਾਂ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਂਦੇ ਹਨ। ਇਸ ਮੌਕੇ ਫੋਰਮ ਦੇ ਜਨਰਲ ਸਕੱਤਰ ਸ਼੍ਰੀ ਪਵਨ ਗੋਇਲ ਮੁੱਖ ਵਕਤਾ ਵਜੋਂ ਸ਼ਾਮਲ ਹੋਏ। ਉਨ੍ਹਾਂ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਦੇ ਮਹੱਤਵ ਬਾਰੇ ਵਿਸਥਾਰ ਨਾਲ ਦੱਸਿਆ ਅਤੇ ਕਿਹਾ ਕਿ 15 ਮਾਰਚ 1962 ਨੂੰ ਅਮਰੀਕਾ ਦੇ ਤਤਕਾਲੀਨ ਰਾਸ਼ਟਰਪਤੀ ਜਾਨ ਐਫ. ਕੇਨੇਡੀ ਨੇ ਕੰਜ਼ਿਊਮਰ ਬਿੱਲ ਆਫ ਰਾਈਟਸ ਪੇਸ਼ ਕਰਦਿਆਂ ਉਪਭੋਗਤਾਵਾਂ ਦੇ ਅਧਿਕਾਰਾਂ ਦੀ ਵਕਾਲਤ ਕੀਤੀ ਸੀ। ਬਾਅਦ ਵਿੱਚ ਕੰਜ਼ਿਊਮਰ ਹੱਕਾਂ ਦੇ ਕਾਰਕੁਨ ਅਨਵਰ ਫਜ਼ਲ ਦੀ ਪੇਸ਼ਕਸ਼ ਉੱਤੇ 1983 ਤੋਂ ਹਰ ਸਾਲ 15 ਮਾਰਚ ਨੂੰ ਵਿਸ਼ਵ ਉਪਭੋਗਤਾ ਅਧਿਕਾਰ ਦਿਵਸ ਵਜੋਂ ਮਨਾਇਆ ਜਾਣ ਲੱਗਾ। ਫੋਰਮ ਦੇ ਸਲਾਹਕਾਰ ਸ਼੍ਰੀ ਓ.ਪੀ. ਗਰਗ ਨੇ ਉਪਭੋਗਤਾ ਸੁਰੱਖਿਆ ਕਾਨੂੰਨ ਬਾਰੇ ਮਹੱਤਵਪੂਰਨ ਜਾਣਕਾਰੀ ਸਾਂਝੀ ਕੀਤੀ। ਫੋਰਮ ਦੇ ਜਨਰਲ ਸਕੱਤਰ ਨੇ ਫੋਰਮ ਦੀ ਕਾਰਗੁਜ਼ਾਰੀ, ਟੀਮ ਅਤੇ ਭਵਿੱਖੀ ਦ੍ਰਿਸ਼ਟੀਕੋਣ ਬਾਰੇ ਵੀ ਜਾਣੂ ਕਰਵਾਇਆ। ਸਮਾਗਮ ਦੌਰਾਨ ਗ੍ਰੀਨਲੈਂਡ ਸਕੂਲ ਦੇ ਵਿਦਿਆਰਥੀਆਂ ਵੱਲੋਂ ਉਪਭੋਗਤਾ ਹੱਕਾਂ ਬਾਰੇ ਇੱਕ ਨਾਟਕ ਪੇਸ਼ ਕੀਤਾ ਗਿਆ ਜਿਸ ਨੂੰ ਸਭ ਨੇ ਖੂਬ ਸਰਾਹਿਆ। ਜਿਓ-ਰਿਲਾਇੰਸ ਦੀ ਪ੍ਰਤੀਨਿਧਿ ਮਿਸ ਵੇਦਿਕਾ ਤ੍ਰਿਹਾਨ ਨੇ ਡਿਜ਼ੀਟਲ ਧੋਖਾਧੜੀ ਤੋਂ ਬਚਾਅ ਲਈ ਮਹੱਤਵਪੂਰਨ ਸੁਝਾਅ ਦਿੱਤੇ ਅਤੇ ਸਬੰਧਤ ਹੈਲਪਲਾਈਨਾਂ ਬਾਰੇ ਜਾਣਕਾਰੀ ਦਿੱਤੀ।

ਪ੍ਰਿੰਸੀਪਲ ਪ੍ਰੋ. ਨਿਸ਼ਠਾ ਤ੍ਰਿਪਾਠੀ ਅਤੇ ਵਾਈਸ ਪ੍ਰਿੰਸੀਪਲ ਪ੍ਰੋ. ਲਵਲੀਨ ਪਰਮਾਰ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ। ਪ੍ਰੋ. ਪੁਨੀਤ ਕਥੂਰੀਆ ਅਤੇ ਪ੍ਰੋ. ਵਿਲੀਅਮਜੀਤ ਸਿੰਘ ਨੇ ਪ੍ਰੋਗਰਾਮ ਦੀ ਕੋਆਰਡੀਨੇਸ਼ਨ ਕੀਤੀ। ਇਸ ਮੌਕੇ ਸ਼੍ਰੀ ਐਚ.ਡੀ. ਅਗਰਵਾਲ (ਪ੍ਰਧਾਨ) ਨੇ ਸਾਰੇ ਹਾਜ਼ਰੀਨਾਂ ਦਾ ਸਵਾਗਤ ਕੀਤਾ। ਸਮਾਗਮ ਵਿੱਚ ਸ਼੍ਰੀ ਬਲਦੇਵ ਕ੍ਰਿਸ਼ਨ ਸ਼ਰਮਾ, ਆਰ.ਐਸ. ਸਲੂਜਾ, ਸ਼੍ਰੀ ਰਾਜੇਸ਼ ਮਿੱਤਲ, ਮਿਸਿਜ਼ ਹਰਿੰਦਰ ਕੌਰ ਸੰਧੂ, ਇੰਜੀ. ਸੁਖਜਿੰਦਰ ਸਿੰਘ (ਪੰਜਾਬੀ ਯੂਨੀਵਰਸਿਟੀ ਪਟਿਆਲਾ) ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਅਤੇ ਵੱਖ-ਵੱਖ ਵਰਗਾਂ ਦੇ ਲੋਕ ਹਾਜ਼ਰ ਰਹੇ।

# ਚੰਡੀਗੜ੍ਹ ਪ੍ਰੈਸ ਕਲੱਬ ਵੱਲ ਇੰਟਰ-ਮੀਡੀਆ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ



**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਪ੍ਰੈਸ ਕਲੱਬ ਵੱਲੋਂ ਡੀਏਵੀ ਕਾਲਜ ਗਰਾਊਂਡ, ਸੈਕਟਰ 10,ਚੰਡੀਗੜ੍ਹ ਵਿਖੇ ਇੱਕ ਸਿਕਸ-ਏ-ਸਾਇਡ ਇੰਟਰ-ਮੀਡੀਆ ਕ੍ਰਿਕਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਇਸ ਈਵੈਂਟ ਵਿੱਚ ਵਿਭਿੰਨ ਮੀਡੀਆ ਸੰਗਠਨਾਂ ਦੀਆਂ ਨੌਂ ਟੀਮਾਂ ਨੇ ਹਿੱਸਾ ਲਿਆ। ਦੈਨਿਕ ਭਾਸਕਰ ਨੇ ਪਹਿਲਾ ਇਨਾਮ ਜਿੱਤਿਆ, ਇਲੈਕਟ੍ਰੌਨਿਕਸ ਕਲੱਬ ਦੂਜੇ ਸਥਾਨ 'ਤੇ ਰਿਹਾ, ਅਤੇ ਦੈਨਿਕ ਜਾਗਰਣ ਨੇ ਤੀਜਾ ਸਥਾਨ ਪ੍ਰਾਪਤ ਕੀਤਾ।

# ਟੀਬੀ ਦੇ ਖਾਤਮੇ ਵਿੱਚ ਤੇਜ਼ੀ ਲਿਆਉਣ ਲਈ ਅਪਣਾਈ ਆਰਟੀਫਿਸ਼ਿਅਲ ਇੰਟੇਲਿਜੇਂਸ ਤਕਨੀਕ: ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਰਿਆਣਾ ਦੀ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਕਿਹਾ ਕਿ ਹਰਿਆਣਾ ਨੇ ਪੂਰੇ ਰਾਜ ਵਿੱਚ ਟੀਬੀ ਦੀ ਪਛਾਣ, ਇਲਾਜ ਅਤੇ ਭੌਗੋਲਿਕ ਯੋਜਨਾ ਨੂੰ ਮਜਬੂਤ ਕਰਨ ਲਈ ਰਾਸ਼ਟਰੀ ਪ੍ਰਧਾਨ ਮੰਤਰੀ ਟੀਬੀ ਮੁਕਤ ਭਾਰਤ ਅਭਿਆਨ ਤਹਿਤ ਆਰਟੀਫਿਸ਼ਿਅਲ ਇੰਟੇਲਿਜੇਂਸ 'ਤੇ ਅਧਾਰਿਤ ਤੀਨ ਟੂਲ ਲਾਗੂ ਕੀਤੇ ਹਨ।

ਉਨ੍ਹਾਂ ਨੇ ਟੀਬੀ ਖਾਤਮੇ ਵਿੱਚ ਰਾਜ ਦੀ ਤਕਨੀਕੀ ਪਹਿਲਾਂ ਬਾਰੇ ਵਿੱਚ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰਾਜ ਵਿੱਚ ਟੀਬੀ ਖਾਤਮੇ ਲਈ ਇੱਕ ਸੁਵਿਵਸਥਿਤ ਤਿਨ-ਪੱਧਰੀ ਏਆਈ ਰਣਨੀਤੀ ਲਾਗੂ ਕੀਤੀ ਗਈ ਹੈ ਜਿਸ ਦੇ ਤਹਿਤ ਸਕ੍ਰੀਨਿੰਗ, ਮਰੀਜਾਂ ਦੀ ਨਿਗਰਾਨੀ ਅਤੇ ਭੌਗੋਲਿਕ ਪ੍ਰਾਥਮਿਕਤਾ ਨਿਰਧਾਰਨ ਨੂੰ ਮਜਬੂਤ ਕੀਤਾ ਜਾ ਰਿਹਾ ਹੈ।

ਡਾ. ਮਿਸ਼ਰਾ ਨੇ ਦੱਸਿਆ ਕਿ ਸੀਏਟੀਬੀ ਇੱਕ ਮੋਬਾਇਲ ਅਧਾਰਿਤ ਐਪਲੀਕੇਸ਼ਨ ਹੈ ਜੋ ਖਾਂਸੀ ਦੀ ਆਵਾਜ ਅਤੇ ਲੱਛਣਾਂ ਦੀ ਪਛਾਣ ਕਰ ਸੰਭਾਵਿਤ ਪਲਮੋਨਰੀ ਟੀਬੀ ਦੇ ਮਾਮਲਿਆਂ ਦੀ ਸਕ੍ਰੀਨਿੰਗ ਕਰਦਾ ਹੈ। ਇਹ ਐਪਲੀਕੇਸ਼ਨ ਇੰਟਰਨੇਟ ਕਨੇਕਟਿਵਿਟੀ ਤੋਂ ਬਿਨਾ ਵੀ ਕੰਮ ਕਰ ਸਕਦਾ ਹੈ ਅਤੇ ਸਾਮੁਦਾਇਕ ਪੱਧਰ ਅਤੇ ਸਿਹਤ ਸੰਸਥਾਨਾਂ ਦੋਹਾਂ ਵਿੱਚ ਉਪਯੋਗੀ ਹੈ।

# ਜ਼ਿਲ੍ਹਾ ਪਟਿਆਲਾ ਵਿੱਚ ਨੈਸਨਲ ਲੋਕ ਅਦਾਲਤ 37 ਬੈਂਚਾਂ ਵਿੱਚ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ

**ਪਟਿਆਲਾ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸ੍ਰੀ ਅਵਤਾਰ ਸਿੰਘ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ- ਚੇਅਰਪਰਸਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੀ ਯੋਗ ਅਗਵਾਈ ਹੇਠ ਹਰ ਕਿਸਮ ਦੇ ਕੇਸਾਂ (ਨਾਨ ਕੰਪਾਊਂਡੇਬਲ ਕ੍ਰੀਮੀਨਲ ਕੇਸਾਂ ਨੂੰ ਛੱਡ ਕੇ) ਸਬੰਧੀ ਨੈਸ਼ਨਲ ਲੋਕ ਅਦਾਲਤ ਜ਼ਿਲ੍ਹਾ ਪਟਿਆਲਾ ਵਿਖੇ ਲਗਾਈ ਗਈ। ਇਸ ਮੌਕੇ ਤੇ ਜ਼ਿਲ੍ਹਾ ਪਟਿਆਲਾ ਵਿੱਚ 37 ਬੈਂਚਾਂ (19 ਪਟਿਆਲਾ ਵਿੱਚ, 06 ਰਾਜਪੁਰਾ ਵਿੱਚ, 05 ਨਾਭਾ ਵਿੱਚ ਅਤੇ 05 ਸਮਾਣਾ ਵਿੱਚ ) ਦਾ ਗਠਨ ਕੀਤਾ ਗਿਆ । ਇੰਤਕਾਲ ਅਤੇ ਵੰਡ ਆਦਿ ਨਾਲ ਸਬੰਧਤ ਵੱਧ ਤੋਂ ਵੱਧ ਕੇਸਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਪਟਿਆਲਾ ਦੀ ਮਾਲ ਅਦਾਲਤ ਵਿੱਚ ਵੀ 01 ਬੈਂਚ ਦਾ ਗਠਨ ਕੀਤਾ ਗਿਆ ਸੀ। ਇਸ ਤੋਂ ਇਲਾਵਾ ਵਿਆਹੁਤਾ ਝਗੜਿਆਂ ਦੇ ਕੇਸ ਦਰਜ ਹੋਣ ਤੋਂ ਪਹਿਲਾਂ ਆਪਸੀ ਸਮਝੌਤੇ ਰਾਹੀਂ ਕੇਸਾਂ ਦਾ ਨਿਪਟਾਰਾ ਕਰਨ ਲਈ ਵੂਮੈਨ ਸੈੱਲ,ਪਟਿਆਲਾ ਵਿਖੇ 01 ਬੈਂਚ ਦਾ ਗਠਨ ਵੀ ਕੀਤਾ ਗਿਆ। ਇਸ ਤਰ੍ਹਾਂ ਜ਼ਿਲ੍ਹਾ ਪਟਿਆਲਾ ਵਿੱਚ ਨੈਸਨਲ ਲੋਕ ਅਦਾਲਤ ਬੈਂਚਾਂ ਵਿੱਚ ਕੇਸਾਂ ਦੀ ਸੁਣਵਾਈ ਕੀਤੀ ਗਈ।

ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਵੱਖ-ਵੱਖ ਸ਼੍ਰੇਣੀਆਂ ਅਧੀਨ 40064 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਕੁੱਲ 29684 ਕੇਸਾਂ ਦਾ ਆਪਸੀ ਸਹਿਮਤੀ ਨਾਲ ਨਿਪਟਾਰਾ ਕੀਤਾ ਗਿਆ ਅਤੇ 42,16,60,109/- ਰੁਪਏ ਦੇ ਅਵਾਰਡ ਪਾਸ ਕੀਤੇ ਗਏ ।

ਇਸ ਨੈਸ਼ਨਲ ਲੋਕ ਅਦਾਲਤ ਦੌਰਾਨ ਸ੍ਰੀ ਅਵਤਾਰ ਸਿੰਘ ਜ਼ਿਲ੍ਹਾ ਅਤੇ ਸੈਸ਼ਨ ਜੱਜ ਕਮ ਚੇਅਰਪਰਸਨ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਪਟਿਆਲਾ ਅਤੇ ਮੈਡਮ ਮੈਡਮ ਮਾਨੀ ਅਰੋੜਾ ਇੰਚਾਰਜ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਅਤੇ ਮੈਡਮ ਏਕਤਾ ਸਹੋਤਾ ਚੀਫ਼ ਜੂਡੀਸੀਅਲ ਮੈਜਿਸਟ੍ਰੇਟ ਦੇ ਨਾਲ ਇਸ ਨੈਸ਼ਨਲ ਲੋਕ ਅਦਾਲਤ ਦੇ ਬੈਂਚਾਂ ਦਾ ਦੌਰਾ ਕੀਤਾ ਅਤੇ ਧਿਰਾਂ ਨੂੰ ਆਪੋ-ਆਪਣੇ ਝਗੜਿਆਂ ਦਾ ਨਿਪਟਾਰਾ ਆਪਸੀ ਸਹਿਮਤੀ ਨਾਲ ਕਰਨ ਲਈ ਪ੍ਰੇਰਿਤ ਕੀਤਾ ਅਤੇ ਲੋਕ ਅਦਾਲਤਾਂ ਦੇ ਬਹੁਤ ਸਾਰੇ ਫਾਇਦਿਆਂ ਬਾਰੇ ਚਾਨਣਾ ਪਾਇਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇੱਕ ਵਾਰ ਲੋਕ ਅਦਾਲਤ ਵਿੱਚ ਕੇਸ ਦਾ ਨਿਪਟਾਰਾ ਹੋ ਜਾਣ ਤੋਂ ਬਾਅਦ, ਇਸਦਾ ਫੈਸਲਾ ਅੰਤਿਮ ਬਣ ਜਾਂਦਾ ਹੈ ਅਤੇ ਇਸਦੀ ਅਪੀਲ ਨਹੀਂ ਕੀਤੀ ਜਾ ਸਕਦੀ। ਇਸ ਤੋਂ ਇਲਾਵਾ, ਪਾਰਟੀਆਂ ਦੁਆਰਾ ਪਹਿਲਾਂ ਅਦਾ ਕੀਤੀ ਕੋਈ ਵੀ ਅਦਾਲਤੀ ਫੀਸ ਵਾਪਸ ਕਰ ਦਿੱਤੀ ਜਾਂਦੀ ਹੈ। ਇਹ ਪ੍ਰਕਿਰਿਆ ਸ਼ਾਮਲ ਧਿਰਾਂ ਦੀਆਂ

ਆਪਸੀ ਸਹਿਮਤੀ ਵਾਲੀਆਂ ਸ਼ਰਤਾਂ ਦੇ ਅਨੁਸਾਰ, ਝਗੜਿਆਂ ਦੇ ਤੇਜ਼ੀ ਨਾਲ ਹੱਲ ਨੂੰ ਯਕੀਨੀ ਬਣਾਉਂਦੀ ਹੈ, ਜਿਸ ਨਾਲ ਸਾਰਿਆਂ ਲਈ ਇੱਕ ਲਾਹੇਵੰਦ ਨਤੀਜਾ ਨਿਕਲਦਾ ਹੈ। ਲੋਕ ਅਦਾਲਤਾਂ ਦਾ ਮੁੱਢਲਾ ਟੀਚਾ ਸਮਝੌਤੇ ਰਾਹੀਂ ਸੁਖਾਵੇਂ ਮਾਹੌਲ ਨੂੰ ਉਤਸ਼ਾਹਿਤ ਕਰਨਾ ਹੈ, ਅੰਤ ਵਿੱਚ ਸਮੇਂ, ਪੈਸੇ ਦੀ ਬਚੱਤ ਕਰਨਾ ਅਤੇ ਝਗੜੇ ਵਾਲੀਆਂ ਧਿਰਾਂ ਵਿਚਕਾਰ ਨਿੱਜੀ ਦੁਸ਼ਮਣੀ ਨੂੰ ਘਟਾਉਣਾ ਹੈ। ਇਸ ਨੈਸ਼ਨਲ ਲੋਕ ਅਦਾਲਤ ਦੀ ਮੁੱਖ ਵਿਸੇਸਤਾ ਪਰਿਵਾਰਕ ਅਦਾਲਤਾਂ ਵਿੱਚ ਪੇਂਡਿੰਗ 323 ਪਰਿਵਾਰਕ ਝਗੜਿਆਂ ਅਤੇ ਚੈਕ ਬਾਊਂਸ ਮਾਮਲਿਆਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਸੀ, 261 ਚੈਕ ਬਾਂਊਸ ਕੇਸਾਂ ਵਿੱਚ ਕੁੱਲ ਰਕਮ 9,07,24,907/- ਦੇ ਅਵਾਰਡ ਪਾਸ ਕੀਤੇ ਗਏ।

# ਪੈਨਸ਼ਨਰ ਆਪਣੇ ਡਿਜ਼ੀਟਲ ਲਾਈਫ ਸਰਟੀਫਿਕੇਟ 31 ਮਾਰਚ ਤੱਕ ਜਮ੍ਹਾਂ ਕਰਵਾਉਣ : ਸਨੇਹ ਲਤਾ

**ਪਟਿਆਲਾ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਖ਼ਜ਼ਾਨਾ ਅਫ਼ਸਰ ਪਟਿਆਲਾ ਸਨੇਹ ਲਤਾ ਨੇ ਜ਼ਿਲ੍ਹੇ ਦੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਡਿਜ਼ੀਟਲ ਲਾਈਫ ਸਰਟੀਫਿਕੇਟ 31 ਮਾਰਚ ਤੱਕ ਜਮ੍ਹਾਂ ਕਰਵਾਉਣ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੇਵਾ ਮੁਕਤ ਪੈਨਸ਼ਨਰਾਂ ਦੀ ਸਹੂਲਤ ਅਤੇ ਪਾਰਦਰਸ਼ਤਾ ਨੂੰ ਧਿਆਨ ਵਿੱਚ ਰੱਖਦਿਆਂ ਡਿਜੀਟਲ ਲਾਈਫ ਸਰਟੀਫਿਕੇਟ (ਜੀਵਨ ਪ੍ਰਮਾਣ) ਜਮ੍ਹਾਂ ਕਰਵਾਉਣਾ ਲਾਜ਼ਮੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਈ ਪੈਨਸ਼ਨਰਾਂ ਵੱਲੋਂ ਅਜੇ ਵੀ ਬੈਂਕਾਂ ਵਿੱਚ ਮੈਨੂਅਲ ਲਾਈਫ ਸਰਟੀਫਿਕੇਟ ਜਮ੍ਹਾਂ ਕਰਵਾਏ ਜਾ ਰਹੇ ਹਨ, ਜੋ ਹੁਣ ਮੰਨੇ ਨਹੀਂ ਜਾਣਗੇ।

ਸਨੇਹ ਲਤਾ ਨੇ ਕਿਹਾ ਕਿ ਆਪਣੀ ਪੈਨਸ਼ਨ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਸਮੂਹ ਪੈਨਸ਼ਨਰ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ ਨਜ਼ਦੀਕੀ, ਸਬੰਧਤ ਬੈਂਕ ਸ਼ਾਖਾ, ਖਜ਼ਾਨਾ ਦਫ਼ਤਰ ਜਾਂ ਸੇਵਾ ਕੇਂਦਰ ਰਾਹੀਂ ਜਮ੍ਹਾਂ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਪੈਨਸ਼ਨਰ ਰਾਜ ਸਰਕਾਰ ਦੀ ਘਰ ਬੈਠੇ ਸੇਵਾ ਦਾ ਲਾਭ ਲੈਂਦੇ ਹੋਏ 1076 ਨੰਬਰ 'ਤੇ ਕਾਲ ਕਰਕੇ ਡੋਰ-ਸਟੈਪ ਸੇਵਾ ਵੀ ਪ੍ਰਾਪਤ ਕਰ ਸਕਦੇ ਹਨ ਜਾਂ ਜੀਵਨ ਪ੍ਰਮਾਣ ਪੱਤਰ ਐਪ ਡਾਊਨਲੋਡ ਕਰਕੇ ਘਰ ਬੈਠੇ ਇਹ ਪ੍ਰਕਿਰਿਆ ਪੂਰੀ ਕਰ ਸਕਦੇ ਹਨ।

ਜ਼ਿਲ੍ਹਾ ਖ਼ਜ਼ਾਨਾ ਅਫ਼ਸਰ (ਡੀਟੀਓ) ਪਟਿਆਲਾ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਹੈ ਕਿ ਆਪਣਾ ਡਿਜੀਟਲ ਲਾਈਫ ਸਰਟੀਫਿਕੇਟ 31 ਮਾਰਚ 2026 ਤੋਂ ਪਹਿਲਾਂ ਜਮ੍ਹਾਂ ਕਰਵਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਪੈਨਸ਼ਨ ਦੀ ਅਦਾਇਗੀ ਵਿੱਚ ਕੋਈ ਰੁਕਾਵਟ ਨਾ ਆਵੇ।

# ਸੰਤ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਸਜਾਇਆ ਗਿਆ ਅਲੌਕਿਕ ਨਗਰ ਕੀਰਤਨ



**ਸੰਗਰੂਰ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

20ਵੀਂ ਸਦੀ ਵਿੱਚ ਗੁਰਮਤਿ ਪ੍ਰਚਾਰ ਦੀ ਅਦੁੱਤੀ ਲਹਿਰ ਚਲਾ ਕੇ ਲੱਖਾਂ ਪ੍ਰਾਣੀਆਂ ਨੂੰ ਗੁਰੂ ਦੇ ਲੜ ਲਾਉਣ ਵਾਲੇ ਮਹਾਨ ਸ਼੍ਰੋਮਣੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣੇ ਵਾਲਿਆਂ ਦੇ 160ਵੇਂ ਜਨਮ-ਦਿਹਾੜੇ ਨੂੰ ਸਮਰਪਿਤ ਅਲੌਕਿਕ ਨਗਰ ਕੀਰਤਨ ਕੱਲ੍ਹ ਗੁਰਦੁਆਰਾ ਜਨਮ ਅਸਥਾਨ ਚੀਮਾ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਹੇਠ ਸਜਾਇਆ ਗਿਆ, ਜੋ ਅਰਦਾਸ ਬੇਨਤੀ ਕਰਨ ਉਪਰੰਤ ਪਿੰਡ ਦੇ ਵੱਖ-ਵੱਖ ਪੜਾਵਾਂ ਤੋਂ ਹੁੰਦਾ ਹੋਇਆ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਪੁੱਜਿਆ। ਨਗਰ ਕੀਰਤਨ ਨੂੰ ਸ਼ਾਨੋ-ਸ਼ੌਕਤ ਅਤੇ ਅਦਬ ਨਾਲ ਸੰਗਤ ਦੇ ਠਾਠਾਂ ਮਾਰਦੇ ਇਕੱਠ ਵਿੱਚ ਸਜਾਇਆ ਗਿਆ,ਪੜਾਅ ਦਰ ਪੜਾਅ ਸੰਗਤਾਂ ਦੁਆਰਾ ਨਗਰ ਕੀਰਤਨ ਦਾ ਸੁਆਗਤ ਕੀਤਾ ਗਿਆ ਅਤੇ ਸ਼ਰਧਾਲੂਆਂ ਲਈ ਭਾਂਤ-ਭਾਂਤ ਦੇ ਲੰਗਰ ਵਰਤਾਏ ਗਏ। ਬੜੂ ਸਾਹਿਬ ਸੰਸਥਾ ਵੱਲੋਂ ਚਲਾਈਆਂ ਜਾ ਰਹੀਆਂ ਆਸ-ਪਾਸ ਦੀਆਂ ਕਈ ਅਕਾਲ ਅਕੈਡਮੀਆਂ ਦੇ ਬੱਚਿਆਂ, ਅਧਿਆਪਕਾਂ ਅਤੇ ਅਕਾਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਵੀ ਵੱਖ-ਵੱਖ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ ਗਈ। ਅਕਾਲ ਅਕੈਡਮੀ ਦੀਆਂ ਵਿਦਿਆਰਥਣਾਂ ਦੁਆਰਾ ਸੰਗਤਾਂ ਨੂੰ ਢਾਡੀ ਵਾਰਾਂ ਰਾਹੀਂ ਗੁਰ-ਇਤਿਹਾਸ ਵੀ ਸਰਵਣ ਕਰਵਾਇਆ ਗਿਆ, ਸੰਗਤ ਨੇ ਬਹੁਤ ਹੀ ਉਤਸ਼ਾਹ ਅਤੇ ਪ੍ਰੇਮ ਭਾਵਨਾ ਨਾਲ ਗੁਰ-ਇਤਿਹਾਸ ਸਰਵਣ ਕੀਤਾ। ਨਗਰ ਕੀਰਤਨ ਦੌਰਾਨ ਸਾਬਤ-ਸੂਰਤ ਫੌਜੀ ਬੈਂਡ, ਅਕਾਲ ਗੁਰਮਤਿ ਵਿਦਿਆਲਿਆ ਚੀਮਾ ਦੇ ਭੁਝੰਗੀ ਸਿੰਘਾਂ ਵੱਲੋਂ ਗੱਤਕੇ ਦੇ ਜੌਹਰ ਵੀ ਵਿਖਾਏ ਗਏ ਅਤੇ ਪੰਥ-ਪ੍ਰਸਿੱਧ ਢਾਡੀ ਅਤੇ ਕੀਰਤਨੀ ਜੱਥਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਮਾਤਾ ਹਰਪਾਲ ਕੌਰ, ਓ.ਐੱਸ.ਡੀ. ਮੁੱਖ ਮੰਤਰੀ ਅਤੇ ਵਿਨਰਜੀਤ ਸਿੰਘ ਗੋਲਡੀ ਅਤੇ ਹੋਰਾਂ ਦੁਆਰਾ ਹਾਜ਼ਰੀ ਲਵਾਈ ਗਈ। ਇਸ ਮੌਕੇ ਕਲਗੀਧਰ ਟਰੱਸਟ ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਜੀ ਅਤੇ ਵਾਈਸ-ਪ੍ਰੈਜ਼ੀਡੈਂਟ ਭਾਈ ਜਗਜੀਤ ਸਿੰਘ ਜੀ ਵੱਲੋ ਇਸ ਨਗਰ ਕੀਰਤਨ ਵਿੱਚ ਹਾਜ਼ਰੀਆਂ ਭਰੀ। ਇਹ ਜੋੜ-ਮੇਲਾ ਗੁਰਦੁਆਰਾ ਜਨਮ ਅਸਥਾਨ ਕਲਗੀਧਰ ਟਰੱਸਟ ਬੜੂ ਸਾਹਿਬ, ਗੁਰਦੁਆਰਾ ਨਾਨਕਸਰ ਸਾਹਿਬ ਅਤੇ ਚੀਮਾ ਸਾਹਿਬ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਹੈ।

# ਅਮਨ ਅਰੋੜਾ ਨੇ ਪਿੰਡ ਬਿਗੜਵਾਲ ਵਿਖੇ 4 ਕਰੋੜ 12 ਲੱਖ ਰੁਪਏ ਦੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ



**ਸੁਨਾਮ ਊਧਮ ਸਿੰਘ ਵਾਲਾ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਕੈਬਨਿਟ ਮੰਤਰੀ ਪੰਜਾਬ ਅਮਨ ਅਰੋੜਾ ਵੱਲੋਂ ਹਲਕੇ ਦੇ ਪਿੰਡ ਬਿਗੜਵਾਲ ਵਿਖੇ ਲਗਭਗ 04 ਕਰੋੜ 12 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਪਿੰਡਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਬਿਹਤਰ ਸੜਕਾਂ ਅਤੇ ਹੋਰ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਨ੍ਹਾਂ ਵਿਕਾਸ ਕਾਰਜਾਂ ਤਹਿਤ ਬਿਗੜਵਾਲ ਫਿਰਨੀ ਤੋਂ ਸ਼ਮਸ਼ਾਨਘਾਟ ਤੱਕ ਨਵੀਂ ਸੜਕ ਦੇ ਨਿਰਮਾਣ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਇਸ ਪ੍ਰੋਜੈਕਟ ਦੀ ਲਾਗਤ 18.15 ਲੱਖ ਰੁਪਏ ਹੈ। ਇਸ ਤੋਂ ਇਲਾਵਾ ਬਿਗੜਵਾਲ ਫਿਰਨੀ ਤੋਂ ਬਾਬਾ ਜੈਮਲ ਸਿੰਘ ਜੀ ਸਮਾਧ ਤਕ 59 ਲੱਖ ਰੁਪਏ ਦੀ ਲਾਗਤ ਵਾਲੀ ਨਵੀਂ ਸੜਕ ਦਾ ਨੀਂਹ ਪੱਥਰ ਰੱਖਿਆ ਗਿਆ ਹੈ।

ਬਿਗੜਵਾਲ ਫਿਰਨੀ ਤੋਂ ਹਨੂੰਮਾਨ ਮੰਦਰ ਤੱਕ ਨਵੀਂ ਸੜਕ ਦੇ ਨਿਰਮਾਣ ਲਈ 40.85 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ ਹੈ, ਜਦਕਿ ਪਿੰਡ ਦੀਆਂ ਅੰਦਰੂਨੀ ਨਵੀਆਂ ਸੜਕਾਂ ਲਈ 72.68 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦਾ ਵੀ ਨੀਂਹ ਪੱਥਰ ਰੱਖਿਆ ਗਿਆ।

ਕੈਬਨਿਟ ਮੰਤਰੀ ਨੇ ਇਹ ਵੀ ਦੱਸਿਆ ਕਿ ਸੁਨਾਮ-ਬਿਗੜਵਾਲ ਰੋਡ ਤੋਂ ਸੁਨਾਮ-ਖਡਿਆਲ ਰੋਡ ਤੱਕ ਨਵੀਂ ਸੜਕ ਦਾ ਨਿਰਮਾਣ 01 ਕਰੋੜ 37 ਲੱਖ ਰੁਪਏ ਦੀ ਲਾਗਤ ਨਾਲ ਕੀਤਾ ਜਾਵੇਗਾ। ਇਸ ਤੋਂ ਇਲਾਵਾ ਬਿਗੜਵਾਲ ਤੋਂ ਜਗਤਪੁਰਾ ਰੋਡ ਤੱਕ ਨਵੀਂ ਸੜਕ ਦੇ ਨਿਰਮਾਣ ਲਈ 84 ਲੱਖ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟ ਦਾ ਨੀਂਹ ਪੱਥਰ ਰੱਖਿਆ ਗਿਆ ਹੈ। ਅਮਨ ਅਰੋੜਾ ਨੇ ਕਿਹਾ ਕਿ ਇਨ੍ਹਾਂ ਵਿਕਾਸ ਕਾਰਜਾਂ ਦੇ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਆਵਾਜਾਈ ਵਿੱਚ ਕਾਫ਼ੀ ਸੁਵਿਧਾ ਮਿਲੇਗੀ ਅਤੇ ਪਿੰਡ ਦੀ ਕਾਇਆ-ਕਲਪ ਹੋਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਮੂਹਿਕ ਵਿਕਾਸ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਹਲਕੇ ਦੇ ਹੋਰ ਪਿੰਡਾਂ ਵਿੱਚ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾਵੇਗੀ।

ਇਸ ਮੌਕੇ ਮੀਡੀਆ ਵੱਲੋਂ ਕੇਂਦਰ ਸਰਕਾਰ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਕੈਬਨਿਟ ਮੰਤਰੀ ਅਰੋੜਾ ਨੇ ਕਿਹਾ ਕਿ ਕੇਂਦਰ ਸਰਕਾਰ ਪੰਜਾਬ ਦਾ ਰੂਰਲ ਡਿਵੈਲਪਮੈਂਟ ਫੰਡ ਜਾਰੀ ਕਰਨ ਦੇ ਨਾਲ ਨਾਲ ਪੰਜਾਬ ਦੇ ਹੜ੍ਹਾਂ ਦਾ ਮੁਆਵਜ਼ਾ ਤੁਰੰਤ ਜਾਰੀ ਕਰੇ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਪਿੰਡਾਂ ਦੇ ਪੰਚ-ਸਰਪੰਚ, ਆਪ ਦੇ ਵੱਖ-ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

# ਲਾਈਟ, ਕੈਮਰਾ, ਐਕਸ਼ਨ: ਪੰਜਾਬ ਦੀ ਸਿਲਵਰ ਸਕਰੀਨ ਦੇ ਸੁਪਨੇ ਨਵੀਂ ਫਿਲਮ ਨੀਤੀ ਨਾਲ ਉਡਾਣ ਭਰਨ ਲਈ ਤਿਆਰ

## ਪੰਜਾਬ ਨੇ ਸਿੰਗਲ ਵਿੰਡੋ ਪ੍ਰਣਾਲੀ ਨਾਲ ਕਾਰੋਬਾਰ, ਫਿਲਮ ਸ਼ੂਟਿੰਗ ਲਈ ਦਰ ਖੋਲ੍ਹੇ: ਬਲਤੇਜ ਪੰਨੂ



**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਨੂੰ ਫਿਲਮ ਨਿਰਮਾਣ ਦਾ ਪ੍ਰਮੁੱਖ ਕੇਂਦਰ ਬਣਾਉਣ ਦੇ ਉਦੇਸ਼ ਨਾਲ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪੰਜਾਬ ਫਿਲਮ ਪ੍ਰੋਮੋਸ਼ਨ ਨੀਤੀ 2026 ਲਾਗੂ ਕੀਤੀ ਹੈ, ਜਿਸ ਨੂੰ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਲਾਹੇ-ਪੱਖੀ ਅਤੇ ਲਚਕੀਲੀ ਬਣਾਇਆ ਗਿਆ ਹੈ। ਇਹ ਗੱਲ ਮੋਹਾਲੀ ਦੇ ਪਲਾਕਸ਼ਾ ਯੂਨੀਵਰਸਿਟੀ ਵਿੱਚ ਹੋਏ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ 2026 ਦੌਰਾਨ ਮੀਡੀਆ ਅਤੇ ਮਨੋਰੰਜਨ ਸੈਸ਼ਨ ਦੌਰਾਨ ਪੈਨਲ ਚਰਚਾ ਦੌਰਾਨ ਉਭਰ ਕੇ ਸਾਹਮਣੇ ਆਈ।

ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਦੇ ਮੀਡੀਆ ਇੰਚਾਰਜ ਸ੍ਰੀ ਬਲਤੇਜ ਪੰਨੂ ਨੇ ਕਿਹਾ, ਅਸੀਂ ਹਰ ਫਿਲਮਕਾਰ, ਹਰ ਨਿਵੇਸ਼ਕ ਅਤੇ ਹਰ ਰਚਨਾਤਮਕ ਸ਼ਖ਼ਸ ਦਾ ਸਵਾਗਤ ਕਰਦੇ ਹਾਂ। ਤੁਹਾਨੂੰ ਜੋ ਵੀ ਚਾਹੀਦਾ ਹੈ ਅਤੇ ਜਿਵੇਂ ਵੀ ਚਾਹੀਦਾ ਹੈ, ਮੁੱਖ ਮੰਤਰੀ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਤੁਹਾਡੇ ਨਾਲ ਖੜ੍ਹੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਦੀ ਨਾਕਾਰਾਤਮਕ ਛਵੀ ਪੇਸ਼ ਕਰਨ ਵਾਲੇ ਵਿਚੋਲਿਆਂ ਦਾ ਦੌਰ ਖਤਮ ਹੋ ਚੁੱਕਾ ਹੈ ਅਤੇ ਫਿਲਮਕਾਰਾਂ ਅਤੇ ਮੀਡੀਆ ਧਿਰਾਂ ਨੂੰ ਸ਼ੂਟਿੰਗ ਲਈ ਸਿੰਗਲ ਵਿੰਡੋ ਕਲੀਅਰੈਂਸ ਪ੍ਰਣਾਲੀ ਅਤੇ ਹਰ ਤਰ੍ਹਾਂ ਦੀ ਸਰਕਾਰੀ ਸਹਾਇਤਾ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਪਨਮਈ ਪ੍ਰੋਜੈਕਟ ਹੈ ਅਤੇ ਇਸ ਨੂੰ ਹਕੀਕਤ ਵਿੱਚ ਬਦਲਣ ਲਈ ਸਾਂਝੇ ਹੰਭਲੇ ਦੀ ਲੋੜ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੀ ਪੰਜਾਬੀਅਤ ਦੀ ਰੂਹ ਕਦੇ ਮਰੀ ਨਹੀਂ।

ਸ੍ਰੀ ਪੰਨੂ ਨੇ ਦੱਸਿਆ ਕਿ ਸਰਕਾਰ ਫਿਲਮ ਸ਼ੂਟਿੰਗ ਲਈ ਪ੍ਰਵਾਨਗੀਆਂ ਨੂੰ ਸੌਖਾ ਬਣਾਉਣ ਲਈ ਪ੍ਰਕਿਰਿਆ ਵਿੱਚ ਸੁਧਾਰ ਲਿਆ ਰਹੀ ਹੈ। ਉਨ੍ਹਾਂ ਇਕ ਹਾਲੀਆ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਜਦੋਂ ਇੱਕ ਪ੍ਰੋਡਕਸ਼ਨ ਯੂਨਿਟ ਨੂੰ ਸਮੱਸਿਆ ਪੇਸ਼ ਆਈ ਤਾਂ ਸਬੰਧਿਤ ਅਧਿਕਾਰੀ ਨੂੰ ਇੱਕ ਫੋਨ ਕਰਨ ਨਾਲ ਹੀ ਮਸਲਾ ਤੁਰੰਤ ਹੱਲ ਹੋ ਗਿਆ। ਓਹਨਾਂ ਵਿਸ਼ਵਾਸ ਦਿਵਾਇਆ ਪੰਜਾਬ ਦੀ ਧਰਤੀ 'ਤੇ ਕਦਮ ਰੱਖਣ ਵਾਲਾ ਇਸ ਖੇਤਰ ਦਾ ਮੈਂਬਰ ਸਾਡੇ ਆਪਣੇ ਪਰਿਵਾਰ ਵਾਂਗ ਹੈ। ਅਸੀਂ ਹਰ ਤਰੀਕੇ ਨਾਲ ਮਦਦ ਕਰਾਂਗੇ ਤਾਂ ਜੋ ਉਹ ਆਪਣੇ ਆਪ ਨੂੰ ਘਰ ਵਰਗਾ ਮਹਿਸੂਸ ਕਰੇ।

ਉਨ੍ਹਾਂ ਇਹ ਵੀ ਦੱਸਿਆ ਕਿ ਫਿਲਮ ਸ਼ੂਟਿੰਗ ਲਈ ਬਿਨਾ ਰੁਕਾਵਟ ਪ੍ਰਵਾਨਗੀਆਂ ਦੇਣ ਲਈ ਇੱਕ ਨੋਡਲ ਅਧਿਕਾਰੀ ਨਿਯੁਕਤ ਕਰਨ ਦੀ ਯੋਜਨਾ ਹੈ। ਪੰਜਾਬ ਦੇ ਬੁਨਿਆਦੀ ਢਾਂਚੇ ਦਾ ਜ਼ਿਕਰ ਕਰਦੇ ਹੋਏ ਉਨ੍ਹਾਂ ਕਿਹਾ ਕਿ ਇੱਥੇ ਦੋ ਕੌਮਾਂਤਰੀ ਅਤੇ ਚਾਰ ਘਰੇਲੂ ਹਵਾਈ ਅੱਡੇ ਹਨ, ਜਿਸ ਨਾਲ ਵਿਸ਼ਵ ਭਰ ਵਿੱਚ ਰਹਿੰਦੇ ਪੰਜਾਬੀ ਆਸਾਨੀ ਨਾਲ ਇੱਥੇ ਆ ਸਕਦੇ ਹਨ।

ਉਨ੍ਹਾਂ ਕਿਹਾ ਕਿ ਐਨਆਰਆਈ ਹੁਣ ਪ੍ਰੀ ਵੈਡਿੰਗ ਫੋਟੋਸ਼ੂਟ, ਮੈਡੀਕਲ ਟੂਰਿਜ਼ਮ ਤੇ ਕਾਰੋਬਾਰ ਲਈ ਪੰਜਾਬ ਨੂੰ ਤਰਜੀਹ ਦੇ ਰਹੇ ਹਨ।

ਓਟੀਟੀ ਪਲੈਟਫਾਰਮਾਂ ਅਤੇ ਏਆਈ ਦੇ ਵੱਧਦੇ ਰੁਝਾਨ ਦਾ ਜ਼ਿਕਰ ਕਰਦੇ ਹੋਏ ਸ੍ਰੀ ਪੰਨੂ ਨੇ ਮੀਡੀਆ ਨੂੰ ਸਮੇਂ ਦੇ ਹਾਣੀ ਬਣਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ, ਪੰਜਾਬ ਸਾਕਾਰਾਤਮਕਤਾ ਨਾਲ ਭਰਪੂਰ ਹੈ। ਜੇ ਤੁਸੀਂ ਸਾਕਾਰਾਤਮਕ ਲੋਕ ਲੱਭੋਗੇ ਤਾਂ ਉਹ ਤੁਹਾਨੂੰ ਪੰਜਾਬ ਵਿੱਚ ਹੀ ਮਿਲਣਗੇ।

ਇਸ ਮੌਕੇ ਇਨਵੈਸਟ ਪੰਜਾਬ ਦੇ ਸੀਈਓ ਅਮਿਤ ਢਾਕਾ ਨੇ ਕਿਹਾ ਕਿ ਰਾਜ ਸਰਕਾਰ ਪੰਜਾਬ ਵਿੱਚ ਬਣਨ ਵਾਲੀਆਂ ਫ਼ਿਲਮਾਂ, ਦਸਤਾਵੇਜ਼ੀ ਫਿਲਮਾਂ ਤੇ ਵੈੱਬ ਸੀਰੀਜ਼ ਲਈ ਨਿਰਮਾਣ ਖਰਚ 'ਤੇ 25 ਫੀਸਦੀ ਪੂੰਜੀਗਤ (ਕੈਪੀਟਲ) ਸਬਸਿਡੀ ਦਿੰਦੀ ਹੈ, ਜੋ ਪ੍ਰਤੀ ਫ਼ਿਲਮ ਅਤੇ ਵੈੱਬ ਸੀਰੀਜ਼ ਵੱਧ ਤੋਂ ਵੱਧ 3 ਕਰੋੜ ਰੁਪਏ ਤੱਕ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਪੰਜਾਬੀ ਭਾਸ਼ਾ ਦੀਆਂ ਫ਼ਿਲਮਾਂ ਲਈ ਨਿਰਮਾਣ ਖਰਚ ਦੇ 30 ਫੀਸਦੀ ਤੱਕ ਸਬਸਿਡੀ ਮਿਲੇਗੀ, ਜੋ ਪ੍ਰਤੀ ਫ਼ਿਲਮ ਵੱਧ ਤੋਂ ਵੱਧ 3.5 ਕਰੋੜ ਰੁਪਏ ਹੈ। ਇਸ ਤੋਂ ਇਲਾਵਾ ਨੀਤੀ ਵਿੱਚ ਫ਼ਿਲਮ ਸਿਟੀ, ਫ਼ਿਲਮ ਸਟੂਡੀਓ, ਵੀਐਫਐਕਸ ਸਟੂਡੀਓ ਅਤੇ ਟ੍ਰੇਨਿੰਗ ਇੰਸਟੀਚਿਊਟ ਸਥਾਪਤ ਕਰਨ ਲਈ 20 ਫੀਸਦੀ ਪੂੰਜੀਗਤ ਸਬਸਿਡੀ ਵੀ ਸ਼ਾਮਲ ਹੈ। ਸ੍ਰੀ ਢਾਕਾ ਨੇ ਕਿਹਾ, ਭਾਵੇਂ ਭਾਰਤ ਦੀ ਕੁੱਲ ਜ਼ਮੀਨ ਵਿੱਚ ਪੰਜਾਬ ਦਾ ਹਿੱਸਾ ਮਹਿਜ਼ 1.5 ਫੀਸਦੀ ਅਤੇ ਆਬਾਦੀ 2 ਫੀਸਦੀ ਹੈ, ਪਰ ਸੱਭਿਆਚਾਰ ਪੱਖੋਂ ਪੰਜਾਬ ਦਾ ਪ੍ਰਭਾਵ ਬਹੁਤ ਵੱਡਾ ਹੈ।

ਇੱਕ ਸਿੰਗਲ-ਵਿੰਡੋ ਆਨਲਾਈਨ ਪ੍ਰਵਾਨਗੀ ਪ੍ਰਣਾਲੀ ਅਤੇ ਵੱਖ-ਵੱਖ ਉਪਰਾਲਿਆਂ ਰਾਹੀਂ ਰਾਜ ਸਰਕਾਰ ਫ਼ਿਲਮਕਾਰਾਂ ਅਤੇ ਨਿਵੇਸ਼ਕਾਂ ਨੂੰ ਆਕਰਸ਼ਿਤ ਕਰਨ ਦਾ ਟੀਚਾ ਰੱਖਦੀ ਹੈ। ਇਸ ਨਾਲ ਰਾਜ ਦੇ ਮੀਡੀਆ ਅਤੇ ਮਨੋਰੰਜਨ ਉਦਯੋਗ ਨੂੰ ਵੱਡਾ ਹੁਲਾਰਾ ਮਿਲਣ ਦੀ ਉਮੀਦ ਹੈ, ਕਿਉਂਕਿ ਡਿਜੀਟਲ ਅਤੇ ਓਟੀਟੀ ਪਲੈਟਫਾਰਮਾਂ 'ਤੇ 40 ਫੀਸਦੀ ਕੰਟੈਂਟ ਪੰਜਾਬੀ ਹੈ। ਸਰਕਾਰ ਮੋਹਾਲੀ ਵਿੱਚ ਇੱਕ ਫ਼ਿਲਮ ਸਿਟੀ ਵਿਕਸਿਤ ਕਰਨ ਅਤੇ ਫ਼ਿਲਮ ਨਿਰਮਾਣ ਵਿੱਚ ਹੁਨਰ ਵਿਕਾਸ ਨੂੰ ਉਤਸ਼ਾਹਿਤ ਕਰਨ 'ਤੇ ਵੀ ਕੰਮ ਕਰ ਰਹੀ ਹੈ।

ਨਵੀਂ ਬਣਾਈ ਗਈ ਪੰਜਾਬ ਫਿਲਮ ਪ੍ਰੋਮੋਸ਼ਨ ਨੀਤੀ 2026 ਰਾਹੀਂ ਰਾਜ ਦੀ ਵਿਸ਼ਾਲ ਸੰਸਕ੍ਰਿਤਿਕ ਸਮੱਰਥਾਵਾਂ ਨੂੰ ਉਭਾਰਨ ਲਈ ਸਰਕਾਰ ਦੇ ਦ੍ਰਿਸ਼ਟੀਕੋਣ ਨੂੰ ਬਿਆਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬੀ ਸਿਨੇਮਾ ਭਾਰਤ ਦੇ ਸਭ ਤੋਂ ਵੱਡੇ ਫ਼ਿਲਮ ਉਦਯੋਗਾਂ ਵਿੱਚੋਂ ਇੱਕ ਹੈ।

# ਹੋਰਮੁਜ਼ ਦੇ ਆਲੇ-ਦੁਆਲੇ ਬਦਲ ਰਹੇ ਹਾਲਾਤ ; ਪੂਰਬ ਵੱਲ ਵਧ ਰਿਹਾ ਖ਼ਤਰਾ

## ਐਲ.ਪੀ.ਜੀ ਅਤੇ ਕੱਚੇ ਤੇਲ ਦੇ ਜਹਾਜ਼ਾਂ ਨੂੰ ਸੁਰੱਖਿਆ ਦੇਣ ਲਈ ਭਾਰਤੀ ਜਲ ਸੈਨਾ ਦੇ 6 ਤੋਂ 8 ਜਹਾਜ਼ ਤਾਇਨਾਤ

**ਨਵੀਂ ਦਿੱਲੀ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਰੂਗ੍ਰਾਮ ਵਿਖੇ ਭਾਰਤੀ ਜਲ ਸੈਨਾ ਵੱਲੋਂ ਚਲਾਏ ਜਾਂਦੇ ਇਨਫਰਮੇਸ਼ਨ ਫਿਊਜ਼ਨ ਸੈਂਟਰ – ਇੰਡੀਅਨ ਓਸ਼ਨ ਰੀਜਨ ਨੇ ਇੱਕ ਮੁਲਾਂਕਣ ਕੀਤਾ ਹੈ ਜਿਸ ਵਿੱਚ ਦੱਸਿਆ ਗਿਆ ਹੈ ਕਿ ਹੋਰਮੁਜ਼ ਜਲਮਾਰਗ ਦੇ ਆਲੇ-ਦੁਆਲੇ ਹਾਲਾਤ ਲਗਾਤਾਰ ਬਦਲ ਰਹੇ ਹਨ ਅਤੇ ਖਤਰਾ ਪੂਰਬ ਵੱਲ ਯਾਨੀ ਕਿ ਓਮਾਨ ਦੀ ਖਾੜੀ ਵੱਲ ਵਧ ਰਿਹਾ ਹੈ। ਆਈ ਐੱਫ ਸੀ- ਆਈ ਓ ਆਰ ਇੱਕ ਬਹੁ-ਦੇਸ਼ੀ ਢਾਂਚਾ ਹੈ ਜਿਸ ਵਿੱਚ ਕਈ ਦੇਸ਼ਾਂ ਦੇ ਨੁਮਾਇੰਦੇ ਸ਼ਾਮਲ ਹਨ ਅਤੇ 20 ਤੋਂ ਵੱਧ ਦੇਸ਼ ਵਪਾਰਕ ਜਹਾਜ਼ਾਂ ਬਾਰੇ ਡਾਟਾ ਸਾਂਝਾ ਕਰ ਰਹੇ ਹਨ ਤਾਂ ਜੋ ਇੱਕ ਸਾਂਝੀ ਰਣਨੀਤੀ ਬਣਾਈ ਜਾ ਸਕੇ। ਮੰਗਲਵਾਰ ਰਾਤ ਨੂੰ ਆਪਣੇ ਅਪਡੇਟ ਵਿੱਚ ਨੇ ਕਿਹਾ, ਹੋਰਮੁਜ਼ ਜਲਮਾਰਗ ਦੇ ਆਲੇ-ਦੁਆਲੇ ਦੇ ਹਾਲਾਤ ਲਗਾਤਾਰ ਬਦਲ ਰਹੇ ਹਨ ਕਿਉਂਕਿ ਖ਼ਤਰੇ ਵਾਲੀਆਂ ਗਤੀਵਿਧੀਆਂ ਪੂਰਬ ਵੱਲ ਨੂੰ ਵਧ ਰਹੀਆਂ ਹਨ।



ਹੋਰਮੁਜ਼ ਜਲਮਾਰਗ ਦੇ ਪੂਰਬ ਵਿੱਚ, ਖਾਸ ਕਰਕੇ ਓਮਾਨ ਦੀ ਖਾੜੀ 'ਚ ਛੇ ਸਮੁੰਦਰੀ ਜਹਾਜ਼ਾਂ ਨਾਲ ਵਾਪਰੇ ਹਾਦਸਿਆਂ ਦਾ ਹਵਾਲਾ ਦਿੰਦੇ ਹੋਏ ਕਿਹਾ ਗਿਆ ਹੈ ਕਿ ਜੋਖ਼ਮ ਵਧ ਰਿਹਾ ਹੈ, ਜਿਸ ਕਰਕੇ ਊਰਜਾ ਤੇ ਵਸਤੂਆਂ ਦੀ ਸਪਲਾਈ ਚੇਨਾਂ 'ਤੇ ਦਬਾਅ ਬਣਿਆ ਰਹੇਗਾ ਅਤੇ ਜੰਗੀ ਜੋਖ਼ਮ ਬੀਮਾ ਪ੍ਰੀਮੀਅਮ ਵੀ ਮਹਿੰਗੇ ਰਹਿਣਗੇ।

ਉੱਥੇ ਹੀ ਇੱਕ ਵੱਖਰਾ ਕਦਮ ਚੁੱਕਦਿਆਂ, ਭਾਰਤੀ ਜਲ ਸੈਨਾ ਨੇ ਇਰਾਨ ਅਤੇ ਓਮਾਨ ਦੇ ਵਿਚਕਾਰ ਮਹੱਤਵਪੂਰਨ ਹੋਰਮੁਜ਼ ਜਲਮਾਰਗ ਤੋਂ ਹੋ ਕੇ ਗੁਜਰਣ ਵਾਲੇ ਐਲ.ਪੀ.ਜੀ ਅਤੇ ਕੱਚੇ ਤੇਲ ਦੇ ਜਹਾਜ਼ਾਂ ਨੂੰ ਸੁਰੱਖਿਆ ਦੇਣ ਲਈ ਆਪਣੀ ਤਾਇਨਾਤੀ ਵਧਾ ਦਿੱਤੀ ਹੈ। ਹੁਣ ਤੱਕ ਹੋਰਮੁਜ਼ ਸੰਕਟ ਲਈ ਨਿਗਰਾਨੀ ਜਹਾਜ਼ਾਂ ਅਤੇ ਯੂ.ਏ.ਵੀਜ਼ (ਡਰੋਨ) ਤੋਂ ਇਲਾਵਾ 6 ਤੋਂ 8 ਜਹਾਜ਼ ਡਿਊਟੀ 'ਤੇ ਹਨ।

ਸੂਤਰਾਂ ਨੇ ਦੱਸਿਆ ਕਿ ਜਲ ਸੈਨਾ ਨੇ ਦੋ ਟਾਸਕ ਫੋਰਸਾਂ ਗਠਿਤ ਕੀਤੀਆਂ ਹਨ ਅਤੇ ਹੋਰਮੁਜ਼-ਡਿਊਟੀ 'ਤੇ ਜੰਗੀ ਜਹਾਜ਼ਾਂ ਦੀ ਗਿਣਤੀ ਐਤਵਾਰ ਨੂੰ ਤਾਇਨਾਤ ਤਿੰਨ ਜੰਗੀ ਜਹਾਜ਼ਾਂ ਤੋਂ ਵੱਧ ਹੋ ਗਈ ਹੈ। ਇਸ ਸਮੇਂ ਘੱਟੋ-ਘੱਟ ਛੇ ਤੋਂ ਅੱਠ ਜੰਗੀ ਜਹਾਜ਼ ਤਾਇਨਾਤ ਕੀਤੇ ਗਏ ਹਨ। ਇਹ ਕਦਮ ਭਾਰਤ ਸਰਕਾਰ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਵੱਲੋਂ ਪ੍ਰਸਤਾਵਿਤ ਕਿਸੇ ਵੀ ਬਹੁ-ਦੇਸ਼ੀ ਗੱਠਜੋੜ ਵਿੱਚ ਸ਼ਾਮਲ ਹੋਏ ਬਿਨਾਂ ਸੁਤੰਤਰ ਤੌਰ 'ਤੇ ਚੁੱਕ ਰਹੀ ਹੈ।

ਦੇਸ਼ ਵਿਚਲੇ ਸੂਤਰਾਂ ਨੇ ਤਾਇਨਾਤ ਕੀਤੇ ਗਏ ਫੌਜੀ ਸਾਜ਼ੋ-ਸਮਾਨ ਦੀ ਕਿਸਮ ਦਾ ਖੁਲਾਸਾ ਨਹੀਂ ਕੀਤਾ, ਪਰ ਉਨ੍ਹਾਂ ਨੇ ਇਹ ਜ਼ਰੂਰ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਹੋਰ ਐਲਪੀਜੀ ਅਤੇ ਕੱਚੇ ਤੇਲ ਦੇ ਬੇੜੇ ਹੋਰਮੁਜ਼ ਜਲਡਮਰੂ ਵਿੱਚੋਂ ਲੰਘਣ ਦੀ ਉਮੀਦ ਹੈ।

ਜਲ ਸੈਨਾ ਦੇ ਤਿੰਨ ਮੋਹਰੀ ਜੰਗੀ ਜਹਾਜ਼ ਹੋਰਮੁਜ਼ ਦੇ ਬਿਲਕੁਲ ਬਾਹਰ ਓਮਾਨ ਦੀ ਖਾੜੀ ਵਿੱਚ ਤਾਇਨਾਤ ਕੀਤੇ ਗਏ ਸਨ ਜੋ ਕਿ ਪਿਛਲੇ ਕੁਝ ਦਿਨਾਂ ਤੋਂ ਭਾਰਤੀ ਐਲ.ਪੀ.ਜੀ ਜਹਾਜ਼ਾਂ ਨੂੰ ਸੁਰੱਖਿਆ ਪ੍ਰਦਾਨ ਕਰ ਰਹੇ ਹਨ। ਜੰਗੀ ਜਹਾਜ਼ ਆਪਣੇ ਬੋਰਡ 'ਤੇ ਮੌਜੂਦ ਰਾਡਾਰਾਂ ਤੋਂ ਲਾਈਵ ਫੀਡ ਪ੍ਰਾਪਤ ਕਰਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੂੰ ਸਵਦੇਸ਼ੀ ਉਪਗ੍ਰਹਿਆਂ, ਸਮੁੰਦਰੀ ਨਿਗਰਾਨੀ ਜਹਾਜ਼ਾਂ ਅਤੇ ਡਰੋਨਾਂ ਰਾਹੀਂ ਵੀ ਸੂਚਨਾਵਾਂ ਮਿਲਦੀਆਂ ਰਹਿੰਦੀਆਂ ਹਨ।

ਜਲ ਸੈਨਾ ਦੇ ਦੋ ਜੰਗੀ ਜਹਾਜ਼ ਸਾਊਦੀ ਅਰਬ ਦੇ ਪ੍ਰਾਇਦੀਪ ਦੇ ਦੱਖਣੀ ਸਮੁੰਦਰੀ ਖੇਤਰ ਵਿੱਚ ਤਾਇਨਾਤ ਹਨ, ਇੱਕ ਜਹਾਜ਼ 2008 ਤੋਂ ਅਦਨ ਦੀ ਖਾੜੀ ਵਿੱਚ ਸਮੁੰਦਰੀ ਡਾਕੂਆਂ ਵਿਰੁੱਧ ਕਾਰਵਾਈ ਲਈ ਅਤੇ ਦੂਜਾ 2019 ਤੋਂ ਓਮਾਨ ਦੀ ਖਾੜੀ ਵਿੱਚ ਮੌਜੂਦ ਹੈ। ਹੋਰਮੁਜ਼ ਵਿੱਚ ਸੰਕਟ ਕਾਰਨ ਇੱਕ ਹੋਰ ਜੰਗੀ ਜਹਾਜ਼ ਵਧਾਇਆ ਗਿਆ ਹੈ। ਭਾਰਤੀ ਜਲ ਸੈਨਾ ਕੋਲ ਓਮਾਨ ਦੀਆਂ ਡੁਕਮ ਅਤੇ ਸਲਾਲਾਹ ਬੰਦਰਗਾਹਾਂ 'ਤੇ ਤੇਲ ਭਰਨ ਅਤੇ ਸਪਲਾਈ ਮੁੜ ਜਮ੍ਹਾਂ ਕਰਨ ਦਾ ਬਦਲ ਹੈ।

# ਪੰਜਾਬ ਸਰਕਾਰ ਨੇ ਪਾਣੀ ਦੇ ਬਕਾਏ ਦੀ ਵਸੂਲੀ ਲਈ ਰਾਜਸਥਾਨ ਸਰਕਾਰ ਨੂੰ ਲਿਖੀ ਚਿੱਠੀ

## ਰਾਜਸਥਾਨ ਸਰਕਾਰ ਵੱਲ ਪੰਜਾਬ ਦਾ ਇਕ ਲੱਖ 44 ਹਜ਼ਾਰ ਕਰੋੜ ਰੁਪਏ ਬਕਾਇਆ : ਭਗਵੰਤ ਮਾਨ



**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਨੇ ਰਾਜਸਥਾਨ ਨੂੰ ਦਿੱਤੇ ਜਾਣ ਵਾਲੇ ਪਾਣੀ ਦੀ ਵਸੂਲੀ ਲਈ ਤਿਆਰੀ ਖਿੱਚ ਲਈ ਹੈ। ਇਸ ਲਈ ਪੰਜਾਬ ਸਰਕਾਰ ਵੱਲੋਂ ਪਾਣੀ ਦੇ ਬਕਾਏ ਵਸੂਲਣ ਸਬੰਧੀ ਰਾਜਸਥਾਨ ਸਰਕਾਰ ਨੂੰ ਪੱਤਰ ਲਿਖ ਦਿੱਤਾ ਹੈ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਚੰਡੀਗੜ੍ਹ ਵਿਖੇ ਆਪਣੀ ਰਿਹਾਇਸ਼ ਉੱਤੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਹੈ। ਉਹਨਾਂ ਕਿਹਾ ਕਿ ਰਾਜਸਥਾਨ ਨੂੰ ਸਾਲ 1920 ਵਿੱਚ ਹੋਏ ਸਮਝੌਤੇ ਤਹਿਤ ਪਾਣੀ ਦਿੱਤਾ ਜਾ ਰਿਹਾ ਹੈ। ਇਸ ਲਈ ਰਾਜਸਥਾਨ ਸਰਕਾਰ ਵੱਲੋਂ ਸਾਲ 1920 ਤੋਂ ਲੈ ਕੇ 1960 ਤੱਕ ਪਾਣੀ ਲਈ ਬਣਦੀ ਅਦਾਇਗੀ ਕੀਤੀ ਜਾਂਦੀ ਸੀ। ਪਰ 1960 ਤੋਂ ਬਾਅਦ ਸਰਕਾਰਾਂ ਦੀ ਮਿਲੀ ਭੁਗਤ ਕਰਕੇ ਰਾਜਸਥਾਨ ਸਰਕਾਰ ਨੇ ਪਾਣੀ ਦੀ ਅਦਾਇਗੀ ਕਰਨੀ ਬੰਦ ਕਰ ਦਿੱਤੀ ਸੀ।

ਮੁੱਖ ਮੰਤਰੀ ਨੇ ਕਿਹਾ ਕਿ 1960 ਤੋਂ ਲੈ ਕੇ ਹੁਣ ਤੱਕ ਦਾ ਰਾਜਸਥਾਨ ਸਰਕਾਰ ਵੱਲ ਇਕ ਲੱਖ 44 ਹਜ਼ਾਰ ਕਰੋੜ ਰੁਪਏ ਦਾ ਬਕਾਇਆ ਬਣਦਾ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਰਾਜਸਥਾਨ ਸਰਕਾਰ ਨੂੰ ਪੱਤਰ ਲਿਖ ਕੇ ਉਕਤ ਬਕਾਏ ਬਾਰੇ ਗੱਲਬਾਤ ਕਰਨ ਲਈ ਸੱਦਾ ਦਿੱਤਾ ਹੈ। ਮੁੱਖ ਮੰਤਰੀ ਨੇ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਵੱਲੋਂ ਰਾਜਸਥਾਨ ਸਰਕਾਰ ਵੱਲ ਪਾਣੀ ਦੇ ਖੜ੍ਹੇ ਬਕਾਏ ਦੀ ਵਸੂਲੀ ਕੀਤੀ ਜਾਵੇਗੀ।

ਇਸ ਦੇ ਨਾਲ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪ ਸਰਕਾਰ ਵੱਲੋਂ ਚਾਰ ਸਾਲਾਂ ਵਿੱਚ ਪੰਜਾਬ ਦੇ ਨਹਿਰੀ ਢਾਂਚੇ ਦੀ ਮਜ਼ਬੂਤੀ ਲਈ 6700 ਕਰੋੜ ਰੁਪਏ ਖ਼ਰਚ ਕਰਕੇ ਚੁੱਕੇ ਕਦਮਾਂ ਦੇ ਵੇਰਵੇ ਸਾਂਝੇ ਕੀਤੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਅੱਜ ਪੰਜਾਬ ਦੇ 78 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ ਪਹੁੰਚ ਰਿਹਾ ਹੈ ਜਦੋਂ ਕਿ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਹੋਰ ਵਧਾਇਆ ਜਾਵੇਗਾ।

ਉਹਨਾਂ ਦਾਅਵਾ ਕੀਤਾ ਕਿ ਖੇਤੀਬਾੜੀ ਲਈ ਨਹਿਰੀ ਪਾਣੀ ਦੀ ਵਰਤੋਂ ਕਰਨ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਵੀ ਕਈ ਇਲਾਕਿਆਂ ਵਿੱਚ ਵਧਣਾ ਸ਼ੁਰੂ ਹੋ ਗਿਆ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਤਰਨ ਤਾਰਨ ਵਿੱਚ 22 ਕਿਲੋਮੀਟਰ ਲੰਬੀ ਸਰਹੱਦੀ ਨਹਿਰ ਮਿਲੀ ਹੈ ਜੋ ਕਿ ਬੰਦ ਕਰ ਦਿੱਤੀ ਗਈ ਸੀ ਪਰ ਹੁਣ ਪੰਜਾਬ ਸਰਕਾਰ ਵੱਲੋਂ ਉਸ ਨੂੰ ਮੁੜ ਸ਼ੁਰੂ ਕੀਤਾ ਗਿਆ ਹੈ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਉਣ ਵਾਲੇ ਸਮੇਂ ਵਿੱਚ ਨਹਿਰੀ ਪਾਣੀ ਦੀ ਹੋਰ ਵਧੀਆ ਢੰਗ ਨਾਲ ਵਰਤੋਂ ਕੀਤੀ ਜਾਵੇਗੀ ਅਤੇ ਪੰਜਾਬ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਾਇਆ ਜਾਵੇਗਾ।

# ਦੋਪਹੀਆ ਵਾਹਨ ਚੋਰੀ ਦੇ ਮਾਮਲੇ ਵਿੱਚ ਦੋਸ਼ੀ ਕਾਬੂ, ਚੋਰੀ ਕੀਤੀਆਂ ਚਾਰ ਮੋਟਰਸਾਈਕਲਾਂ ਬਰਾਮਦ

**ਕਰਨਾਲ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਪੁਲਿਸ ਕਰਨਾਲ ਵੱਲੋਂ ਦੋਪਹੀਆ ਵਾਹਨ ਚੋਰੀ ਦੀਆਂ ਘਟਨਾਵਾਂ 'ਤੇ ਰੋਕ ਲਗਾਉਣ ਲਈ ਚਲਾਏ ਜਾ ਰਹੇ ਅਭਿਆਨ ਤਹਿਤ ਐਂਟੀ ਆਟੋ ਵਾਹਨ ਚੋਰੀ ਸਟਾਫ ਨੇ ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਮਹੱਤਵਪੂਰਨ ਸਫਲਤਾ ਹਾਸਲ ਕੀਤੀ ਹੈ।

ਐਂਟੀ ਆਟੋ ਵਾਹਨ ਚੋਰੀ ਸਟਾਫ ਦੇ ਇੰਚਾਰਜ ਉਪ ਨਿਰੀਕਸ਼ਕ ਵਿਕਾਸ ਕੁਮਾਰ ਦੀ ਅਗਵਾਈ ਵਿੱਚ ਅਤੇ ਸਹਾਇਕ ਉਪ ਨਿਰੀਕਸ਼ਕ ਕ੍ਰਿਸ਼ਨ



ਕੁਮਾਰ ਦੀ ਦੇਖਰੇਖ ਹੇਠ ਪੁਲਿਸ ਟੀਮ ਨੇ ਕਾਰਵਾਈ ਕਰਦਿਆਂ ਦੋਸ਼ੀ ਅਸ਼ੋਕ ਉਰਫ਼ ਮੋਨੀ ਪੁੱਤਰ ਜਿਮੂਰਾਮ ਵਾਸੀ ਪਿੰਡ ਮਾਜਰਾ ਰੋੜਾਂ, ਥਾਣਾ ਨਿਗਦੂ, ਜ਼ਿਲ੍ਹਾ ਕਰਨਾਲ ਨੂੰ ਕਾਛਵਾ ਨਹਿਰ ਪੁਲ ਕੋਲੋਂ ਕਾਬੂ ਕੀਤਾ।

ਪੁਲਿਸ ਟੀਮ ਨੇ ਦੋਸ਼ੀ ਦੇ ਕਬਜ਼ੇ ਵਿੱਚੋਂ ਕੁੱਲ ਚਾਰ ਚੋਰੀ ਕੀਤੀਆਂ ਮੋਟਰ ਸਾਈਕਲਾਂ ਬਰਾਮਦ ਕੀਤੀਆਂ ਹਨ।

ਮਾਮਲੇ ਦੇ ਜਾਂਚ ਅਧਿਕਾਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੋਸ਼ੀ ਨੇ ਥਾਣਾ ਨਿਗਦੂ ਅਤੇ ਥਾਣਾ ਸ਼ਹਿਰ ਕਰਨਾਲ ਦੇ ਖੇਤਰਾਂ ਸਮੇਤ ਹੋਰ ਥਾਵਾਂ ਤੋਂ ਮੋਟਰਸਾਈਕਲ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਸੀ। ਦੋਸ਼ੀ ਖ਼ਿਲਾਫ਼ ਪਹਿਲਾਂ ਵੀ ਚੋਰੀ ਦੇ ਕਈ ਮਾਮਲੇ ਦਰਜ ਹਨ। ਪੁਲਿਸ ਵੱਲੋਂ ਅੱਜ ਦੋਸ਼ੀ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੋਂ ਉਸਨੂੰ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਗਿਆ ਹੈ।

# ਕਮਰਸ਼ੀਅਲ ਗੈਸ ਸਿਲੈਂਡਰਾਂ ਦੀ ਕਾਲਾਬਾਜ਼ਾਰੀ ਬਰਦਾਸ਼ਤ ਨਹੀਂ: ਉੱਤਮ ਸਿੰਘ

**ਕਰਨਾਲ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹੇ ਵਿੱਚ ਕਮਰਸ਼ੀਅਲ ਗੈਸ ਸਿਲੈਂਡਰਾਂ ਦੀ ਵਿਕਰੀ ਨੂੰ ਲੈ ਕੇ ਅੱਜ ਇੱਥੇ ਜ਼ਿਲ੍ਹਾ ਸਕੱਤਰਾਲ ਵਿੱਚ ਇੱਕ ਮੀਟਿੰਗ ਉਪਾਇੁਕਤ ਉੱਤਮ ਸਿੰਘ ਦੀ ਅਗਵਾਈ ਹੇਠ ਹੋਈ। ਇਸ ਵਿੱਚ ਉਪਾਇੁਕਤ ਨੇ ਕਮਰਸ਼ੀਅਲ ਗੈਸ ਸਿਲੈਂਡਰਾਂ ਦੀ ਕਾਲਾਬਾਜ਼ਾਰੀ ਕਰਨ ਵਾਲਿਆਂ ਦੇ ਖ਼ਿਲਾਫ਼ ਐਫਆਈਆਰ ਦਰਜ ਕਰਨ ਲਈ ਡੀਐਫਐਸਸੀ ਅਤੇ ਪੁਲਿਸ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਹਸਪਤਾਲਾਂ, ਸਿੱਖਿਆ ਸੰਸਥਾਵਾਂ ਅਤੇ ਵਿਆਹ ਸਮਾਰੋਹਾਂ ਲਈ ਕਿੰਨੇ ਕਮਰਸ਼ੀਅਲ ਸਿਲੈਂਡਰ ਜਾਰੀ ਕਰਨੇ ਹਨ, ਇਸ ਦਾ ਫ਼ੈਸਲਾ ਜ਼ਿਲ੍ਹਾ ਪੱਧਰ 'ਤੇ ਬਣਾਈ ਗਈ ਕਮੇਟੀ ਵੱਲੋਂ ਕੀਤਾ ਜਾਵੇਗਾ।

ਮੀਟਿੰਗ ਵਿੱਚ ਉਪਾਇੁਕਤ ਨੇ ਪੁਲਿਸ ਅਤੇ ਜ਼ਿਲ੍ਹਾ ਖਾਦ, ਨਾਗਰਿਕ ਸਪਲਾਈ ਅਤੇ ਉਪਭੋਗਤਾ ਮਾਮਲੇ ਨਿਯੰਤਰਕ (ਡੀਐਫਐਸਸੀ) ਨੂੰ ਇਹ ਯਕੀਨੀ ਬਣਾਉਣ ਲਈ ਕਿਹਾ ਕਿ ਜ਼ਿਲ੍ਹੇ ਵਿੱਚ ਕਿਤੇ ਵੀ ਗੈਸ ਦੀ ਕਾਲਾਬਾਜ਼ਾਰੀ ਨਾ ਹੋਵੇ। ਇਸ ਲਈ ਅਚਾਨਕ ਛਾਪੇ ਮਾਰੇ ਜਾਣ ਅਤੇ ਜੇ ਕੋਈ ਮਾਮਲਾ ਸਾਹਮਣੇ ਆਵੇ ਤਾਂ ਤੁਰੰਤ ਆਵਸ਼?ਯਕ ਸੇਵਾ ਸੰਰਕਸ਼ਣ ਕਾਨੂੰਨ (ਈਐਸਐਮਏ) ਹੇਠ ਐਫਆਈਆਰ ਦਰਜ ਕੀਤੀ ਜਾਵੇ।

ਉਨ੍ਹਾਂ ਦੱਸਿਆ ਕਿ ਹਸਪਤਾਲਾਂ, ਸਿੱਖਿਆ ਸੰਸਥਾਵਾਂ ਅਤੇ ਵਿਆਹ ਸਮਾਰੋਹਾਂ ਲਈ ਕਮਰਸ਼ੀਅਲ ਸਿਲੈਂਡਰ ਜਾਰੀ ਕਰਨ ਲਈ ਜ਼ਿਲ੍ਹਾ ਪੱਧਰ 'ਤੇ ਇੱਕ ਕਮੇਟੀ ਬਣਾਈ ਗਈ ਹੈ।

ਇਸ ਕਮੇਟੀ ਵਿੱਚ ਉਪਾਇੁਕਤ ਖ਼ੁਦ, ਐਸਪੀ, ਡੀਐਫਐਸਸੀ, ਸੀਐਮਓ ਅਤੇ ਡੀਈਓ ਸ਼ਾਮਲ ਹਨ। ਉਪਾਇੁਕਤ ਨੇ ਨਿਰਦੇਸ਼ ਦਿੱਤੇ ਕਿ ਵਿਆਹ ਲਈ ਕਮਰਸ਼ੀਅਲ ਸਿਲੈਂਡਰ ਜਾਰੀ ਕਰਨ ਤੋਂ ਪਹਿਲਾਂ ਸਰਪੰਚ/ਪਾਰਸ਼ਦ ਆਦਿ ਤੋਂ ਵਿਆਹ ਦੀ ਪੁਸ਼ਟੀ ਕਰਵਾਈ ਜਾਵੇ ਤਾਂ ਜੋ ਸਿਲੈਂਡਰਾਂ ਦਾ ਦੁਰਪਯੋਗ ਨਾ ਹੋਵੇ। ਉਨ੍ਹਾਂ ਕਿਹਾ ਕਿ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਫ਼ਿਲਹਾਲ ਹੋਟਲ ਚਲਾਉਣ ਵਾਲਿਆਂ ਨੂੰ ਕੋਈ ਵੀ ਸਿਲੈਂਡਰ ਜਾਰੀ ਨਹੀਂ ਕੀਤਾ ਜਾਵੇਗਾ। ਟੂਰਿਜ਼ਮ ਕੇਂਦਰਾਂ ਜਾਂ ਰਸਮ-ਕਿਰਿਆ ਲਈ ਸਰਕਾਰ ਤੋਂ ਦਿਸ਼ਾ-ਨਿਰਦੇਸ਼ ਮੰਗੇ ਗਏ ਹਨ।

ਉਪਾਇੁਕਤ ਸ਼੍ਰੀ ਸਿੰਘ ਨੇ ਆਈਓਸੀਐਲ, ਬੀਪੀਸੀਐਲ ਅਤੇ ਐਚਪੀਐਲ ਦੇ ਅਧਿਕਾਰੀਆਂ ਨੂੰ ਉਪਲਬਧ ਸਟਾਕ ਬਾਰੇ ਹਰ ਰੋਜ਼ ਰਿਪੋਰਟ ਪੇਸ਼ ਕਰਨ ਲਈ ਕਿਹਾ।

# ਸਪੀਕਰ ਨੇ ਸਿਵਲ ਸੇਵਾਵਾਂ ਪ੍ਰੀਖਿਆ ਦੇ ਸਫ਼ਲ ਵਿਦਿਆਰਥੀਆਂ ਨੂੰ ਪੰਜਾਬ ਵਿਧਾਨ ਸਭਾ ਵਿੱਚ ਕੀਤਾ ਸਨਮਾਨਿਤ

**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਉਨ੍ਹਾਂ ਹੁਨਰਮੰਦ ਵਿਦਿਆਰਥੀਆਂ ਨੂੰ ਪੰਜਾਬ ਵਿਧਾਨ ਸਭਾ ਵਿੱਚ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਜਿਨ੍ਹਾਂ ਨੇ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ ।

ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ, ਸਮਰਪਣ ਅਤੇ ਸੰਘਰਸ਼ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨੌਜਵਾਨ ਦੇਸ਼ ਦਾ ਭਵਿੱਖ ਹਨ ਅਤੇ ਉਨ੍ਹਾਂ ਦੀ ਸਫਲਤਾ ਹੋਰਨਾਂ ਨੌਜਵਾਨਾਂ ਲਈ ਪ੍ਰੇਰਣਾ ਹੈ।

ਸਮਾਗਮ ਦੌਰਾਨ ਅਮਨ ਅਲੂਣ, ਰਸਨੀਤ ਕੌਰ, ਮਨਪ੍ਰੀਤ ਕੌਰ, ਜਯੰਤ ਗਰਗ ਅਤੇ ਕ੍ਰਿਤਿਕਾ ਚੌਧਰੀ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਪੀਕਰ ਨੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।

ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਸਿਵਲ ਸੇਵਾਵਾਂ ਪ੍ਰਤੀਯੋਗੀ ਪ੍ਰੀਖਿਆ ਪਾਸ ਕਰਨਾ ਇੱਕ ਵੱਡੀ ਪ੍ਰਾਪਤੀ ਹੈ, ਜਿਸ ਲਈ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਦ੍ਰਿੜ ਇਰਾਦੇ ਦੀ ਲੋੜ ਹੁੰਦੀ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਸਲਾਹ ਦਿੰਦਿਆਂ ਕਿਹਾ ਕਿ ਉਹ ਲੋਕਾਂ ਦੀ ਸੇਵਾ ਵਿੱਚ ਤਨਦੇਹੀ ਨਾਲ ਜ਼ਿੰਮੇਵਾਰੀਆਂ ਨਿਭਾਉਂਦੇ ਹੋਏ ਹਮੇਸ਼ਾ ਸੱਚਾਈ, ਇਮਾਨਦਾਰੀ ਅਤੇ ਨਿਆਂ ਨੂੰ ਤਰਜੀਹ ਦੇਣ।

ਉਨ੍ਹਾਂ ਕਿਹਾ ਕਿ ਕਲਮ ਅਤੇ ਕੁਰਸੀ ਦੀ ਤਾਕਤ ਜੇਕਰ ਲੋਕਾਂ ਦੀ ਭਲਾਈ ਲਈ ਵਰਤੀ ਜਾਵੇ ਤਾਂ ਹੀ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਂਦਾ ਸਕੇਗਾ।

ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਦੇਸ਼ ਦੇ ਸਾਰੇ ਹੁਨਰਮੰਦ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਪੰਜਾਬ ਦੀਆਂ ਧੀਆਂ-ਪੁੱਤਰਾਂ ਨੇ ਇੱਕ ਵਾਰ ਫਿਰ ਆਪਣੀ ਪ੍ਰਤਿਭਾ ਅਤੇ ਜਨੂੰਨ ਨਾਲ ਸਾਬਤ ਕਰ ਦਿੱਤਾ ਹੈ ਕਿ ਜੇਕਰ ਇਰਾਦੇ ਮਜ਼ਬੂਤ ਹੋਣ ਤਾਂ ਕੋਈ ਵੀ ਮੰਜ਼ਿਲ ਦੂਰ ਨਹੀਂ ਹੁੰਦੀ।

# ਇਤਰਾਜ਼ਯੋਗ ਸਮੱਗਰੀ ਨੂੰ ਅੱਗੇ ਸਾਂਝਾ ਨਾ ਕਰੋ, ਤੁਰੰਤ ਰਿਪੋਰਟ ਕਰੋ : ਜਥੇ: ਗੜਗੱਜ

## ਸੋਸ਼ਲ ਮੀਡੀਆ 'ਤੇ 19 ਦੀ ਦੁਰਵਰਤੋਂ ਵਿਰੁੱਧ ਜਥੇਦਾਰ ਗੜਗੱਜ ਦੀ ਸਿੱਖ ਕੌਮ ਨੂੰ ਅਪੀਲ

**ਅੰਮ੍ਰਿਤਸਰ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਸੋਸ਼ਲ ਮੀਡੀਆ 'ਤੇ ਆਰਟੀਫਿਸ਼ੀਅਲ ਇੰਨਟੈਲੀਜੈਂਸ ਦੀ ਦੁਰਵਰਤੋਂ ਕਰਕੇ ਸਿੱਖ ਧਰਮ ਦੇ ਪਵਿੱਤਰ ਅਸਥਾਨਾਂ ਅਤੇ ਗੁਰੂ ਸਾਹਿਬਾਨ ਬਾਰੇ ਇਤਰਾਯੋਗ ਸਮੱਗਰੀ ਸਾਂਝੀ ਕਰਨ ਦੇ ਵੱਧ ਰਹੇ ਰੁਝਾਨ 'ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਚਿੰਤਾ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਸਿੱਖ ਕੌਮ ਨੂੰ ਸੰਦੇਸ਼ ਦਿੱਤਾ ਹੈ ਕਿ ਉਹ ਅਜਿਹੀ ਇਤਰਾਯੋਗ ਸਮੱਗਰੀ ਨੂੰ ਅਗਾਂਹ ਸ਼ੇਅਰ ਨਾ ਕਰਨ ਅਤੇ ਇਸ ਬਾਰੇ ਤੁਰੰਤ ਸੋਸ਼ਲ ਮੀਡੀਆ ਪਲੇਟਫਾਰਮ 'ਤੇ ਹੀ ਰਿਪੋਰਟ ਕਰਨ।

ਦੱਸਣਯੋਗ ਹੈ ਕਿ ਹਾਲ ਹੀ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (ਏਆਈ) ਤਕਨੀਕ ਦੀ ਦੁਰਵਰਤੋਂ ਕਰਕੇ ਇੱਕ ਨਰ ਪਿੰਜਰ ਨੂੰ ਦਸਤਾਰਧਾਰੀ ਬਣਾਇਆ ਗਿਆ ਅਤੇ ਉਸ ਨੂੰ ਸ਼੍ਰੀ ਹਰਿਮੰਦਰ ਸਾਹਿਬ ਦੇ ਲੰਗਰ ਘਰ ਵਿੱਚ ਜੁੱਤੇ ਪਾ ਕੇ ਅਤੇ ਪਰਿਕਰਮਾ ਵਿੱਚ ਦਿਖਾਇਆ ਗਿਆ। ਜਿਸ ਦਾ ਸਿੱਖ ਸੰਗਤਾਂ ਅਤੇ ਸ਼੍ਰੋਮਣੀ ਕਮੇਟੀ ਨੇ ਸਖਤ ਵਿਰੋਧ ਕੀਤਾ।



ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਦੇ ਅਜਿਹੇ ਮਾਮਲਿਆਂ ਉੱਤੇ ਗਹਿਰੀ ਚਿੰਤਾ ਪ੍ਰਗਟ ਕਰਦਿਆਂ ਜਥੇਦਾਰ ਗੜਗੱਜ ਨੇ ਸਿੱਖ ਕੌਮ ਅਤੇ ਨੌਜਵਾਨਾਂ ਦੇ ਨਾਮ ਵਿਸ਼ੇਸ਼ ਸੰਦੇਸ਼ ਜਾਰੀ ਕਰਕੇ ਕੌਮ ਨੂੰ ਆਗਾਹ ਕਰਦਿਆਂ ਕਿਹਾ ਕਿ ਜਦੋਂ ਵੀ ਏਆਈ ਨਾਲ ਬਣੀ ਕੋਈ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਵੇ ਤਾਂ ਉਸ ਨੂੰ ਅਗਾਂਹ ਸਾਂਝੀ ਕਰਨ ਦੀ ਬਜਾਏ ਸਬੰਧਤ ਸੋਸ਼ਲ ਮੀਡੀਆ ਪਲੇਟਫਾਰਮ ਉੱਤੇ ਤੁਰੰਤ ਹੀ ਇਤਰਾਜ਼ਯੋਗ ਸਮੱਗਰੀ ਵਜੋਂ ਰਿਪੋਰਟ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਹ ਧਿਆਨ ਵਿੱਚ ਆਇਆ ਹੈ ਕਿ ਅਕਸਰ ਹੀ ਜਦੋਂ ਕੋਈ ਏਆਈ ਨਾਲ ਬਣੀ ਇਤਰਾਜ਼ਯੋਗ ਵੀਡੀਓ, ਫੋਟੋ ਆਦਿ ਸਾਹਮਣੇ ਆਉਂਦੀ ਹੈ ਤਾਂ ਸਾਡੇ ਲੋਕ ਉਸ ਸਮੱਗਰੀ ਨੂੰ ਆਪਣੇ ਸੋਸ਼ਲ ਮੀਡੀਆ ਮੰਚਾਂ ਉੱਤੇ ਅਪਲੋਡ ਜਾਂ ਸਾਂਝਾ ਕਰਕੇ ਹੋਰ ਵੀ ਅਗਾਂਹ ਫੈਲਾ ਦਿੰਦੇ ਹਨ, ਜਿਸ ਨਾਲ ਸ਼ਰਾਰਤੀ ਅਨਸਰਾਂ ਦਾ ਉਦੇਸ਼ ਪੂਰਾ ਹੁੰਦਾ ਹੈ ਅਤੇ ਧਾਰਮਿਕ ਭਾਵਨਾਵਾਂ ਨੂੰ ਵਧੇਰੇ ਸੱਟ ਵੱਜਦੀ ਹੈ। ਇਸ ਦੀ ਬਜਾਏ ਵੀਡੀਓ, ਫੋਟੋ ਨੂੰ ਤੁਰੰਤ ਰਿਪੋਰਟ ਕੀਤਾ ਜਾਵੇ ਅਤੇ ਉਸ ਨੂੰ ਕਿਤੇ ਵੀ ਸਾਂਝਾ ਨਾ ਕੀਤਾ ਜਾਵੇ ਤਾਂ ਜੋ ਉਹ ਸਮੱਗਰੀ ਖਤਮ ਹੋ ਸਕੇ।

ਉਨ੍ਹਾਂ ਅੱਗੇ ਕਿਹਾ ਕਿ ਮੀਡੀਆ, ਸੋਸ਼ਲ ਮੀਡੀਆ ਅਤੇ ਵੈੱਬ ਚੈਨਲਾਂ ਨੂੰ ਵੀ ਇਸ ਗੱਲ ਦਾ ਵਿਸ਼ੇਸ਼ ਧਿਆਨ ਰੱਖਣਾ ਚਾਹੀਦਾ ਹੈ ਕਿ ਉਹ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲੀ ਏਆਈ ਸਮੱਗਰੀ ਨੂੰ ਡਾਊਨਲੋਡ ਕਰਕੇ ਆਪਣੇ ਮੰਚਾਂ ਉੱਤੇ ਅਪਲੋਡ ਨਾ ਕਰਨ, ਇਸ ਨਾਲ ਭਾਵਨਾਵਾਂ ਨੂੰ ਸੱਟ ਵੱਜਦੀ ਹੈ।

ਜਥੇਦਾਰ ਨੇ ਕਿਹਾ ਕਿ ਕੇਂਦਰ ਅਤੇ ਸੂਬਾ ਸਰਕਾਰਾਂ ਨੂੰ ਵੀ ਹਦਾਇਤ ਕੀਤੀ ਗਈ ਹੈ ਕਿ ਅਜਿਹੇ ਮਾਮਲਿਆਂ ਵਿੱਚ ਸਖਤੀ ਵਰਤੀ ਜਾਵੇ ਅਤੇ ਆਪਣੇ ਆਪ ਨੋਟਿਸ ਲੈ ਕਿ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਏਆਈ ਤਕਨੀਕ ਦੀ ਦੁਰਵਰਤੋਂ ਕਰਕੇ ਧਾਰਮਿਕ ਭਾਵਨਾਵਾਂ ਨੂੰ ਸੱਟ ਮਾਰਨ ਵਾਲੇ ਵਰਤਾਰੇ 'ਤੇ ਨੱਥ ਪਾਉਣ। ਇਸ ਨੂੰ ਰੋਕਣ ਲਈ ਸਰਕਾਰ ਨੂੰ ਚਾਹੀਦਾ ਹੈ

# ਚਾਰ ਮੰਜ਼ਿਲਾ ਇਮਾਰਤ 'ਚ ਅੱਗ ਲੱਗਣ ਕਾਰਨ ਨੌਂ ਜਣਿਆ ਦੀ ਮੌਤ; ਤਿੰਨ ਗੰਭੀਰ ਜ਼ਖਮੀ



**ਨਵੀਂ ਦਿੱਲੀ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਦਿੱਲੀ ਦੇ ਪਾਲਮ ਇਲਾਕੇ ਵਿੱਚ ਬੁੱਧਵਾਰ ਤੜਕੇ ਇੱਕ ਚਾਰ ਮੰਜ਼ਿਲਾ ਇਮਾਰਤ ਵਿੱਚ ਭਿਆਨਕ ਅੱਗ ਲੱਗਣ ਕਾਰਨ ਘੱਟੋ-ਘੱਟ ਨੌਂ ਲੋਕਾਂ ਦੀ ਮੌਤ ਹੋ ਗਈ ਅਤੇ ਤਿੰਨ ਹੋਰ ਜ਼ਖ਼ਮੀ ਹੋ ਗਏ। ਇਹ ਹਾਦਸਾ ਸਵੇਰੇ ਕਰੀਬ 7 ਵਜੇ ਰਾਮ ਚੌਕ ਮਾਰਕੀਟ ਦੀ ਇੱਕ ਇਮਾਰਤ ਵਿੱਚ ਵਾਪਰਿਆ, ਜਦੋਂ ਜ਼ਿਆਦਾਤਰ ਲੋਕ ਸੁੱਤੇ ਹੋਏ ਸਨ।

ਇਸ ਇਮਾਰਤ ਦੀ ਬੇਸਮੈਂਟ, ਗਰਾਊਂਡ ਅਤੇ ਪਹਿਲੀ ਮੰਜ਼ਿਲ 'ਤੇ ਕੱਪੜਿਆਂ ਅਤੇ ਕਾਸਮੈਟਿਕਸ ਦਾ ਸ਼ੋਅਰੂਮ ਸੀ, ਜਦਕਿ ਉੱਪਰਲੀਆਂ ਦੋ ਮੰਜ਼ਿਲਾਂ 'ਤੇ ਮਾਲਕ ਦਾ ਪਰਿਵਾਰ ਰਹਿੰਦਾ ਸੀ। ਮ੍ਰਿਤਕਾਂ ਦੀ ਪਛਾਣ ਪ੍ਰਵੇਸ਼ (33), ਕਮਲ (39), ਆਸ਼ੂ (35), ਲਾਡੋ (70), ਹਿਮਾਂਸ਼ੀ (22), ਦੀਪਿਕਾ (28) ਅਤੇ ਤਿੰਨ ਨਾਬਾਲਗ ਲੜਕੀਆਂ (ਉਮਰ 15, 6 ਅਤੇ 3 ਸਾਲ) ਵਜੋਂ ਹੋਈ ਹੈ। ਜ਼ਖ਼ਮੀਆਂ ਵਿੱਚ ਅਨਿਲ (32), ਸਚਿਨ (29) ਅਤੇ ਇੱਕ ਦੋ ਸਾਲ ਦੀ ਬੱਚੀ ਸ਼ਾਮਲ ਹਨ, ਜਿਨ੍ਹਾਂ ਦਾ ਇਲਾਜ ਚੱਲ ਰਿਹਾ ਹੈ।

ਪੁਲੀਸ ਅਨੁਸਾਰ, ਇਹ ਇਮਾਰਤ ਮਾਰਕੀਟ ਪ੍ਰਧਾਨ ਰਾਜੇਂਦਰ ਕਸ਼ਯਪ ਦੀ ਹੈ। ਸੂਚਨਾ ਮਿਲਦੇ ਹੀ ਪਾਲਮ ਪਿੰਡ ਦੇ ਐੱਸ.ਐੱਚ.ਓ ਅਤੇ ਸਥਾਨਕ ਸਟਾਫ ਨੇ ਮੌਕੇ 'ਤੇ ਪਹੁੰਚ ਕੇ ਦਿੱਲੀ ਫਾਇਰ ਸਰਵਿਸ ਨਾਲ ਮਿਲ ਕੇ ਬਚਾਅ ਕਾਰਜ ਸ਼ੁਰੂ ਕੀਤਾ। ਲਗਪਗ 20 ਫਾਇਰ ਟੈਂਡਰਾਂ, 11 ਐਂਬੂਲੈਂਸਾਂ, ਏਅਰ ਫੋਰਸ ਪੁਲੀਸ ਅਤੇ ਦੀਆਂ ਟੀਮਾਂ ਦੀ ਮਦਦ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਫੋਰੈਂਸਿਕ ਟੀਮ ਵੱਲੋਂ ਘਟਨਾ ਸਥਾਨ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਪੁਲੀਸ ਮਾਮਲੇ ਦੀ ਅਗਲੀ ਕਾਰਵਾਈ ਕਰ ਰਹੀ ਹੈ।

# ਹਵਾਲਗੀ ਤੋਂ ਬਚਣ ਲਈ ਨੀਰਵ ਮੋਦੀ ਨੇ ਦਿੱਤਾ ਤਸੀਹਿਆਂ ਦਾ 'ਤਰਕ'



**ਲੰਡਨ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਭਗੌੜੇ ਹੀਰਾ ਵਪਾਰੀ ਨੀਰਵ ਮੋਦੀ ਦੀ ਆਪਣੀ ਹਵਾਲਗੀ ਖ਼ਿਲਾਫ਼ ਮੁੜ ਵਿਚਾਰ ਕੀਤੇ ਜਾਣ ਦੀ ਅਪੀਲ ਉੱਤੇ ਲੰਡਨ ਹਾਈ ਕੋਰਟ ਵਿੱਚ ਸੁਣਵਾਈ ਪੂਰੀ ਹੋ ਗਈ ਹੈ। ਅਪੀਲ ਵਿੱਚ ਇਹ ਦਾਅਵਾ ਕੀਤਾ ਗਿਆ ਹੈ ਕਿ ਭਾਰਤੀ ਜਾਂਚ ਏਜੰਸੀਆਂ ਵੱਲੋਂ ਪੁੱਛ-ਪੜਤਾਲ ਦੌਰਾਨ ਉਸ ਨੂੰ ਤਸੀਹੇ ਦਿੱਤੇ ਜਾਣ ਦਾ ਖਤਰਾ ਹੈ। ਰਾਇਲ ਕੋਰਟਸ ਆਫ਼ ਜਸਟਿਸ ਵਿੱਚ ਅਪੀਲ ਉੱਤੇ ਸੁਣਵਾਈ ਕਰ ਰਹੇ ਜੱਜ ਜੈਰੇਮੀ ਸਟੂਅਰਟ-ਸਮਿਥ ਅਤੇ ਜਸਟਿਸ ਰੌਬਰਟ ਜੇਅ ਨੇ ਦਿਨ ਭਰ ਚੱਲੀਆਂ ਦਲੀਲਾਂ ਸੁਣ ਕੇ ਅਖੀਰ ਵਿੱਚ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ।

ਇਸ ਦੌਰਾਨ ਜੱਜ ਸਮਿਥ ਨੇ ਕਿਹਾ, ਇਹ ਮਾਮਲਾ ਬਹੁਤ ਮਹੱਤਵਪੂਰਨ ਹੈ, ਮੋਦੀ ਲਈ ਵੀ ਅਤੇ ਭਾਰਤ ਤੋਂ ਆਏ ਅਧਿਕਾਰੀਆਂ ਲਈ ਵੀ। ਅਸੀਂ ਜਲਦ ਤੋਂ ਜਲਦ ਫੈਸਲਾ ਸੁਣਾਵਾਂਗੇ। ਲਗਪਗ 2 ਬਿਲੀਅਨ ਅਮਰੀਕੀ ਡਾਲਰ ਦੇ ਪੰਜਾਬ ਨੈਸ਼ਨਲ ਬੈਂਕਕਰਜ਼ ਘੁਟਾਲੇ ਦੇ ਮਾਮਲੇ ਵਿੱਚ ਧੋਖਾਧੜੀ ਅਤੇ ਮਨੀ ਲਾਂਡਰਿੰਗ ਦੇ ਦੋਸ਼ਾਂ ਵਿੱਚ ਭਾਰਤ 'ਚ ਮੁਕੱਦਮੇ ਦਾ ਸਾਹਮਣਾ ਕਰਨ ਲਈ ਲੋੜੀਂਦਾ 54 ਸਾਲਾ ਮੁਲਜ਼ਮ ਉੱਤਰੀ ਲੰਡਨ ਦੀ ਪੈਂਟਨਵਿਲ ਜੇਲ੍ਹ ਤੋਂ ਵੀਡੀਓਲਿੰਕ ਰਾਹੀਂ ਅਦਾਲਤ 'ਚ ਪੇਸ਼ ਹੋਇਆ।

ਉਸ ਦੇ ਵਕੀਲਾਂ ਨੇ ਰੱਖਿਆ ਖੇਤਰ ਦੇ ਸਲਾਹਕਾਰ ਸੰਜੇ ਭੰਡਾਰੀ ਦੇ ਹਵਾਲਗੀ ਕੇਸ ਦਾ ਹਵਾਲਾ ਦਿੱਤਾ, ਜਿਸ 'ਤੇ ਟੈਕਸ ਚੋਰੀ ਅਤੇ ਮਨੀ ਲਾਂਡਰਿੰਗ ਦਾ ਦੋਸ਼ ਹੈ ਅਤੇ ਉਸ ਨੂੰ ਪਿਛਲੇ ਸਾਲ ਮਨੁੱਖੀ ਅਧਿਕਾਰਾਂ ਦੇ ਆਧਾਰ 'ਤੇ ਹਵਾਲਗੀ ਜ਼ਮਾਨਤ ਤੋਂ ਰਿਹਾਅ ਕਰ ਦਿੱਤਾ ਗਿਆ ਸੀ।

ਅਦਾਲਤ ਵਿੱਚ ਭਾਰਤ ਸਰਕਾਰ ਦੀ ਨੁਮਾਇੰਦਗੀ ਕਰ ਰਹੀ ਕ੍ਰਾਊਨ ਪ੍ਰੌਸੀਕਿਊਸ਼ਨ ਸਰਵਿਸ ( ਨੇ ਇਸ ਮਾਮਲੇ ਨੂੰ ਮੁੜ ਵਿਚਾਰਨ ਦੇ ਆਧਾਰਾਂ ਦਾ ਵਿਰੋਧ ਕੀਤਾ ਅਤੇ ਦਲੀਲ ਦਿੱਤੀ ਕਿ ਨੀਰਵ ਦੀ ਹਵਾਲਗੀ ਦਾ ਆਦੇਸ਼ ਲਗਪਗ ਛੇ ਸਾਲ ਪਹਿਲਾਂ ਦਿੱਤਾ ਗਿਆ ਸੀ।

# ਮਾਲੇਰਕੋਟਲਾ ਪੁਲਿਸ ਵੱਲੋਂ ਰੋਜ਼ਾ ਇਫ਼ਤਾਰ ਪਾਰਟੀ ਰਾਹੀਂ ਭਾਈਚਾਰਕ ਸਾਂਝ ਅਤੇ ਧਾਰਮਿਕ ਸਹਿਯੋਗ ਦਾ ਦਿੱਤਾ ਸੰਦੇਸ਼



**ਮਲੇਰਕੋਟਲਾ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਮਾਲੇਰਕੋਟਲਾ ਪੁਲਿਸ ਵੱਲੋਂ ਪਵਿੱਤਰ ਰਮਜ਼ਾਨ ਮਹੀਨੇ ਦੇ ਮੌਕੇ 'ਤੇ ਰੋਜ਼ਾ ਇਫ਼ਤਾਰ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਵਰਗਾਂ ਦੇ ਲੋਕਾਂ ਨੇ ਸ਼ਿਰਕਤ ਕਰਕੇ ਭਾਈਚਾਰਕ ਸਾਂਝ ਅਤੇ ਧਾਰਮਿਕ ਏਕਤਾ ਦਾ ਸੰਦੇਸ਼ ਦਿੱਤਾ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਨੇ ਖ਼ਾਸ ਤੌਰ 'ਤੇ ਹਾਜ਼ਰੀ ਭਰਦੇ ਹੋਏ ਸਭ ਨੂੰ ਰਮਜ਼ਾਨ ਦੀਆਂ ਮੁਬਾਰਕਾਂ ਦਿੱਤੀਆਂ।

ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਕਿਹਾ ਕਿ ਮਾਲੇਰਕੋਟਲਾ ਹਮੇਸ਼ਾਂ ਤੋਂ ਭਾਈਚਾਰੇ, ਆਪਸੀ ਪਿਆਰ ਅਤੇ ਧਾਰਮਿਕ ਸਹਿਯੋਗ ਦੀ ਮਿਸਾਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿੱਚ ਆਪਸੀ ਸਤਿਕਾਰ, ਸਹਿਣਸ਼ੀਲਤਾ ਅਤੇ ਇਕਤਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਜ਼ਿਲ੍ਹਾ ਪੁਲਿਸ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਨਾਲ ਲੋਕਾਂ ਅਤੇ ਪੁਲਿਸ ਦਰਮਿਆਨ ਭਰੋਸੇ ਅਤੇ ਸਹਿਯੋਗ ਦੀ ਭਾਵਨਾ ਹੋਰ ਮਜ਼ਬੂਤ ਹੁੰਦੀ ਹੈ।

ਐੱਸ.ਐੱਸ.ਪੀ ਗਗਨ ਅਜੀਤ ਸਿੰਘ ਨੇ ਕਿਹਾ ਕਿ ਅਜਿਹੇ ਸਮਾਗਮਾਂ ਦਾ ਮਕਸਦ ਸਮਾਜ ਵਿੱਚ ਸ਼ਾਂਤੀ, ਸਦਭਾਵਨਾ ਅਤੇ ਭਾਈਚਾਰਕ ਇਕਤਾ ਨੂੰ ਹੋਰ ਮਜ਼ਬੂਤ ਕਰਨਾ ਹੈ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਦੀ ਗੰਗਾ-ਜਮਨੀ ਤਹਜ਼ੀਬ ਨੂੰ ਕਾਇਮ ਰੱਖਣ ਲਈ ਸਾਰੇ ਵਰਗਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਫ਼ਤਾਰ ਪਾਰਟੀ ਦੌਰਾਨ ਅਮਨ, ਭਾਈਚਾਰੇ ਅਤੇ ਆਪਸੀ ਸਹਿਯੋਗ ਦਾ ਸੁਨੇਹਾ ਦਿੱਤਾ ਗਿਆ।

ਰੋਜ਼ਾ ਇਫ਼ਤਾਰ ਪਾਰਟੀ ਦੌਰਾਨ ਖ਼ਾਸ ਤੌਰ ਤੇ ਮੁਸਲਿਮ ਵਰਗ ਨਾਲ ਸਬੰਧਿਤ ਪੱਤਰਕਾਰ ਭਾਈਚਾਰੇ ਦੇ ਮੈਂਬਰਾਂ ਨੇ ਵੀ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸਭ ਨੇ ਇਕੱਠੇ ਬੈਠ ਕੇ ਰੋਜ਼ਾ ਖੋਲ੍ਹਿਆ ਅਤੇ ਅਦਬ ਅਤੇ ਸਤਿਕਾਰ ਨਾਲ ਨਮਾਜ਼ ਅਦਾ ਕਰਕੇ ਆਪਸੀ ਭਾਈਚਾਰੇ ਅਤੇ ਸਾਂਝ ਦੀ ਭਾਵਨਾ ਨੂੰ ਪ੍ਰਗਟਾਇਆ।

# ਹਵਾਈ ਯਾਤਰੀਆਂ ਨੂੰ ਮਨਪਸੰਦ ਸੀਟਾਂ ਲਈ ਨਹੀਂ ਦੇਣੇ ਪੈਣਗੇ ਵਾਧੂ ਪੈਸੇ

**ਨਵੀਂ ਦਿੱਲੀ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਹਵਾਈ ਸਫ਼ਰ ਕਰਨ ਵਾਲੇ ਯਾਤਰੀਆਂ ਲਈ ਇੱਕ ਰਾਹਤ ਭਰੀ ਖਬਰ ਹੈ। ਦਰਅਸਲ ਹੁਣ ਯਾਤਰੀਆਂ ਨੂੰ ਮਨਪਸੰਦ ਸੀਟਾਂ ਚੁਣਨ ਲਈ ਵਾਧੂ ਪੈਸੇ ਨਹੀਂ ਦੇਣੇ ਪੈਣਗੇ। ਕੇਂਦਰ ਸਰਕਾਰ ਨੇ ਏਅਰਲਾਈਨਾਂ ਨੂੰ ਘਰੇਲੂ ਉਡਾਣਾਂ ਵਿੱਚ 60 ਫੀਸਦੀ ਸੀਟਾਂ 'ਤੇ ਯਾਤਰੀਆਂ ਤੋਂ ਵਾਧੂ ਚਾਰਜ ਨਾ ਵਸੂਲਣ ਦੇ ਨਿਰਦੇਸ਼ ਜਾਰੀ ਕੀਤੇ ਹਨ।

ਸ਼ਹਿਰੀ ਹਵਾਬਾਜ਼ੀ ਮੰਤਰਾਲੇ ਨੇ ਕਿਹਾ ਕਿ ਡਾਇਰੈਕਟੋਰੇਟ ਜਨਰਲ ਆਫ ਸਿਵਲ ਐਵੀਏਸ਼ਨ (4731) ਨੇ ਏਅਰਲਾਈਨਾਂ ਨੂੰ ਕਿਸੇ ਵੀ ਉਡਾਣ ਦੀਆਂ ਘੱਟੋ-ਘੱਟ 60 ਫੀਸਦੀ ਸੀਟਾਂ ਬਿਨਾ ਕਿਸੇ ਵਾਧੂ ਚਾਰਜ ਦੇ ਅਲਾਟ ਕਰਨ ਦੇ ਹੁਕਮ ਦਿੱਤੇ ਹਨ।

ਇਸ ਤੋਂ ਇਲਾਵਾ ਸ਼ਹਿਰੀ ਹਵਾਬਾਜ਼ੀ ਮੰਤਰਾਲੇ ਵੱਲੋਂ ਯਾਤਰੀਆਂ ਦੀ ਸਹੂਲਤ ਵਿੱਚ ਵਾਧਾ ਕਰਦੇ ਹੋਏ ਏਅਰਲਾਈਨਾਂ ਨੂੰ ਕਿਹਾ ਗਿਆ ਹੈ ਕਿ ਇੱਕੋ ਪੀ ਐੱਨ ਆਰ 'ਤੇ ਯਾਤਰਾ ਕਰਨ ਵਾਲਿਆਂ ਨੂੰ ਫਲਾਈਟ ਵਿੱਚ ਇਕੱਠੇ ਬਿਠਾਇਆ ਜਾਵੇ ਅਤੇ ਜੇਕਰ ਸੰਭਵ ਹੋਵੇ ਤਾਂ ਨੇੜਲੀਆਂ ਹੀ ਸੀਟਾਂ ਦਿੱਤੀਆਂ ਜਾਣ।

ਇੱਕ ਏਅਰਲਾਈਨ ਅਧਿਕਾਰੀ ਮੁਤਾਬਕ ਹੁਣ ਤਕ 20 ਫੀਸਦੀ ਸੀਟਾਂ ਹੀ ਬਿਨਾ ਕਿਸੇ ਵਾਧੂ ਚਾਰਜ ਦੇ ਬੁੱਕ ਕੀਤੀਆਂ ਜਾ ਸਕਦੀਆਂ ਸਨ ਜਦਕਿ ਬਾਕੀ ਸੀਟਾਂ ਲਈ ਭੁਗਤਾਨ ਕਰਨਾ ਪੈਂਦਾ ਸੀ।

ਉਨ੍ਹਾਂ ਕਿਹਾ, 60 ਫੀਸਦੀ ਸੀਟਾਂ ਵਾਧੂ ਚਾਰਜ ਦੇ ਬਿਨਾ, ਪਰਿਵਾਰਾਂ ਲਈ ਇਕੱਠੇ ਬੈਠਣ ਨੂੰ ਯਕੀਨੀ ਬਣਾਉਣਾ ਅਤੇ ਖੇਡਾਂ ਦੇ ਸਾਮਾਨ, ਸੰਗੀਤਕ ਸਾਜ਼ਾਂ ਤੇ ਪਾਲਤੂ ਜਾਨਵਰਾਂ ਨੂੰ ਲਿਜਾਣ ਲਈ ਸਪੱਸ਼ਟ, ਪਾਰਦਰਸ਼ੀ ਨਿਯਮ ਅਤੇ ਨੀਤੀਆਂ ਵੀ (ਏਅਰਲਾਈਨਾਂ ਨੂੰ) ਤਿਆਰ ਕਰਨਗੀਆਂ ਹੋਣਗੀਆਂ। ਉਨ੍ਹਾਂ ਕਿਹਾ ਕਿ ਫਲਾਈਟ ਉੱਡਣ ਵਿੱਚ ਦੇਰੀ ਅਤੇ ਰੱਦ ਹੋਣ ਦੇ ਸਮੇਂ ਯਾਤਰੀਆਂ ਦੇ ਅਧਿਕਾਰਾਂ ਨੂੰ ਸਖਤੀ ਨਾਲ ਲਾਗੂ ਕਰਨਾ ਹੋਵੇਗਾ ਅਤੇ ਉਨ੍ਹਾਂ ਦੀ ਸਪੱਸ਼ਟ ਜਾਣਕਾਰੀ ਦੇਣੀ ਹੋਵੇਗੀ।

# ਚੰਡੀਗੜ੍ਹ ਦੇ ਸੈਕਟਰ 9 'ਚ ਦਿਨ-ਦਿਹਾੜੇ ਕਤਲ ਪ੍ਰਾਪਰਟੀ ਡੀਲਰ 'ਤੇ ਚਲਾਈਆਂ ਅੰਨ੍ਹੇਵਾਹ ਗੋਲੀਆਂ

**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਚੰਡੀਗੜ੍ਹ ਦੇ ਸੈਕਟਰ 9 ਵਿੱਚ ਇੱਕ ਅੱਖਾਂ ਦੇ ਹਸਪਤਾਲ ਨੇੜੇ ਦਿਨ-ਦਿਹਾੜੇ ਹੋਏ ਇੱਕ ਭਿਆਨਕ ਹਮਲੇ ਵਿੱਚ ਇੱਕ ਪ੍ਰਾਪਰਟੀ ਡੀਲਰ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਫੈਲ ਗਈ।

ਸ਼ੁਰੂਆਤੀ ਰਿਪੋਰਟਾਂ ਅਨੁਸਾਰ, ਹਮਲਾਵਰ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ ਅਤੇ ਮੁੱਲਾਂਪੁਰ ਦੇ ਚਰਨਪ੍ਰੀਤ ਸਿੰਘ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਵਾਰਦਾਤ ਨੂੰ ਅੰਜਾਮ ਦੇਣ ਤੋਂ ਪਹਿਲਾਂ ਹਮਲਾਵਰਾਂ ਨੇ ਲਗਪਗ ਸੱਤ ਰਾਊਂਡ ਫਾਇਰ ਕੀਤੇ ਅਤੇ ਮੌਕੇ ਤੋਂ ਫ਼ਰਾਰ ਹੋ ਗਏ।

ਘਟਨਾ ਤੋਂ ਤੁਰੰਤ ਬਾਅਦ ਪੁਲੀਸ ਅਧਿਕਾਰੀ ਮੌਕੇ 'ਤੇ ਪਹੁੰਚੇ ਅਤੇ ਇਲਾਕੇ



ਦੀ ਘੇਰਾਬੰਦੀ ਕਰ ਦਿੱਤੀ। ਫੋਰੈਂਸਿਕ ਟੀਮ ਨੇ ਸਬੂਤ ਇਕੱਠੇ ਕੀਤੇ ਹਨ, ਜਦੋਂ ਕਿ ਹਮਲਾਵਰਾਂ ਦੀ ਪਛਾਣ ਕਰਨ ਲਈ ਨੇੜਲੀਆਂ ਇਮਾਰਤਾਂ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਕਤਲ ਦੇ ਪਿੱਛੇ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ ਹੈ, ਹਾਲਾਂਕਿ ਪੁਲੀਸ ਨੂੰ ਸ਼ੱਕ ਹੈ ਕਿ ਇਹ ਨਿੱਜੀ ਜਾਂ ਕਾਰੋਬਾਰੀ ਰੰਜਿਸ਼ ਨਾਲ ਜੁੜਿਆ ਹੋ ਸਕਦਾ ਹੈ। ਫਿਲਹਾਲ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

# ਪੰਜਾਬ ਵਿੱਚ ਸੰਭਾਵੀ ਅੱਤਵਾਦੀ ਹਮਲਾ ਟਲ਼ਿਆ ; ਦੋ ਗ੍ਰਨੇਡਾਂ ਸਮੇਤ ਦੋ ਵਿਅਕਤੀ ਗ੍ਰਿਫ਼ਤਾਰ

**ਚੰਡੀਗੜ੍ਹ, 19 ਮਾਰਚ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਦਰਜ ਕਰਦਿਆਂ ਕਾਊਂਟਰ ਇੰਟੈਲੀਜੈਂਸ (ਸੀ.ਆਈ.) ਬਠਿੰਡਾ ਨੇ ਦੋ ਮੁਲਜ਼ਮਾਂ ਨੂੰ ਦੋ ਹੈਂਡ ਗ੍ਰਨੇਡਾਂ ਸਮੇਤ ਗ੍ਰਿਫ਼ਤਾਰ ਕਰਕੇ ਸੰਭਾਵੀ ਅੱਤਵਾਦੀ ਹਮਲੇ ਨੂੰ ਟਾਲ ਦਿੱਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਬੂਟਾ ਸਿੰਘ ਉਰਫ਼ ਗੁਰਪ੍ਰੀਤ ਸਿੰਘ ਉਰਫ਼ ਗੋਪੂ ਵਾਸੀ ਗਿੱਲਵਾਲੀ (ਫਿਰੋਜ਼ਪੁਰ) ਅਤੇ ਹਰਮੰਦਰ ਸਿੰਘ ਉਰਫ਼ ਨਿੱਕਾ ਵਾਸੀ ਮੋਠਾਂਵਾਲੀ (ਮੋਗਾ ), ਵਜੋਂ ਹੋਈ ਹੈ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਬਰਾਮਦ ਕੀਤੇ ਗਏ ਗ੍ਰਨੇਡ ਸਰਹੱਦ ਪਾਰ ਦੀ ਗੈਰ-ਕਾਨੂੰਨੀ ਸਪਲਾਈ-ਚੇਨ ਦਾ



ਹਿੱਸਾ ਸਨ, ਜਿਸਦਾ ਉਦੇਸ਼ ਸਰਹੱਦੀ ਸੂਬੇ ਵਿੱਚ ਸ਼ਾਂਤੀ ਅਤੇ ਸੁਰੱਖਿਆ ਨੂੰ ਭੰਗ ਕਰਨਾ ਸੀ।

ਡੀਜੀਪੀ ਨੇ ਕਿਹਾ ਕਿ ਅਗਲੇ-ਪਿਛਲੇ ਸਬੰਧ ਸਥਾਪਤ ਕਰਨ ਅਤੇ ਇਸ ਮਾਡਿਊਲ ਵਿੱਚ ਸ਼ਾਮਲ ਹੋਰ ਮੈਂਬਰਾਂ ਦੀ ਪਛਾਣ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਸਹਾਇਕ ਇੰਸਪੈਕਟਰ ਜਨਰਲ ਆਫ਼ ਪੁਲਿਸ (ਏ.ਆਈ.ਜੀ.) ਸੀ.ਆਈ. ਬਠਿੰਡਾ ਅਵਨੀਤ ਕੌਰ ਸਿੱਧੂ ਨੇ ਕਿਹਾ ਕਿ ਪੁਲਿਸ ਟੀਮਾਂ ਨੂੰ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਅੱਤਵਾਦੀ ਮਾਡਿਊਲ ਨਾਲ ਜੁੜੇ ਦੋ ਕਾਰਕੁਨਾਂ ਨੇ ਹੈਂਡ ਗ੍ਰਨੇਡ ਪ੍ਰਾਪਤ ਕੀਤੇ ਹਨ। ਇਸ ਪੁਖ਼ਤਾ ਇਤਲਾਹ 'ਤੇ ਫ਼ੌਰੀ ਕਾਰਵਾਈ ਕਰਦੇ ਹੋਏ ਸੀ.ਆਈ. ਬਠਿੰਡਾ ਦੀ ਪੁਲਿਸ ਟੀਮ ਨੇ ਮੋਗਾ-ਫਿਰੋਜ਼ਪੁਰ ਰੋਡ ਤੋਂ ਦੋਵਾਂ ਸ਼ੱਕੀਆਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ ਦੋ ਹੈਂਡ ਗ੍ਰਨੇਡ ਬਰਾਮਦ ਕੀਤੇ।

ਏ.ਆਈ.ਜੀ. ਨੇ ਕਿਹਾ ਕਿ ਕਾਊਂਟਰ ਇੰਟੈਲੀਜੈਂਸ ਟੀਮਾਂ ਦੀ ਮੁਸਤੈਦ ਤੇ ਸਰਗਰਮ ਕਾਰਵਾਈ ਸਦਕਾ ਅਣਸੁਖਾਵੀਂ ਵਾਰਦਾਤ ਨੂੰ ਨਾਕਾਮ ਕਰ ਦਿੱਤਾ ਹੈ।

ਇਸ ਸਬੰਧ ਵਿੱਚ ਪੁਲਿਸ ਸਟੇਸ਼ਨ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਫਾਜ਼ਿਲਕਾ ਵਿਖੇ ਵਿਸਫੋਟਕ ਐਕਟ ਦੀ ਧਾਰਾ 3, 4 ਅਤੇ 5 ਤਹਿਤ ਐਫਆਈਆਰ ਨੰਬਰ 06 ਮਿਤੀ 17.03.2026 ਨੂੰ ਕੇਸ ਦਰਜ ਕੀਤਾ ਗਿਆ ਹੈ।



**ਸਿਹਤ ਰੂਪੀ ਰੁੱਖ ਦੀਆਂ ਜੜ੍ਹਾਂ ਦਿਮਾਗ਼ ਵਿਚ ਹੁੰਦੀਆਂ ਹਨ। ਜਦੋਂ ਇਹ ਸਹੀ ਰੂਪ 'ਚ ਕੰਮ ਕਰਦਾ ਰਹੇ ਤਾਂ ਸਿਹਤ ਦਾ ਫੁੱਲ ਖਿੜਦਾ ਹੈ**

# ਦਿਮਾਗ਼ ਨੂੰ ਰੱਖੋ ਸਿਹਤਮੰਦ

**ਬ੍ਰੇਨ ਸਟਰੋਕ, ਅਲਜ਼ਾਈਮਰ, ਡਿਮੈਂਸ਼ੀਆ ਆਦਿ ਰੋਗ ਆਧੁਨਿਕ ਜੀਵਨ ਸ਼ੈਲੀ ਦੀ ਦੇਣ ਹਨ**

**ਕਈ ਸੈੱਲਾਂ ਅਤੇ ਟਿਸ਼ੂਆਂ ਦੇ ਸੁਮੇਲ ਨਾਲ ਬਣਿਆ ਦਿਮਾਗ਼ ਬੇਹੱਦ ਸੰਵੇਦਨਸ਼ੀਲ ਅੰਗ ਹੈ। ਤਣਾਅ ਤੇ ਕੁਪੋਸ਼ਣ ਦਿਮਾਗ਼ੀ ਸਿਹਤ ਨੂੰ ਨੁਕਸਾਨ ਪਹੁੰਚਾਉਂਦੇ ਹਨ**

ਅੱਜ ਮਾਈਗ੍ਰੇਨ, ਬ੍ਰੇਨ ਸਟਰੋਕ, ਅਲਜ਼ਾਈਮਰਜ਼, ਡਿਮੈਂਸ਼ੀਆ ਆਦਿ ਬਿਮਾਰੀਆਂ ਦੇ ਮਾਮਲੇ ਵੱਧਦੇ ਹੀ ਜਾ ਰਹੇ ਹਨ। ਇਸ ਤੋਂ ਜ਼ਾਹਿਰ ਹੈ ਕਿ ਅਸੀਂ ਆਪਣੀ ਦਿਮਾਗ਼ ਦੀ ਸਹੀ ਦੇਖਭਾਲ ਅਤੇ ਸਿਹਤ ਪ੍ਰਤੀ ਅਵੇਸਲੇ ਹੋ ਚੁੱਕੇ ਹਾਂ ਜਦਕਿ ਲੋੜ ਤਾਂ ਇਹ ਹੈ ਕਿ ਅੱਜ ਦੀ ਭੱਜਨੱਠ ਅਤੇ ਤਣਾਅ ਵਾਲੀ ਜ਼ਿੰਦਗੀ ਵਿਚ ਦਿਮਾਗ਼ ਦੀ ਸਿਹਤ ਦਾ ਧਿਆਨ ਰੱਖਣਾ ਸਭ ਤੋਂ ਜ਼ਰੂਰੀ ਹੈ। ਦਿਮਾਗ਼ ਨਾਲ ਸਬੰਧਤ ਸਮੱਸਿਆਵਾਂ ਪ੍ਰਤੀ ਜਾਗਰੂਕ ਹੋ ਕੇ ਅਸੀਂ ਇਨ੍ਹਾਂ ਸਮੱਸਿਆਵਾਂ ਤੋਂ ਬਚਿਆ ਜਾ ਸਕਦਾ ਹੈ।

ਅਮਰੀਕਾ ਦੇ ਡਾ. ਸਿਊਸ ਦੇ ਨਾਂ ਨਾਲ ਪ੍ਰਸਿੱਧ ਬਾਲ ਲੇਖਕ ਥੀਓਡੋਰ ਸਿਊਸ ਗਿਸੇਲ ਨੇ ਇਕ ਵਾਰ ਬੜੀ ਮਜ਼ੇਦਾਰ ਗੱਲ ਕੀਤੀ ਸੀ। ਉਨ੍ਹਾਂ ਆਪਣੀਆਂ ਕਹਾਣੀਆਂ ਦੇ ਅਨੋਖੇ ਪਲਾਟ 'ਤੇ ਟਿੱਪਣੀ ਕਰਦਿਆਂ ਕਿਹਾ ਸੀ ਕਿ 'ਮੈਨੂੰ ਨਾਨਸੈਂਸ ਬਹੁਤ ਪਸੰਦ ਹੈ। ਇਸ ਵਿਚ ਮੇਰੇ ਦਿਮਾਗ਼ ਦੀਆਂ ਕੋਸ਼ਿਕਾਵਾਂ ਸਰਗਰਮ ਹੋ ਜਾਂਦੀਆਂ ਹਨ।' ਸ਼ਾਇਦ ਉਹ ਜਾਣਦੇ ਸਨ ਕਿ ਸਰੀਰਕ ਅਤੇ ਮਾਨਸਿਕ ਸਮਰੱਥਾ ਨੂੰ ਵਧਾਉਣ ਲਈ ਦਿਮਾਗ਼ ਨੂੰ ਕਿਰਿਆਸ਼ੀਲ ਰੱਖਣਾ ਕਿੰਨਾ ਜ਼ਰੂਰੀ ਹੈ। ਅੱਜ ਦੀ ਮੈਡੀਕਲ ਦੁਨੀਆ ਵਿਚ ਇਹ ਗੱਲ ਸਾਬਤ ਹੋ ਚੁੱਕੀ ਹੈ ਜੋ ਕਈ ਸਾਲ ਪਹਿਲਾਂ ਇਕ ਕਹਾਵਤ ਵਿਚ ਪ੍ਰਚਲਿਤ ਸੀ। ਕਹਾਵਤ ਸੀ 'ਸਿਹਤ ਰੂਪੀ ਰੁੱਖ ਦੀਆਂ ਜੜ੍ਹਾਂ ਦਿਮਾਗ਼ ਵਿਚ ਹੁੰਦੀਆਂ ਹਨ। ਜਦੋਂ ਇਹ ਮਿਲ ਕੇ ਕੰਮ ਕਰਦੇ ਹਨ ਤਾਂ ਸਿਹਤ ਦਾ ਫੁੱਲ ਖਿੜਦਾ ਹੈ' ਪਰ ਸਿਹਤ ਪ੍ਰਤੀ ਜਾਗਰੂਕਤਾ ਦੇ ਇਸ ਦੌਰ ਵਿਚ ਦਿਮਾਗ਼ ਦੀ ਸਿਹਤ 'ਤੇ ਓਨਾ ਧਿਆਨ ਨਹੀਂ ਦਿੱਤਾ ਜਾਂਦਾ ਜਿੰਨਾ ਮਹੱਤਵਪੂਰਨ ਇਹ ਹੈ। ਇਸ ਦਾ ਨਤੀਜਾ ਇਹ ਹੁੰਦਾ ਹੈ ਕਿ ਮਾਈਗ੍ਰੇਨ ਆਮ ਗੱਲ ਹੋ ਗਈ ਹੈ। ਡਿਮੈਂਸ਼ੀਆ ਭਾਵ ਯਾਦਾਸ਼ਤ ਕਮਜ਼ੋਰ ਹੋਣ ਦੇ ਮਾਮਲੇ ਵੱਧ ਰਹੇ ਹਨ ਅਤੇ ਪਾਰਕੀਸਨ ਅਤੇ ਅਲਜ਼ਾਈਮਰਜ਼ ਵਰਗੀਆਂ ਬਿਮਾਰੀਆਂ ਅੱਜ ਦੇ ਮਨੁੱਖ ਲਈ ਵੱਡੀ ਵੰਗਾਰ ਬਣ ਰਹੀਆਂ ਹਨ

## ਕੀ ਹੈ ਦਿਮਾਗ਼ੀ ਸਿਹਤ

ਸਰੀਰ ਦੇ ਕਿਸੇ ਵੀ ਹੋਰ ਅੰਗ ਵਾਂਗ ਦਿਮਾਗ਼ ਵੀ ਕਈ ਤਰ੍ਹਾਂ ਦੇ ਸੈਲਾਂ ਅਤੇ ਟਿਸ਼ੂਆਂ ਨਾਲ ਮਿਲ ਕੇ ਬਣਿਆ ਹੁੰਦਾ ਹੈ। ਫ਼ਰਕ ਸਿਰਫ਼ ਇਹੀ ਹੈ ਕਿ ਇਸ ਦੀ ਬਣਤਰ ਅਤੇ ਕਿਰਿਆਵਾਂ ਹੋਰ ਅੰਗਾਂ ਦੇ ਮੁਕਾਬਲੇ ਕਿਤੇ ਵੱਧ ਗੁੰਝਲਦਾਰ ਹੈ। ਇਹ ਬੇਹੱਦ ਸੰਵੇਦਨਸ਼ੀਲ ਅੰਗ ਹੈ। ਤਣਾਅ, ਕੁਪੋਸ਼ਣ ਜਾਂ ਉਨੀਂਦਰਾ ਇਸ ਨੂੰ ਨੁਕਸਾਨ ਪਹੁੰਚਾਉਂਦੇ ਹਨ। ਜੇ ਤੁਸੀਂ ਸਮੇਂ ਦੇ ਨਾਲ ਆਪਣੇ ਦਿਮਾਗ਼ ਨੂੰ ਤਰੋਤਾਜ਼ਾ ਰੱਖਦੇ ਹੋ ਅਤੇ ਉਮਰ ਦੇ ਨਾਲ ਇਸ ਦੀ ਸਿਹਤ 'ਚ ਕੋਈ ਕਮੀ ਨਜ਼ਰ ਨਹੀਂ ਆਉਂਦੀ ਤਾਂ ਮਤਲਬ ਇਹ ਹੈ ਕਿ ਤੁਸੀਂ 100 ਬਿਲੀਅਨ ਕੋਸ਼ਿਕਾਵਾਂ ਨੂੰ ਸਿਹਤਯਾਬ ਰੱਖਿਆ ਹੋਇਆ ਹੈ। ਜਦੋਂ ਅਸੀਂ ਕੋਈ ਕੰਮ ਕਰਦੇ ਹਾਂ ਤਾਂ ਸਾਰੀਆਂ ਕੋਸ਼ਿਕਾਵਾਂ ਆਪਸ ਵਿਚ ਸੰਵਾਦ ਕਰਦੀਆਂ ਹਨ। ਇਸ ਸੰਵਾਦ ਵਿਚ ਕੋਈ ਰੁਕਾਵਟ ਨਾ ਹੋਣ ਦਾ ਮਤਲਬ ਵੀ ਦਿਮਾਗ਼ ਦਾ ਸਿਹਤਮੰਦ ਹੋਣਾ ਹੈ। ਸਿਹਤਮੰਦ ਦਿਮਾਗ਼ ਦਾ ਅਰਥ ਹੈ ਵਰਤਮਾਨ ਵਿਚ ਬਿਹਤਰ ਮਾਨਸਿਕ ਅਤੇ ਸਰੀਰਕ ਸਮਰੱਥਾ। ਦਿਮਾਗ਼ ਸਿਹਤਮੰਦ ਹੈ ਤਾਂ ਭੁੱਲਣ ਦੀ ਸਮੱਸਿਆ, ਡਿਮੈਂਸ਼ੀਆ, ਅਲਜ਼ਾਈਮਰਜ਼, ਪਾਰਕੀਸਨ, ਬ੍ਰੇਨ ਸਟਰੋਕ ਜਾਂ ਬ੍ਰੇਨ ਹੈਮਰੇਜ, ਮਾਈਗ੍ਰੇਨ ਵਰਗੀਆਂ ਘਾਤਕ ਬਿਮਾਰੀਆਂ ਤੋਂ ਬਚਾਅ ਦੀ ਸੰਭਾਵਨਾ ਤੋਂ ਬਚਾਅ ਵੀ ਕਈ ਗੁਣਾ ਵੱਧ ਜਾਂਦੀ ਹੈ। ਜੇ ਅਚਾਨਕ ਤੁਹਾਡਾ ਉਚਾਰਣ ਅਸਪਸ਼ਟ ਹੋਣ ਲੱਗੇ, ਥਥਲਾਉਣ, ਯਾਦਸ਼ਕਤੀ ਪ੍ਰਭਾਵਿਤ ਹੋਣ ਵਰਗੀਆਂ ਸਮੱਸਿਆਵਾਂ ਆਉਣ ਲੱਗਣ, ਸਿਰਦਰਦ, ਵਾਰ-ਵਾਰ ਹੱਥ ਪੈਰ ਸੁੰਨ ਹੋਣ ਜਾਣ ਤਾਂ ਇਹ ਸੰਕੇਤ ਹੈ ਕਿ ਦਿਮਾਗ਼ ਵਿਚ ਕੁਝ ਵਿਕਾਰ ਆ ਚੁੱਕਾ ਹੈ।

## ਆਧੁਨਿਕ ਜੀਵਨਸ਼ੈਲੀ ਨੇ ਵਧਾਈਆਂ ਮੁਸ਼ਕਿਲਾਂ

ਭਾਰਤੀ ਪਰੰਪਰਾ ਵਿਚ ਜਲਦੀ ਸੌਣਾ ਅਤੇ ਜਲਦੀ ਉੱਠਣ ਦਾ ਨੇਮ ਸੀ। ਦਿਨ ਵਿਚ ਦੋ ਵਾਰ ਖਾਣਾ, ਨੇਮਬੱਧ ਕਸਰਤ, ਲੰਮਾ ਪੈਂਡਾ ਪੈਦਲ ਚੱਲਣਾ ਆਦਿ ਸਾਡੀ ਜੀਵਨ ਸ਼ੈਲੀ ਦਾ ਅਨਿੱਖੜਵਾਂ ਅੰਗ ਸਨ। ਇਸ ਲਈ ਇਨ੍ਹਾਂ ਨੂੰ ਆਪਣੀ ਜੀਵਨਸ਼ੈਲੀ ਵਿਚ ਉਚੇਚੇ ਤੌਰ 'ਤੇ ਸ਼ਾਮਿਲ ਕਰਨ ਦੀ ਲੋੜ ਨਹੀਂ ਸੀ ਪੈਂਦੀ। ਇਸ ਨਜ਼ਰੀਏ ਤੋਂ ਅਜੋਕੀ ਜੀਵਨਸ਼ੈਲੀ ਦੇਖੀਏ ਤਾਂ ਅਨੁਸ਼ਾਸਨ ਨਾਂ ਦੀ ਚੀਜ਼ ਹੀ ਨਹੀਂ ਹੈ। ਜੰਕ ਫੂਡ, ਤਲਿਆ ਭੁੰਜਿਆ ਭੋਜਨ, ਤਿੰਨ ਵਾਰ ਖਾਣਾ ਆਦਿ ਆਦਤਾਂ ਸਾਡੀ ਜੀਵਨਸ਼ੈਲੀ ਦਾ ਹਿੱਸਾ ਹਨ। ਇਹ ਹਾਈ ਕੋਲੈਸਟਰੋਲ ਦਾ ਕਾਰਨ ਬਣਦੇ ਹਨ। ਨਤੀਜੇਵੱਸ ਨਾੜੀਆਂ ਕਮਜ਼ੋਰ ਹੁੰਦੀਆਂ ਹਨ ਜਿਸ ਨਾਲ ਹਾਰਟ ਅਟੈਕ, ਡਾਇਬਟੀਜ਼, ਬ੍ਰੇਨ ਸਟਰੋਕ ਆਦਿ ਦਾ ਖ਼ਤਰਾ ਵੱਧ ਜਾਂਦਾ ਹੈ।

## ਚਾਲ ਸੁਆਰੇ ਦਿਮਾਗ਼ ਦਾ ਹਾਲ

ਨਿਊਰੋਲਾਜਿਸਟ ਮੁਤਾਬਕ ਦਿਮਾਗ਼ੀ ਸਿਹਤ ਲਈ ਟਹਿਲਣਾ ਬਹੁਤ ਪ੍ਰਭਾਵੀ ਹੈ। ਸਾਲ 2014 ਵਿਚ ਪਿਟਰਬਰਗਜ਼ ਯੂਨੀਵਰਸਿਟੀ ਦੇ ਇਕ ਅਧਿਐਨ ਮੁਤਾਬਕ ਜੇ ਤੁਸੀਂ ਹਫਤੇ ਵਿਚ ਤਿੰਨ ਵਾਰ ਸਾਧਾਰਨ ਗਤੀ ਨਾਲ ਕੁਝ ਦੂਰ ਟਹਿਲਦੇ ਹੋ ਤਾਂ ਇਹ ਤੁਹਾਡੇ ਦਿਮਾਗ਼ ਦੇ ਹਿੱਪੋਕੈਂਪਸ ਨਾਂ ਦੇ ਹਿੱਸੇ ਨੂੰ ਸਹੀ ਆਕਾਰ ਵਿਚ ਰੱਖਦਾ ਹੈ। ਹਿੱਪੋਕੈਂਪਸ, ਦਿਮਾਗ਼ ਦੀ ਯਾਦਸ਼ਕਤੀ ਦਾ ਕੇਂਦਰ ਮੰਨਿਆ ਜਾਂਦਾਹੈ, ਇਹ ਜਦੋਂ ਨਸ਼ਟ ਹੋ ਜਾਂਦਾ ਹੈ ਤਾਂ ਵਿਅਕਤੀ ਅਲਜ਼ਾਈਮਰ ਰੋਗ ਨਾਲ ਗ੍ਰਸਤ ਹੋ ਜਾਂਦਾ ਹੈ। ਬ੍ਰੇਨ ਪਲਾਸਟੀਸਿਟੀ ਦੇ ਖੇਤਰ ਵਿਚ ਅਮਰੀਕਾ ਦੇ ਡਾ. ਮਾਈਕਲ ਮਰਜੈਨਿਕ ਦਿਮਾਗ਼ੀ ਸਿਹਤ ਲਈ ਲਗਾਤਾਰ ਸਿੱਖਣ ਦੀ ਪ੍ਰਕਿਰਿਆ 'ਤੇ ਜ਼ੋਰ ਦਿੰਦੇ ਹਨ। ਸੁਡੋਕੂ ਹੱਲ ਕਰਨਾ, ਭਾਸ਼ਾਵਾਂ ਸਿੱਖਣਾ ਜਾਂ ਕੁਝ ਨਵਾਂ ਸਿੱਖਣ 'ਤੇ ਦਿਮਾਗ਼ ਵਿਚ ਇਕ ਨਵਾਂ ਯਾਦ-ਖੇਤਰ ਬਣਦਾ ਹੈ। ਉਂਜ ਹਰ ਵਿਅਕਤੀ ਵਿਚ ਦਿਮਾਗ਼ੀ ਸਰਗਰਮੀ ਦਾ ਪੱਧਰ ਵੱਖਰਾ ਹੋ ਸਕਦਾ ਹੈ। ਇਕ ਪ੍ਰੋਫੈਸਰ ਲਈ ਸੁਡੋਕੂ ਹੱਲ ਕਰਨਾ ਦਿਮਾਗ਼ੀ ਅਭਿਆਸ ਮੰਨਿਆ ਜਾਵੇਗਾ ਪਰ ਇਕ ਪੇਂਡੂ ਵਿਅਕਤੀ ਲਈ ਗਿਣਤੀ ਸਿੱਖਣਾ ਵੀ ਇਕ ਨਵਾਂ ਅਭਿਆਸ ਹੈ।

## ਕਿਹੋ ਜਿਹਾ ਹੋਵੇ ਖਾਣਾ

ਸਿਹਤ ਲਈ ਭੋਜਨ ਦੇ ਸੰਤੁਲਨ ਨੂੰ ਵਿਸ਼ੇਸ਼ ਮਹੱਤਵ ਦਿੱਤਾ ਜਾਂਦਾ ਹੈ। ਇਹ ਦਿਮਾਗ਼ 'ਤੇ ਵੀ ਲਾਗੂ ਹੁੰਦਾ ਹੈ। ਦਿਮਾਗ਼ੀ ਸਿਹਤ ਅਤੇ ਭੋਜਨ ਵਿਚਾਲੇ ਡੂੰਘਾ ਸਬੰਧ ਹੁੰਦਾ ਹੈ। ਗ਼ਲਤ ਤਰੀਕੇ ਨਾਲ ਕੀਤੀ ਡਾਇਟਿੰਗ ਦਿਮਾਗ਼ ਨੂੰ ਨੁਕਸਾਨ ਪਹੁੰਚਾ ਸਕਦੀ ਹੈ। ਇਸ ਲਈ ਡਾਈਟ ਨੂੰ ਲੈ ਕੇ ਕੁਝ ਗੱਲਾਂ ਦਾ ਖ਼ਾਸ ਧਿਆਨ ਰੱਖਣਾ ਚਾਹੀਦਾ ਹੈ। ਸੰਤੁਲਿਤ ਭੋਜਨ ਭਾਵ ਅਨਾਜ, ਸਬਜ਼ੀਆਂ, ਫਲ, ਹਰੀਆਂ ਸਬਜ਼ੀਆਂ ਆਦਿ ਭਰਪੂਰ ਮਾਤਰਾ ਵਿਚ ਲਓ। ਓਮੇਗਾ ਥ੍ਰੀ ਨੂੰ ਦਿਮਾਗ਼ ਦਾ ਬਿਲਡਿੰਗ ਬਲਾਕ ਕਿਹਾ ਜਾਂਦਾ ਹੈ। ਵਿਟਾਮਿਨ ਈ ਵੀ ਦਿਮਾਗ਼ੀ ਸਿਹਤ ਲਈ ਬਹੁਤ ਜ਼ਰੂਰੀ ਹੈ। ਐਂਟੀ ਆਕਸੀਡੈਂਟ ਵੀ ਭੋਜਨ ਵਿਚ ਮਹੱਤਵਪੂਰਨ ਹੈ। ਇਸ ਲਈ ਸੁੱਕੇ ਮੇਵੇ ਜਿਵੇਂ ਬਦਾਮ, ਅਖਰੋਟ, ਕੱਦੂ ਦੇ ਬੀਜ, ਪਾਲਕ ਵਰਗੇ ਗੂੜ੍ਹੇ ਹਰੇ ਰੰਗ ਦੀਆਂ ਪੱਤੇਦਾਰ ਸਬਜ਼ੀਆਂ, ਅੰਡੇ, ਮੱਛੀ ਆਦਿ ਨੂੰ ਵੀ ਭੋਜਨ ਵਿਚ ਸ਼ਾਮਿਲ ਕਰੋ। ਤੇਲ-ਚਰਬੀਯੁਕਤ ਭੋਜਨ ਤੋਂ ਪਰਹੇਜ਼ ਕਰੋ ਕਿਉਂਕਿ ਇਸ ਨਾਲ ਸਟਰੋਕ ਦਾ ਖ਼ਤਰਾ ਵੱਧਦਾ ਹੈ। ਤਲਿਆ-ਭੁੰਜਿਆ ਭੋਜਨ, ਜੰਕ ਫੂਡ, ਬੇਵਕਤੇ ਖਾਣ ਤੋਂ ਬਚੋ ਕਿਉਂਕਿ ਅਜਿਹਾ ਕਰਨਾ ਅਲਜ਼ਾਈਮਰ ਨੂੰ ਸੱਦਾ ਦੇਣਾ ਹੈ। ਸਿਹਤ ਦੀ ਜੜ੍ਹ ਭਾਵ ਦਿਮਾਗ਼ ਨੂੰ ਤੰਦਰੁਸਤ ਰੱਖ ਸਕਦੇ ਹਾਂ। •

**ਓਮੇਗਾ ਥ੍ਰੀ ਨੂੰ ਦਿਮਾਗ਼ ਦਾ ਬਿਲਡਿੰਗ ਬਲਾਕ ਕਿਹਾ ਜਾਂਦਾ ਹੈ। ਵਿਟਾਮਿਨ ਈ ਵੀ ਦਿਮਾਗ਼ੀ ਸਿਹਤ ਲਈ ਬਹੁਤ ਜ਼ਰੂਰੀ ਹੈ। ਭੋਜਨ ਵਿਚ ਐਂਟੀ ਆਕਸੀਡੈਂਟ ਵੀ ਮਹੱਤਵਪੂਰਨ ਹੈ।**

### ਬਦਲੀਆਂ ਹਨ ਧਾਰਨਾਵਾਂ

ਆਧੁਨਿਕ ਮੈਡੀਕਲ ਵਿਗਿਆਨ ਨੇ ਇਹ ਵੀ ਸਾਬਿਤ ਕੀਤਾ ਹੈ ਕਿ ਦਿਮਾਗ ਖ਼ੁਦ ਨੂੰ ਲਗਾਤਾਰ ਬਦਲਦਾ ਅਤੇ ਵਿਕਸਿਤ ਕਰਦਾ ਚੱਲਦਾ ਹੈ। ਜਦੋਂ ਅਸੀਂ ਕੁਝ ਨਵਾਂ ਸਿੱਖਦੇ ਹਾਂ ਤਾਂ ਇਸ ਦੀ ਸਰੀਰਕ ਬਣਤਰ ਵਿਚ ਕੁਝ ਬਦਲਾਅ ਆਉਂਦਾ ਹੈ। ਅਧਿਐਨ ਸਾਬਤ ਕਰਦੇ ਹਨ ਕਿ ਉਮਰ-ਦਰਾਜ ਦਿਮਾਗ ਵੀ ਲਚੀਲਾ ਹੁੰਦਾ ਹੈ ਭਾਵ ਉਸ ਵਿਚ ਵੀ ਵਿਕਾਸ ਦੀ ਸੰਭਾਵਨਾ ਹੁੰਦੀ ਹੈ। ਇਸ ਨੂੰ ਬ੍ਰੇਨ ਪਲਾਸਟੀਸਿਟੀ ਜਾਂ ਨਿਊਰੋ ਪਲਾਸਟੀਸਿਟੀ ਕਿਹਾ ਜਾਂਦਾ ਹੈ। ਇਸ ਨੇ ਵਡੇਰੀ ਉਮਰ ਵਿਚ ਵੀ ਦਿਮਾਗ਼ ਨੂੰ ਫਿੱਟ ਰੱਖਣ ਪ੍ਰਤੀ ਨਵੀਆਂ ਸੰਭਾਵਨਾਵਾਂ ਜਗਾਈਆਂ ਹਨ।



# ਇੰਜ ਕਰੋ ਬੱਚਿਆਂ ਦਾ ਦਿਮਾਗ਼ ਤੇਜ਼

ਸਿਰਫ਼ ਪਰੀਖਿਆਵਾਂ ਦੇ ਦਿਨਾਂ 'ਚ ਹੀ ਨਹੀਂ, ਸਗੋਂ ਬੱਚਿਆਂ ਦਾ ਦਿਮਾਗ਼ ਹਰ ਸਮੇਂ ਸਿਹਤਮੰਦ ਹੋਣਾ ਬਹੁਤ ਜ਼ਰੂਰੀ ਹੈ। ਇਸ ਲਈ ਤੁਸੀਂ ਖਾਣ-ਪੀਣ ਤੋਂ ਲੈ ਕੇ ਹਰ ਕਈ ਤਰੀਕੇ ਵੀ ਅਪਣਾਉਂਦੇ ਹੋਵੋਗੇ ਤਾਂ ਕਿ ਬੱਚਿਆਂ ਦਾ ਦਿਮਾਗ਼ ਤੇਜ਼ ਹੋਵੇ ਤੇ ਉਹ ਪੜ੍ਹਾਈ ਵਿਚ ਬਿਹਤਰ ਕਾਰਗੁਜ਼ਾਰੀ ਦਿਖਾ ਸਕਣ। ਆਓ ਜਾਣਦੇ ਹਾਂ ਕੁਝ ਪ੍ਰਭਾਵੀ ਅਤੇ ਆਸਾਨ ਤਰੀਕੇ, ਜੋ ਤੁਹਾਡੇ ਅੱਖਾਂ ਦੇ ਤਾਰਿਆਂ ਦਾ ਦਿਮਾਗ਼ ਤੇਜ਼ ਕਰਨ 'ਚ ਸਹਾਈ ਹੋ ਸਕਦੇ ਹਨ :

- ਦਿਮਾਗ਼ ਤੇਜ਼ ਕਰਨ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਹੈ ਦਿਮਾਗ਼ੀ ਕਸਰਤ। ਇਸ ਲਈ ਤੁਸੀਂ ਬੱਚਿਆਂ ਨਾਲ ਕੋਈ ਪ੍ਰਸ਼ਨ-ਉੱਤਰ ਵਾਲੀ ਖੇਡ, ਸ਼ਬਦਕੋਸ਼ ਭਰਨਾ ਜਾਂ ਸਹੀ ਜਵਾਬ ਲੱਭਣ ਨਾਲ ਸਬੰਧਤ ਕੋਈ ਖੇਡ ਚੁਣ ਸਕਦੇ ਹੋ। ਦੋਸਤਾਂ ਨਾਲ ਵੀ ਬੱਚੇ ਅਜਿਹੀਆਂ ਖੇਡਾਂ ਖੇਡ ਸਕਦੇ ਹਨ। ਇਸ ਨਾਲ ਬੱਚਿਆਂ ਦੀ ਯਾਦਸ਼ਕਤੀ ਵਧਾਉਣ ਅਤੇ ਯਾਦ ਰੱਖਣ ਦੀ ਇੱਛਾ ਵੀ ਬਰਕਰਾਰ ਰਹੇਗੀ।
- ਬੱਚਿਆਂ ਨੂੰ ਘੱਟ ਉਮਰੇ ਹੀ ਨਵੀਆਂ ਭਾਸ਼ਾਵਾਂ ਦਾ ਗਿਆਨ ਕਰਵਾਉਣ ਨਾਲ ਉਨ੍ਹਾਂ ਦਾ ਦਿਮਾਗ਼ ਅਜਿਹੇ ਬੱਚਿਆਂ ਦੇ ਮੁਕਾਬਲੇ ਤੇਜ਼ ਚੱਲਦਾ ਹੈ ਜੋ ਸਿਰਫ਼ ਇਕ ਭਾਸ਼ਾ ਹੀ ਜਾਣਦੇ ਹਨ। ਇਸ ਢੰਗ ਨਲ ਬੱਚੇ ਵਿਚ ਹੋਰ ਵੀ ਯੋਗਤਾਵਾਂ ਵਿਕਸਿਤ ਹੁੰਦੀਆਂ ਹਨ।
- ਬੱਚੇ ਖੇਡ-ਕੁੱਦ ਵਿਚ ਜਿੰਨੇ ਫੁਰਤੀਲੇ ਹੁੰਦੇ ਹਨ, ਉਨ੍ਹਾਂ ਦਾ ਦਿਮਾਗ਼ ਵੀ ਤੇਜ਼ ਅਤੇ ਸਰਗਰਮ ਹੁੰਦਾ ਹੈ। ਇਸ ਤਰ੍ਹਾਂ ਨਾਲ ਬੱਚਿਆਂ ਦੇ ਦਿਮਾਗ਼ ਵਿਚ ਆਕਸੀਜਨ ਦਾ ਵਹਾਅ ਵੀ ਸਹੀ ਰਹਿੰਦਾ ਹੈ ਜੋ ਦਿਮਾਗ਼ੀ ਸਿਹਤ ਲਈ ਲਾਭਦਾਇਕ ਹੈ।
- ਕਲਾ ਬੱਚਿਆਂ ਵਿਚ ਕਲਾ ਪ੍ਰਤੀ ਰੁਝਾਨ ਦਿਮਾਗ਼ ਨੂੰ ਵਿਕਸਿਤ ਕਰਕੇ ਨਵੀਆਂ ਚੀਜ਼ਾਂ ਸਿੱਖਣ ਵਿਚ ਮਦਦ ਕਰਦੀ ਹੈ। ਇਸ ਢੰਗ ਨਾਲ ਬੱਚਿਆਂ ਦੀ ਕਲਪਨਾਸ਼ਕਤੀ ਵਿਚ ਵੀ ਵਾਧਾ ਹੁੰਦਾ ਹੈ ਅਤੇ ਉਹ ਬਹੁਪੱਖੀ ਸੋਚ ਦੇ ਮਾਲਕ ਬਣਦੇ ਹਨ।

**ਬਚਪਨ ਤੋਂ ਹੀ ਬੱਚੇ ਨੂੰ ਗਣਿਤ ਦਾ ਚੰਗਾ ਅਭਿਆਸ ਕਰਾਉਣ ਨਾਲ ਉਸ ਦਾ ਦਿਮਾਗ਼ ਤੇਜ਼ ਬਣਦਾ ਹੈ। ਇਹੀ ਕਾਰਨ ਹੈ ਕਿ ਜਿਨ੍ਹਾਂ ਬੱਚਿਆਂ ਦੀ ਗਣਿਤ ਵਿਚ ਜ਼ਿਆਦਾ ਰੁਚੀ ਹੁੰਦੀ ਹੈ, ਉਹ ਆਮ ਬੱਚਿਆਂ ਦੇ ਮੁਕਾਬਲੇ ਵੱਧ ਬੁੱਧੀਮਾਨ ਹੁੰਦੇ ਹਨ।**



## ਓਹੜ ਪੋਹੜ

**ਸਰਦੀਆਂ ਵਿਚ ਹਰੇ ਪਿਆਜ਼ ਦੀ ਹਰਿਆਵਲ ਸੁਆਦ ਨਾਲ ਬਾਗ਼ੋ-ਬਾਗ਼ ਕਰਦੀ ਹੈ। ਇਸ ਦੀ ਵਰਤੋਂ ਸਬਜ਼ੀਆਂ ਅਤੇ ਸੂਪ ਵਿਚ ਆਮ ਕੀਤੀ ਜਾਂਦੀ ਹੈ। ਇਸ ਦੇ ਵੱਖਰੇ ਸੁਆਦ ਕਾਰਨ ਤਾਂ ਇਹ ਭਾਰਤੀ ਰਸੋਈ ਦਾ ਚਹੇਤਾ ਤਾਂ ਹੈ ਹੀ, ਸਗੋਂ ਗੁਣਾਂ ਪੱਖੋਂ ਵੀ ਹਰਾ ਪਿਆਜ਼ ਕਾਫ਼ੀ ਸਿਹਤਮੰਦ ਹੈ। ਆਓ ਜਾਣਦੇ ਹਾਂ ਇਸ ਦੇ ਕੁਝ ਮੁੱਢਲੇ ਫ਼ਾਇਦਿਆਂ ਬਾਰੇ :**

### ਸਿਹਤ ਦਾ ਹਮਰਾਜ਼ ਹਰਾ ਪਿਆਜ਼

- ਹਰਾ ਪਿਆਜ਼ ਖਾਣ ਦੇ ਕਈ ਲਾਭ ਹਨ। ਇਹ ਕੋਲੈਸਟਰੋਲ ਦੇ ਪੱਧਰ ਨੂੰ ਕਾਬੂ 'ਚ ਰੱਖਣ 'ਚ ਸਹਾਈ ਹੁੰਦਾ ਹੈ।
- ਇਸ ਵਿਚ ਐਂਟੀ ਬੈਕਟੀਰੀਅਲ ਗੁਣ ਹੁੰਦੇ ਹਨ ਜਿਸ ਕਾਰਨ ਇਹ ਹਾਜ਼ਮਾ ਸ਼ਕਤੀ ਵਧਾਉਣ 'ਚ ਮਦਦਗਾਰ ਹੁੰਦਾ ਹੈ। ਹਰੇ ਪਿਆਜ਼ ਵਿਚ ਕ੍ਰੋਮੀਅਮ ਹੁੰਦਾ ਹੈ।
- ਹਰਾ ਪਿਆਜ਼ ਖਾਣ ਨਾਲ ਇਮਿਊਨਿਟੀ ਸ਼ਕਤੀ ਵਧਦੀ ਹੈ। ਇਹ ਚਿਹਰੇ ਦੀਆਂ ਝੁਰੜੀਆਂ ਦੂਰ ਕਰਨ ਵਿਚ ਵੀ ਸਹਾਈ ਹੈ।
- ਹਰਾ ਪਿਆਜ਼ ਖਾਣ ਨਾਲ ਅੱਖਾਂ ਦੀ ਰੋਸ਼ਨੀ 'ਚ ਵਾਧਾ ਹੁੰਦਾ ਹੈ।
- ਹਰਾ ਪਿਆਜ਼ ਮਾਈਕ੍ਰੋਨਿਊਟ੍ਰੀਸ਼ਿਅਨਸ ਨੂੰ ਬਰਕਰਾਰ ਰੱਖਦਾ ਹੈ।
- ਹਿਸਟੀਆ ਦਾ ਰੋਗੀ ਜੇਕਰ ਬੇਹੋਸ਼ ਹੋ ਜਾਵੇ ਤਾਂ ਉਸ ਨੂੰ ਹਰਾ ਪਿਆਜ਼ ਕੁੱਟ ਕੇ ਸੁੰਘਾਓ। ਇਸ ਨਾਲ ਰੋਗੀ ਨੂੰ ਤੁਰੰਤ ਹੋਸ਼ ਆ ਜਾਵੇਗਾ।
- ਇਸ ਵਿਚ ਐਂਟੀ ਇਨਫਲਾਮੇਟਰੀ ਅਤੇ ਐਂਟੀ ਹਿਸਟਾਮਾਈਨ ਗੁਣ ਵੀ ਹੁੰਦੇ ਹਨ। ਇਸ ਲਈ ਇਹ ਗਠੀਆ ਅਤੇ ਅਸਥਮਾ ਦੇ ਰੋਗੀਆਂ ਲਈ ਲਾਭਦਾਇਕ ਰਹਿੰਦਾ ਹੈ।
- ਝੜਦੇ ਵਾਲਾਂ ਦੀ ਸਮੱਸਿਆ ਹੈ ਤਾਂ ਪਿਆਜ਼ ਦਾ ਰਸ ਵਾਲਾਂ 'ਚ ਲਗਾਉਣ ਨਾਲ ਲਾਭ ਮਿਲਦਾ ਹੈ। •



# ਨੁਕਸਾਨਦੇਹ ਹੈ ਫਾਸਟਫੂਡ ਪੈਕੇਜਿੰਗ



ਫਾਸਟ ਫੂਡ ਆਧੁਨਿਕ ਜੀਵਨਸ਼ੈਲੀ ਦਾ ਇਕ ਬਹੁਤ ਵੱਡਾ ਹਿੱਸਾ ਬਣ ਚੁੱਕਾ ਹੈ। ਬੱਚਿਆਂ ਤੋਂ ਲੈ ਕੇ ਜਵਾਨ ਅਤੇ ਵੱਡਿਆਂ ਤਕ ਸਭ ਨੂੰ ਫਾਸਟ ਫੂਡ ਖਾਣਾ ਬਹੁਤ ਪਸੰਦ ਹੈ। ਪਾਰਟੀ ਹੋਵੇ ਜਾਂ ਸਫ਼ਰ,ਇਸ ਤੋਂ ਬਿਨਾ ਕੰਮ ਚੱਲਦਾ ਹੀ ਨਹੀਂ। ਫਾਸਟ ਫੂਡ ਨਾਲ ਮੋਟਾਪਾ ਵਧਦਾ ਹੈ, ਇਹ ਤਾਂ ਅਸੀਂ ਸਭ ਜਾਣਦੇ ਹੀ ਹਾਂ ਪਰ ਕੀ ਤੁਸੀਂ ਜਾਣਦੇ ਹੋ ਕਿ ਸਾਡੇ ਲਈ ਫਾਸਟ ਫੂਡ ਤੋਂ ਕਿਤੇ ਵੱਧ ਖ਼ਤਰਨਾਕ ਉਸ ਦੀ ਪੈਕੇਜਿੰਗ ਹੋ ਸਕਦੀ ਹੈ। ਹਾਲ ਹੀ ਵਿਚ ਹੋਈ ਇਕ ਖੋਜ ਵਿਚ ਇਹ ਗੱਲ ਸਾਹਮਣੇ ਆਈ ਹੈ।

ਸਵਾਦ ਬਦਲਣ ਲਈ ਜੇ ਕਦੇ ਕਦਾਈਂ ਫਾਸਟ ਫੂਡ ਖਾ ਲਿਆ ਜਾਵੇ ਤਾਂ ਕੋਈ ਹਰਜ਼ ਨਹੀਂ ਪਰ ਜੇ ਲੋਕ ਇਸ ਨੂੰ ਆਮ ਖਾਣੇ ਦੇ ਤੌਰ 'ਤੇ ਲੈਂਦੇ ਹਨ, ਉਨ੍ਹਾਂ ਲਈ ਇਹ ਆਦਤ ਖ਼ਤਰੇ ਦੀ ਘੰਟੀ ਹੈ। ਹਾਲ ਹੀ ਵਿਚ ਹੋਈ ਇਕ ਖੋਜ ਦੀ ਰਿਪੋਰਟ ਮੁਤਾਬਕ ਲੋਕਾਂ ਲਈ ਫਾਸਟ ਫੂਡ ਤੋਂ ਕਿਤੇ ਵੱਧ ਖ਼ਤਰਨਾਕ ਹੋ ਸਕਦੀ ਹੈ ਪੈਕੇਜਿੰਗ ਲਈ ਵਰਤੀ ਜਾਣ ਵਾਲੀ ਸ਼ੀਟ ਜਾਂ ਡੱਬੇ। ਇਨ੍ਹਾਂ ਵਿਚ ਕਈ ਅਜਿਹੇ ਕੈਮੀਕਲ ਹੁੰਦੇ ਹਨ ਜੋ ਸਿਹਤ ਲਈ ਖ਼ਤਰਨਾਕ ਹੋ ਸਕਦੇ ਹਨ।

ਅਧਿਐਨ ਦੌਰਾਨ ਪਾਇਆ ਗਿਆ ਕਿ ਫੂਡ ਦੀ ਪੈਕੇਜਿੰਗ ਲਈ ਜਿਸ ਪੇਪਰ ਅਤੇ ਗੱਤੇ ਦੇ ਡੱਬੇ ਦੀ ਵਰਤੋਂ ਕੀਤੀ ਜਾਂਦੀ ਹੈ, ਉਸ ਵਿਚ ਕਈ ਤਰ੍ਹਾਂ ਦੇ ਕੈਮੀਕਲ ਲੱਗੇ ਹੁੰਦੇ ਹਨ। ਕਾਗ਼ਜ਼ ਦੀ ਕੋਟਿੰਗ 'ਤੇ ਗ੍ਰੀਸ ਦੀ ਵਰਤੋਂ ਇੱਥੋਂ ਤਕ ਕਿ ਫਾਸਟ ਫੂਡ ਦੀ ਪੈਕੇਜਿੰਗ ਲਈ ਜਿਹੜਾ ਚਮਕੀਲਾ ਕਾਗਜ਼ ਵਰਤਿਆ ਜਾਂਦਾ ਹੈ ਉਸ ਦੀ ਕੋਟਿੰਗ ਗ੍ਰੀਸ ਨਾਲ ਹੁੰਦੀ ਹੈ ਜੋ ਸਿਹਤ ਨੂੰ ਸਿੱਧਾ ਨੁਕਸਾਨ ਪਹੁੰਚਾਉਂਦੀ ਹੈ। ਇਨ੍ਹਾਂ ਕੈਮੀਕਲਾਂ ਕਾਰਨ ਲੋਕ ਕੈਂਸਰ ਵਰਗੀਆਂ ਜਾਨਲੇਵਾ ਬਿਮਾਰੀਆਂ ਦੀ ਚਪੇਟ ਵਿਚ ਆ ਸਕਦੇ ਹਨ ਕਿਉਂਕਿ ਇਹ ਕੈਮੀਕਲ ਸਰੀਰ ਦੀ ਰੋਗਰੋਕੂ ਸਮਰੱਥਾ ਕਾਫੀ ਹੱਦ ਤਕ ਘੱਟ ਕਰ ਦਿੰਦੇ ਹਨ। ਇਸ ਬਾਰੇ ਜਾਗਰੂਕਤਾ ਦੀ ਲੋੜ ਹੈ।

# ਬਲੱਡ ਗਰੁੱਪ ਮੁਤਾਬਕ ਚੁਣੋ ਡਾਈਟ




ਜੇ ਤੁਸੀਂ ਆਪਣਾ ਵਜ਼ਨ ਘਟਾਉਣਾ ਚਾਹੁੰਦੇ ਹੋ ਅਤੇ ਉਸ ਲਈ ਡਾਈਟ ਚਾਰਟ ਅਨੁਸਾਰ ਚੱਲ ਰਹੇ ਹੋ ਤਾਂ ਆਪਣੇ ਬਲੱਡ ਗਰੁੱਪ ਮੁਤਾਬਕ ਡਾਈਟ ਚਾਰਟ ਚੁਣ ਕੇ ਤੁਸੀਂ ਡਬਲ ਲਾਭ ਲੈ ਸਕਦੇ ਹੋ। ਇੰਨਾ ਹੀ ਨਹੀਂ, ਇਸ ਨਾਲ ਤੁਸੀਂ ਸਿਹਤ ਸਬੰਧੀ ਛੋਟੀਆਂ ਮੋਟੀਆਂ ਸਮੱਸਿਆਵਾਂ ਤੋਂ ਵੀ ਨਿਜਾਤ ਪਾ ਸਕਦੇ ਹੋ। ਇਸ ਲਓ ਆਪਣੇ ਬਲੱਡ ਗਰੁੱਪ ਮੁਤਾਬਕ ਹੀ ਚੁਣੋ ਆਪਣਾ ਡਾਈਟ ਪਲਾਨ :

### ਏ ਬਲੱਡ ਗਰੁੱਪ

- ਮਾਸਾਹਾਰੀ ਭੋਜਨ ਦੀ ਬਜਾਏ ਸ਼ਾਕਾਹਾਰ ਭੋਜਨ 'ਤੇ ਵੱਧ ਜ਼ੋਰ ਦੇਣਾ ਚਾਹੀਦਾ ਹੈ।
- ਇਸ ਸਮੂਹ ਦੇ ਲੋਕਾਂ ਦੀ ਪਾਚਨ ਸ਼ਕਤੀ ਹੋਰਾਂ ਦੇ ਮੁਕਾਬਲੇ ਕਮਜ਼ੋਰ ਹੁੰਦੀ ਹੈ ਜੋ ਦੁੱਧ ਨਾਲ ਬਣੀਆਂ ਚੀਜ਼ਾਂ ਅਤੇ ਮਾਸਾਹਾਰ ਨੂੰ ਆਸਾਨੀ ਨਾਲ ਪਚਾ ਨਹੀਂ ਸਕਦੀ। ਅਜਿਹੇ ਵਿਚ ਪੇਟ ਨਾਲ ਜੁੜੀਆਂ ਸਮੱਸਿਆਵਾਂ ਦੀ ਸੰਭਾਵਨਾ ਬਣੀ ਰਹਿੰਦੀ ਹੈ।
- ਫਲ ਅਤੇ ਹਰੀਆਂ ਸਬਜ਼ੀਆਂ ਦੀ ਵੱਧ ਤੋਂ ਵੱਧ ਵਰਤੋਂ ਕਰੋ।
- ਪਪੀਤਾ, ਅੰਬ, ਸੰਤਰੇ ਵਰਗੇ ਫਲ, ਬੀਨਜ਼, ਸੋਇਆਬੀਨ ਆਦਿ ਦੀ ਭਰਪੂਰ ਵਰਤੋਂ ਕਰੋ। ਜੇਕਰ ਨਾਨਵੈੱਜ ਖਾਣਾ ਹੀ ਹੈ ਤਾਂ ਰੈੱਡ ਮੀਟ ਦੀ ਥਾਂ 'ਤੇ ਮੱਛੀ ਨੂੰ ਖਾਣੇ 'ਚ ਸ਼ਾਮਿਲ ਕਰੋ। ਰਾਜਮਾਂਹ ਤੋਂ ਪਰਹੇਜ਼ ਕਰੋ।

### 'ਬੀ' ਬਲੱਡ ਗਰੁੱਪ

- ਸੰਤੁਲਿਤ ਮਾਤਰਾ ਵਿਚ ਦੁੱਧ ਅਤੇ ਦੁੱਧ ਤੋਂ ਬਣੇ ਪਦਾਰਥ, ਮੀਟ ਜਾਂ ਮੱਛੀ ਦਾ ਸੇਵਨ ਕਰ ਸਕਦੇ ਹੋ।
- ਕੁਝ ਖ਼ਾਸ ਖ਼ੁਰਾਕੀ ਪਦਾਰਥ ਜਿਵੇਂ ਮਸਰ, ਤਿਲ, ਮੱਕੀ, ਛੋਲੇ ਆਦਿ ਦਾਲਾਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।
- ਇਸ ਸਮੂਹ ਦੇ ਲੋਕਾਂ ਨੂੰ ਜ਼ਿਆਦਾ ਕਣਕ ਅਤੇ ਟਮਾਟਰ ਦੀਆਂ ਚੀਜ਼ਾਂ ਵੀ ਜ਼ਿਆਦਾ ਲਾਭ ਨਹੀਂ ਦਿੰਦੀਆਂ।
- ਵਜ਼ਨ 'ਤੇ ਕਾਬੂ ਰੱਖਣ ਲਈ ਮੱਕੀ, ਮੂੰਗਫਲੀ, ਚਿਕਨ ਤੇ ਕਣਕ ਤੋਂ ਵੀ ਪਰਹੇਜ਼ ਕਰਨਾ ਚਾਹੀਦਾ ਹੈ ਜਦਕਿ ਅੰਡਾ, ਮੀਟ, ਹਰੀਆਂ ਸਬਜ਼ੀਆਂ ਅਤੇ ਗ੍ਰੀਨ ਟੀ ਵਜ਼ਨ ਦੇ ਮਾਮਲੇ ਵਿਚ ਬੇਹੱਦ ਫ਼ਾਇਦੇਮੰਦ ਹਨ।

### 'ਏ ਬੀ' ਬਲੱਡ ਗਰੁੱਪ

- ਇਸ ਗਰੁੱਪ ਦੇ ਲੋਕਾਂ ਵਿਚ 'ਏ' ਅਤੇ ਬੀ ਦੋਹਾਂ ਹੀ ਬਲੱਡ ਗਰੁੱਪਾਂ ਦੇ ਲੱਛਣ ਪਾਏ ਜਾਂਦੇ ਹਨ।
- ਇਨ੍ਹਾਂ ਨੂੰ ਵੀ ਜ਼ਿਆਦਾਤਰ ਸ਼ਾਕਾਹਾਰੀ ਭੋਜਨ ਹੀ ਕਰਨਾ ਚਾਹੀਦਾ ਹੈ ਜਿਸ ਵਿਚ ਫਲ ਅਤੇ ਸਬਜ਼ੀਆਂ ਸ਼ਾਮਿਲ ਹਨ।
- ਜਿੱਥੋਂ ਤਕ ਹੋ ਸਕੇ ਚਿਕਨ ਅਤੇ ਮੱਕੀ ਵਰਗੀਆਂ ਚੀਜ਼ਾਂ ਤੋਂ ਦੂਰੀ ਬਣਾਓ।
- ਵਜ਼ਨ ਘਟਾਉਣ ਲਈ ਰੈੱਡ ਮੀਟ ਅਤੇ ਰਾਜਮਾਂਹ ਤੋਂ ਪਰਹੇਜ਼ ਕਰਨਾ ਚਾਹੀਦਾ ਹੈ। ਸੋਇਆਬੀਨ ਦਾ ਪਨੀਰ, ਸੀ ਫੂਡ, ਡੇਅਰੀ ਉਤਪਾਦ ਵਰਗੀਆਂ ਚੀਜ਼ਾਂ ਵਜ਼ਨ ਘਟਾਉਣ ਵਿਚ ਸਹਾਈ ਹੋ ਸਕਦੀਆਂ ਹਨ।
- ਅਨਾਨਾਸ ਦਾ ਸੇਵਨ ਕਰੋ।

### 'ਓ' ਬਲੱਡ ਗਰੁੱਪ

- ਇਸ ਗਰੁੱਪ ਦੇ ਲੋਕਾਂ ਨੂੰ ਹਾਈਪ੍ਰੋਟੀਨ ਡਾਈਟ ਲੈਣੀ ਚਾਹੀਦੀ ਹੈ।
- ਇਸ ਤੋਂ ਇਲਾਵਾ ਕਾਰਬੋਹਾਈਡ੍ਰੇਟ ਦੇ ਨਾਲ ਨਾਲ ਫ਼ਲ ਅਤੇ ਸਬਜ਼ੀਆਂ ਦਾ ਸੇਵਨ ਲਾਭਕਾਰੀ ਰਹਿੰਦਾ ਹੈ।
- ਰੈੱਡ ਮੀਟ, ਸੀ ਫੂਡ, ਪਾਲਕ, ਬ੍ਰੋਕੋਲੀ ਵਜ਼ਨ ਘਟਾਉਣ 'ਚ ਸਹਾਈ ਹੋ ਸਕਦੇ ਹਨ।
- ਵਜ਼ਨ 'ਤੇ ਕਾਬੂ ਰੱਖਣ ਲਈ ਕਣਕ, ਮਸਰ, ਗੋਭੀ, ਚਾਵਲ, ਸੇਮ, ਲੋਬੀਆ, ਦੁੱਧ ਦੇ ਪਦਾਰਥ ਅਤੇ ਸੁੱਕੇ ਮੇਵਿਆਂ ਤੋਂ ਪਰਹੇਜ਼ ਕਰਨਾ ਚਾਹੀਦਾ ਹੈ।
- ਇਸ ਗਰੁੱਪ ਦੇ ਲੋਕ ਮਾਸਾਹਾਰ ਵਿਚ ਰੈੱਡ ਮੀਟ, ਮੱਛੀ ਚਿਕਨ ਆਦਿ ਦਾ ਸੇਵਨ ਕਰ ਸਕਦੇ ਹਨ ਕਿਉਂਕਿ ਪੇਟ ਵਿਚ ਐਸਿਡ ਦੀ ਮਾਤਰਾ ਜ਼ਿਆਦਾ ਹੋਣ ਕਾਰਨ ਇਨ੍ਹਾਂ ਚੀਜ਼ਾਂ ਨੂੰ ਪਚਾਉਣ ਵਿਚ ਕੋਈ ਸਮੱਸਿਆ ਨਹੀਂ ਆਉਂਦੀ। •

# ਏਡਜ਼ ਸਾਵਧਾਨੀ 'ਚ ਹੀ ਹੈ ਸੁਰੱਖਿਆ



ਗੋਪਾਲ ਕ੍ਰਿਸ਼ਨ
98555-05640

21ਵੀਂ ਸਦੀ ਦੀਆਂ ਦੋ ਸਭ ਤੋਂ ਵੱਧ ਜਾਨਲੇਵਾ ਬੀਮਾਰੀਆਂ ਕੈਂਸਰ ਅਤੇ ਏਡਜ਼ ਹਨ। ਕੈਂਸਰ ਦਾ ਕਿਸੇ ਹੱਦ ਤੱਕ ਇਲਾਜ ਹੈ ਪਰੰਤੂ ਏਡਜ਼ ਦਾ ਹਾਲੇ ਤਕ ਕੋਈ ਇਲਾਜ ਨਹੀਂ ਹੈ। ਏਡਜ਼ ਦਾ ਪੂਰਾ ਨਾਂ ਐਕੁਆਇਰਡ ਸੁਰੱਖਿਆ ਘਾਟ ਸਿੰਡਰੋਮ ਹੈ। ਵਿਸ਼ਵ ਸਿਹਤ ਸੰਸਥਾ ਦੇ ਅੰਦਾਜ਼ੇ ਮੁਤਾਬਕ ਦੁਨੀਆ ਭਰ ਵਿਚ ਲਗਭਗ 4 ਕਰੋੜ ਲੋਕ ਇਸ ਖ਼ਤਰਨਾਕ ਬੀਮਾਰੀ ਤੋਂ ਪੀੜਤ ਹਨ। ਹਰ ਸਾਲ 30 ਲੱਖ ਤੋਂ ਜ਼ਿਆਦਾ ਲੋਕ ਏਡਜ਼ ਨਾਲ ਮਰ ਜਾਂਦੇ ਹਨ। ਏਡਜ਼ ਐੱਚ.ਆਈ.ਵੀ. ਤੋਂ ਹੋਣ ਵਾਲਾ ਇਕ ਵਾਇਰਲ ਰੋਗ ਹੈ। ਇਹ ਵਿਸ਼ਾਣੂ ਰੋਗ ਜਿਣਸੀ ਸਬੰਧਾਂ, ਭ੍ਰਿਸ਼ਟ ਸੂਈਆਂ ਅਤੇ ਖ਼ੂਨ ਰਾਹੀਂ ਇਕ ਵਿਅਕਤੀ ਤੋਂ ਦੂਸਰੇ ਵਿਅਕਤੀ ਤਕ ਫ਼ੈਲ ਜਾਂਦਾ ਹੈ। ਇਸ ਰੋਗ ਦੀ ਸਭ ਤੋਂ ਪਹਿਲਾਂ ਸੂਚਨਾ 1981 ਵਿਚ ਅਮਰੀਕਾ ਵਿਚ ਹਵਾਈ ਸ਼ਹਿਰ ਤੋਂ ਮਿਲੀ ਸੀ। ਭਾਰਤ ਵਿਚ ਏਡਜ਼ ਬਾਰੇ ਸਭ ਤੋਂ ਪਹਿਲਾਂ ਸੂਚਨਾ 1986 ਵਿਚ ਚੇਨੱਈ ਦੀਆਂ ਸੈਕਸ ਵਰਕਰ ਔਰਤਾਂ ਤੋਂ ਮਿਲੀ ਸੀ। ਭਾਰਤ ਵਿਚ ਏਡਜ਼ ਦੀ ਲਾਗ ਲੱਗਣ ਦੀ ਦਰ ਇਕ ਹਜ਼ਾਰ ਪਿੱਛੇ 10 ਹੈ। ਇਸ ਕਰਕੇ ਭਾਰਤ ਨੂੰ ਦੁਨੀਆ ਦੀ ਏਡਜ਼ ਰਾਜਧਾਨੀ ਕਿਹਾ ਜਾਂਦਾ ਹੈ। ਇਹ ਸਥਿਤੀ ਚਿੰਤਾਜਨਕ ਹੈ।

**ਭਾਰਤ 'ਚ ਇਕ ਹਜ਼ਾਰ ਪਿੱਛੇ 10 ਏਡਜ਼ ਮਰੀਜ਼ ਹਨ। ਇਸ ਕਰਕੇ ਭਾਰਤ ਨੂੰ ਦੁਨੀਆ ਦੀ ਏਡਜ਼ ਰਾਜਧਾਨੀ ਕਿਹਾ ਜਾਂਦਾ ਹੈ।**

### ਲੱਛਣ:

- ਸਰੀਰ ਨੂੰ ਲੱਗੀ ਸਾਧਾਰਣ ਬਿਮਾਰੀ ਵੀ ਠੀਕ ਨਹੀਂ ਹੁੰਦੀ।
- ਸਰੀਰ ਵਿਚ ਬੁਖ਼ਾਰ ਦਾ ਹੋਣਾ।
- ਹਾਜ਼ਮਾ ਖ਼ਰਾਬ ਹੋ ਜਾਣਾ।
- ਖ਼ੁਰਾਕ ਦਾ ਹਜ਼ਮ ਨਾ ਹੋਣਾ।
- ਦਸਤ ਲੱਗ ਜਾਣੇ।
- ਏਡਜ਼ ਦੇ ਰੋਗ ਦੀ ਪਛਾਣ ਇਸ ਰੋਗ ਦੀਆਂ ਐਂਟੀਬਾਡੀਜ਼ ਦਾ ਐਲੀਸਾ ਪ੍ਰੀਖਣ ਦੁਆਰਾ ਕੀਤੀ ਜਾਂਦੀ ਹੈ।

### ਏਡਜ਼ ਕਿਵੇਂ ਫੈਲਦਾ ਹੈ:

- ਏਡਜ਼ ਰੋਗੀ ਇਸਤਰੀ ਜਾਂ ਪੁਰਸ਼ ਨਾਲ ਲਿੰਗੀ ਸੰਬੰਧ ਬਣਾਉਣ ਨਾਲ ਫੈਲਦਾ ਹੈ।
- ਟੀਕਾਕਰਨ ਵਾਲੀਆਂ ਦੂਸ਼ਿਤ ਸੂਈਆਂ ਅਤੇ ਸਰਿੰਜਾਂ ਦੀ ਵਰਤੋਂ ਕਰਨ ਨਾਲ ਫੈਲਦਾ ਹੈ।
- ਏਡਜ਼ ਰੋਗੀ ਵਿਅਕਤੀ ਦਾ ਖ਼ੂਨ ਦੂਸਰੇ ਵਿਅਕਤੀ ਨੂੰ ਦੇਣ ਨਾਲ ਏਡਜ਼ ਫੈਲਦਾ ਹੈ।
- ਏਡਜ਼ ਰੋਗੀ ਇਸਤਰੀ ਆਪਣੇ ਬੱਚੇ ਨੂੰ ਆਪਣੇ ਦੁੱਧ ਰਾਹੀਂ ਏਡਜ਼ ਦੇ ਸਕਦੀ ਹੈ।
- ਏਡਜ਼ ਰੋਗੀ ਇਸਤਰੀ ਗਰਭ ਅਵਸਥਾ ਦੌਰਾਨ ਉਸ ਤੋਂ ਜਨਮ ਲੈਣ ਵਾਲੇ ਬੱਚੇ ਨੂੰ ਏਡਜ਼ ਹੋ ਸਕਦੀ ਹੈ।

### ਰੋਕਥਾਮ ਦੇ ਉਪਾਅ :

- ਏਡਜ਼ ਰੋਗੀ ਇਸਤਰੀ ਜਾਂ ਪੁਰਸ਼ ਨਾਲ ਲਿੰਗੀ ਸੰਬੰਧ ਬਣਾਉਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ।
- ਪਰਹੇਜ਼ ਹੀ ਇਲਾਜ ਹੈ ਨਹੀਂ ਤਾਂ ਮੌਤ ਯਕੀਨੀ ਹੈ।
- ਗ਼ੈਰ ਮਰਦ ਜਾਂ ਗ਼ੈਰ ਇਸਤਰੀ ਨਾਲ ਲਿੰਗੀ ਸੰਬੰਧ ਬਣਾਉਣ ਸਮੇਂ ਪਰਹੇਜ਼ ਕਰਨਾ ਚਾਹੀਦਾ ਹੈ ਜਾਂ ਫਿਰ ਕੰਡੋਮ ਦੀ ਵਰਤੋਂ ਕਰਨੀ ਚਾਹੀਦੀ ਹੈ।
- ਏਡਜ਼ ਨੂੰ ਰੋਕਣ ਲਈ ਵੱਧ ਤੋਂ ਵੱਧ ਪਰਚਾਰ ਕਰਨਾ ਜਰੂਰੀ ਹੈ।

ਭਾਰਤ ਸਰਕਾਰ ਅਤੇ ਸਾਰੀਆਂ ਸੂਬਾ ਸਰਕਾਰਾਂ, ਸਮਾਜ ਸੇਵੀ ਸੰਸਥਾਵਾਂ, ਕਾਲਜਾਂ ਅਤੇ ਸਕੂਲਾਂ ਦੇ ਅਧਿਆਪਕਾਂ ਵੱਲੋਂ ਏਡਜ਼ ਨੂੰ ਰੋਕਣ ਲਈ ਨੌਜਵਾਨ ਪੀੜ੍ਹੀ ਨੂੰ ਸਮਝਾਉਣ ਲਈ ਏਡਜ਼ ਸੰਬੰਧੀ ਜਾਗਰੂਕ ਕਰਨ ਲਈ ਵੱਧ ਤੋਂ ਵੱਧ ਫਲੈਕਸ ਬੋਰਡ ਲਗਾ ਕੇ, ਭਾਸ਼ਣ ਦੇ ਕੇ, ਪ੍ਰਚਾਰ ਕਰਕੇ, ਨਾਟਕ ਕਰਕੇ ਅਤੇ ਰੈਲੀਆਂ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਯੁਵਾ ਪੀੜ੍ਹੀ ਨੂੰ ਏਡਜ਼ ਦੇ ਭਿਆਨਕ ਰੋਗ ਤੋਂ ਬਚਾਇਆ ਜਾ ਸਕੇ। •



# ਗਰਭਵਤੀ ਔਰਤ ਨੇ ਸੜਕ ਕਿਨਾਰੇ ਈ-ਰਿਕਸ਼ਾ 'ਚ ਦਿੱਤਾ ਬੱਚੇ ਨੂੰ ਜਨਮ, ਕਈ ਵਾਰ ਫੋਨ ਕਰਨ ਦੇ ਵੀ ਨਾ ਪੁੱਜੀ ਐਂਬੂਲੈਂਸ

**ਕੌਮੀ ਪਤ੍ਰਿਕਾ**

ਨੈਸ਼ਨਲ ਡੈਸਕ 19 ਮਾਰਚ। ਝਾਰਖੰਡ ਦੇ ਗੋਡਾ ਜ਼ਿਲ੍ਹੇ ਵਿੱਚ ਸਿਹਤ ਸੰਭਾਲ ਪ੍ਰਣਾਲੀ ਵਿੱਚ ਲਾਪਰਵਾਹੀ ਨੂੰ ਉਜਾਗਰ ਕਰਨ ਵਾਲਾ ਇੱਕ ਮਾਮਲਾ ਸਾਹਮਣੇ ਆਇਆ ਹੈ। ਸਦਰ ਹਸਪਤਾਲ ਲਿਜਾਂਦੇ ਸਮੇਂ ਇੱਕ ਗਰਭਵਤੀ ਔਰਤ ਨੇ ਰਸਤੇ ਵਿੱਚ ਹੀ ਇੱਕ ਈ-ਰਿਕਸ਼ਾ ਦੇ ਅੰਦਰ ਇੱਕ ਬੱਚੇ ਨੂੰ ਜਨਮ ਦੇ ਦਿੱਤਾ। ਇਹ ਘਟਨਾ ਨੋਨਮਤੀ ਪਿੰਡ ਦੇ ਨੇੜੇ ਵਾਪਰੀ। ਪਰਿਵਾਰਕ ਮੈਂਬਰਾਂ ਦਾ ਦੋਸ਼ ਹੈ ਕਿ ਔਰਤ ਨੂੰ ਜਣੇਪੇ ਦੀਆਂ ਪੀੜਾਂ ਸ਼ੁਰੂ ਹੋਣ ਦੇ ਬਾਵਜੂਦ ਐਂਬੂਲੈਂਸ ਪਿੰਡ ਤੱਕ ਨਹੀਂ ਪਹੁੰਚੀ। ਮਜਬੂਰੀ ਵਿੱਚ ਹੋਰ ਕੋਈ ਬਦਲ ਨਾ ਹੋਣ ਕਰਕੇ ਪਰਿਵਾਰ ਨੂੰ ਗਰਭਵਤੀ ਔਰਤ ਨੂੰ ਈ-ਰਿਕਸ਼ਾ ਵਿੱਚ ਹੀ ਹਸਪਤਾਲ ਲਿਜਾਣ ਲਈ ਮਜਬੂਰ ਹੋਣਾ ਪਿਆ। ਰਿਪੋਰਟਾਂ ਅਨੁਸਾਰ, ਬੇਲਾਰੀ ਪਿੰਡ ਦੇ ਵਸਨੀਕ ਕੌਸ਼ਲ ਹਰੀਜਨ ਦੀ ਪਤਨੀ ਰੁਕਮਣੀ ਦੇਵੀ ਨੂੰ ਅਚਾਨਕ ਜਣੇਪੇ ਦੀ ਸ਼ਿਕਾਇਤ ਹੋ ਗਈ। ਨਤੀਜੇ ਵਜੋਂ ਉਸਦੇ ਪਰਿਵਾਰਕ ਮੈਂਬਰਾਂ ਨੇ ਤੁਰੰਤ ਸਰਕਾਰੀ ਐਂਬੂਲੈਂਸ ਸੇਵਾ ਨਾਲ ਸੰਪਰਕ ਕੀਤਾ। ਔਰਤ ਨੂੰ ਹਸਪਤਾਲ ਪਹੁੰਚਾਉਣ ਲਈ ਪਰਿਵਾਰ ਨੇ '108 ਐਂਬੂਲੈਂਸ ਸੇਵਾ' ਅਤੇ 'ਮਮਤਾ ਵਾਹਨ ਯੋਜਨਾ' ਦੋਵਾਂ ਨਾਲ ਸੰਪਰਕ ਕੀਤਾ। ਉਨ੍ਹਾਂ ਨੇ ਵਾਰ-ਵਾਰ ਫੋਨ ਕੀਤੇ, ਐਂਬੂਲੈਂਸ ਭੇਜਣ ਦੀ ਬੇਨਤੀ ਕੀਤੀ। ਹਾਲਾਂਕਿ, ਪਰਿਵਾਰ ਦਾ ਦਾਅਵਾ ਹੈ ਕਿ ਕਾਫ਼ੀ ਸਮਾਂ ਇੰਤਜ਼ਾਰ ਕਰਨ ਅਤੇ ਕਈ ਵਾਰ ਫੋਨ ਕਰਨ ਦੇ ਬਾਵਜੂਦ ਪਿੰਡ ਵਿੱਚ ਕੋਈ ਐਂਬੂਲੈਂਸ ਨਹੀਂ ਪਹੁੰਚੀ। ਇਸ ਦੌਰਾਨ ਔਰਤ ਦੀ ਹਾਲਤ ਵਿਗੜਦੀ ਗਈ, ਜਿਸ ਕਾਰਨ ਉਸਦੇ ਪਰਿਵਾਰਕ ਮੈਂਬਰਾਂ ਵਿੱਚ ਬਹੁਤ ਜ਼ਿਆਦਾ



ਪਰੇਸ਼ਾਨੀ ਅਤੇ ਚਿੰਤਾ ਫੈਲ ਗਈ। ਉਸ ਸਮੇਂ ਪਿੰਡ ਵਿੱਚ ਕੋਈ ਹੋਰ ਕੋਈ ਵਾਹਨ ਉਪਲਬਧ ਨਹੀਂ ਸੀ। ਇਨ੍ਹਾਂ ਹਾਲਾਤਾਂ ਵਿੱਚ ਪਰਿਵਾਰਕ ਮੈਂਬਰਾਂ ਕੋਲ ਔਰਤ ਨੂੰ ਈ-ਰਿਕਸ਼ਾ ਵਿੱਚ ਹਸਪਤਾਲ ਲਿਜਾਣ ਦਾ ਫੈਸਲਾ ਕਰਨ ਤੋਂ ਇਲਾਵਾ ਕੋਈ ਚਾਰਾ ਨਹੀਂ ਬਚਿਆ। ਬਾਅਦ ਵਿੱਚ ਉਨ੍ਹਾਂ ਨੇ ਔਰਤ ਨੂੰ ਈ-ਰਿਕਸ਼ਾ ਵਿੱਚ ਚੜ੍ਹਾਉਣ ਵਿੱਚ ਮਦਦ ਕੀਤੀ ਅਤੇ ਸਦਰ ਹਸਪਤਾਲ ਵੱਲ ਰਵਾਨਾ ਹੋ ਗਏ। ਹਸਪਤਾਲ ਜਾਂਦੇ ਸਮੇਂ ਨੋਨਮਤੀ ਪਿੰਡ ਦੇ ਨੇੜੇ ਔਰਤ ਨੂੰ ਜਣੇਪੇ ਦੀਆਂ ਦਰਦਾਂ ਅਚਾਨਕ ਤੇਜ਼ ਹੋ ਗਈਆਂ। ਉਸੇ ਪਲ ਉਸਨੇ ਈ-ਰਿਕਸ਼ਾ ਦੇ ਅੰਦਰ ਇੱਕ ਸਿਹਤਮੰਦ ਬੱਚੇ ਨੂੰ ਜਨਮ ਦਿੱਤਾ। ਆਸਪਾਸ ਮੌਜੂਦ ਦਰਸ਼ਕ ਇਸ ਅਚਾਨਕ ਘਟਨਾਕ੍ਰਮ ਤੋਂ ਹੈਰਾਨ ਰਹਿ ਗਏ। ਇਸ ਤੋਂ ਬਾਅਦ ਪਰਿਵਾਰਕ ਮੈਂਬਰਾਂ ਅਤੇ ਸਥਾਨਕ ਨਿਵਾਸੀਆਂ ਦੀ ਸਹਾਇਤਾ ਨਾਲ ਮਾਂ ਅਤੇ ਨਵਜੰਮੇ ਬੱਚੇ ਨੂੰ ਕਿਸੇ ਤਰ੍ਹਾਂ ਸੁਰੱਖਿਅਤ ਗੋਂਡਾ ਦੇ ਸਦਰ ਹਸਪਤਾਲ ਪਹੁੰਚਾਇਆ ਗਿਆ। ਹਸਪਤਾਲ ਪਹੁੰਚਣ 'ਤੇ ਮੌਜੂਦ ਸਿਹਤ ਸੰਭਾਲ ਸਟਾਫ ਨੇ ਤੁਰੰਤ ਮਾਂ ਅਤੇ ਨਵਜੰਮੇ ਬੱਚੇ ਨੂੰ ਲੇਬਰ ਵਾਰਡ ਵਿੱਚ ਦਾਖਲ ਕਰਵਾਇਆ ਅਤੇ ਉਨ੍ਹਾਂ ਦਾ ਇਲਾਜ ਸ਼ੁਰੂ ਕਰ ਦਿੱਤਾ। ਵਰਤਮਾਨ ਵਿੱਚ ਮਾਂ ਅਤੇ ਬੱਚਾ ਦੋਵੇਂ ਸੁਰੱਖਿਅਤ ਅਤੇ ਡਾਕਟਰਾਂ ਦੀ ਨਿਗਰਾਨੀ ਹੇਠ ਦੱਸੇ ਜਾ ਰਹੇ ਹਨ। ਇਸ ਘਟਨਾ ਤੋਂ ਬਾਅਦ ਪਰਿਵਾਰਕ ਮੈਂਬਰਾਂ ਨੇ ਸਿਹਤ ਵਿਭਾਗ ਪ੍ਰਤੀ ਆਪਣੀ ਨਾਰਾਜ਼ਗੀ ਪ੍ਰਗਟ ਕੀਤੀ ਹੈ। ਉਨ੍ਹਾਂ ਦਾ ਤਰਕ ਹੈ ਕਿ ਜਦੋਂ ਸਰਕਾਰ ਵੱਖ-ਵੱਖ ਸਿਹਤ ਯੋਜਨਾਵਾਂ ਦਾ ਵਿਆਪਕ ਤੌਰ 'ਤੇ ਪ੍ਰਚਾਰ ਕਰਦੀ ਹੈ, ਤਾਂ ਲੋਕਾਂ ਨੂੰ ਅਕਸਰ ਸਮੇਂ ਸਿਰ ਸਹਾਇਤਾ ਪ੍ਰਾਪਤ ਕਰਨ ਵਿੱਚ ਅਸਫਲ ਰਹਿੰਦੇ ਹਨ ਜਦੋਂ ਉਨ੍ਹਾਂ ਨੂੰ ਇਸਦੀ ਸਭ ਤੋਂ ਵੱਧ ਲੋੜ ਹੁੰਦੀ ਹੈ। ਔਰਤ ਦੇ ਪਤੀ, ਕੌਸ਼ਲ ਹਰੀਜਨ ਨੇ ਕਿਹਾ ਕਿ ਉਸਨੇ ਕਈ ਵਾਰ ਐਂਬੂਲੈਂਸ ਬੁਲਾਈ, ਪਰ ਕੋਈ ਵੀ ਵਾਹਨ ਉਨ੍ਹਾਂ ਦੇ ਪਿੰਡ ਨਹੀਂ ਪਹੁੰਚਿਆ। ਉਸਨੇ ਅੱਗੇ ਕਿਹਾ ਕਿ ਆਪਣੀ ਨਾਜ਼ੁਕ ਵਿੱਤੀ ਸਥਿਤੀ ਨੂੰ ਦੇਖਦੇ ਹੋਏ ਉਹ ਇੱਕ ਨਿੱਜੀ ਵਾਹਨ ਦਾ ਪ੍ਰਬੰਧ ਕਰਨ ਵਿੱਚ ਅਸਮਰੱਥ ਸੀ, ਨਤੀਜੇ ਵਜੋਂ ਉਸ ਨੂੰ ਆਪਣੀ ਪਤਨੀ ਨੂੰ ਈ-ਰਿਕਸ਼ਾ ਵਿੱਚ ਹਸਪਤਾਲ ਲਿਜਾਣ ਲਈ ਮਜਬੂਰ ਹੋਣਾ ਪਿਆ।

# ਭਾਜਪਾ ਕੋਲ ਕਾਂਗਰਸ ਨੂੰ ਕੋਸਣ ਤੋਂ ਇਲਾਵਾ ਕੋਈ ਏਜੰਡਾ ਨਹੀਂ : ਰਾਜਾ ਵੜਿੰਗ

ਲੁਧਿਆਣਾ 19 ਮਾਰਚ। ਪੰਜਾਬ ਕਾਂਗਰਸ ਦੇ ਪ੍ਰਧਾਨ ਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਮੋਗਾ ਰੈਲੀ ਨੂੰ ਲੈ ਕੇ ਭਾਜਪਾ 'ਤੇ ਤਿੱਖਾ ਹਮਲਾ ਬੋਲਿਆ ਹੈ। ਵੜਿੰਗ ਨੇ ਕਿਹਾ ਕਿ ਭਾਜਪਾ ਕੋਲ ਕਾਂਗਰਸ ਨੂੰ ਕੋਸਣ ਤੋਂ ਇਲਾਵਾ ਹੋਰ ਕੋਈ ਏਜੰਡਾ ਨਹੀਂ ਹੈ ਅਤੇ ਪੰਜਾਬ ਦੇ ਲੋਕ ਇਨ੍ਹਾਂ ਸਿਆਸੀ ਹੱਥਕੰਡਿਆਂ ਨਾਲ ਗੁੰਮਰਾਹ ਨਹੀਂ ਹੋਣਗੇ। ਰਾਜਾ ਵੜਿੰਗ ਨੇ ਭਾਜਪਾ ਦੇ ਸੀਨੀਅਰ



ਆਗੂ ਲਾਲ ਕ੍ਰਿਸ਼ਨ ਅਡਵਾਨੀ ਦੀ ਕਿਤਾਬ 'ਮਾਈ ਕੰਟਰੀ ਮਾਈ ਲਾਈਫ' ਦਾ ਹਵਾਲਾ ਦਿੰਦੇ ਹੋਏ ਭਾਜਪਾ ਨੂੰ ਨਿਸ਼ਾਨੇ 'ਤੇ ਲਿਆ। ਉਨ੍ਹਾਂ ਕਿਹਾ ਕਿ ਇਸ ਕਿਤਾਬ ਵਿੱਚ ਲਿਖਿਆ ਗਿਆ ਹੈ ਕਿ ਉਸ ਸਮੇਂ ਦੀ ਸਰਕਾਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲਾ ਕਰਨ ਲਈ ਮਜਬੂਰ ਕੀਤਾ ਗਿਆ ਸੀ। ਵੜਿੰਗ ਨੇ ਮੰਗ ਕੀਤੀ ਕਿ ਭਾਜਪਾ ਆਗੂਆਂ ਨੂੰ ਇਹ ਕਿਤਾਬ ਪੜ੍ਹ ਕੇ ਇਸ ਬਾਰੇ ਸਪੱਸ਼ਟੀਕਰਨ ਦੇਣਾ ਚਾਹੀਦਾ ਹੈ। ਨਸ਼ਿਆਂ ਦੇ ਮੁੱਦੇ 'ਤੇ ਬੋਲਦਿਆਂ ਵੜਿੰਗ ਨੇ ਕਿਹਾ ਕਿ ਜਿੱਥੇ ਸੂਬੇ ਦੇ ਮੁੱਖ ਮੰਤਰੀ ਦੀ ਜ਼ਿੰਮੇਵਾਰੀ ਹੈ, ਉੱਥੇ ਹੀ ਭਾਜਪਾ ਦੀ ਵੀ ਵੱਡੀ ਜ਼ਿੰਮੇਵਾਰੀ ਬਣਦੀ ਹੈ। ਉਨ੍ਹਾਂ ਇਲਜ਼ਾਮ ਲਾਇਆ ਕਿ ਤਰਨਤਾਰਨ ਤੋਂ ਫਾਜ਼ਿਲਕਾ ਤੱਕ ਡਰੋਨਾਂ ਰਾਹੀਂ ਹਥਿਆਰਾਂ ਅਤੇ ਨਸ਼ਿਆਂ ਦੀ ਤਸਕਰੀ ਹੋ ਰਹੀ ਹੈ ਅਤੇ ਕੇਂਦਰ ਅਧੀਨ ਕੰਮ ਕਰ ਰਹੀ ਬੀ.ਐੱਸ.ਐੱਫ. ਇਸ ਨੂੰ ਰੋਕਣ 'ਚ ਅਸਫਲ ਰਹੀ ਹੈ। ਵੜਿੰਗ ਨੇ ਸਿੱਧੂ ਮੂਸੇਵਾਲਾ ਕਤਲ ਕਾਂਡ ਦਾ ਜ਼ਿਕਰ ਕਰਦਿਆਂ ਅਮਿਤ ਸ਼ਾਹ 'ਤੇ ਤੰਜ ਕੱਸਿਆ ਕਿ ਤੁਸੀਂ ਇਨਸਾਫ਼ ਦੀ ਗੱਲ ਕਰਦੇ ਹੋ, ਪਰ ਅਜੇ ਤੱਕ ਮੂਸੇਵਾਲਾ ਨੂੰ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਕਿਹਾ ਕਿ ਕਤਲ ਦਾ ਮੁੱਖ ਮੁਲਜ਼ਮ ਗੁਜਰਾਤ ਦੀ ਸਾਬਰਮਤੀ ਜੇਲ੍ਹ ਵਿੱਚ ਬੈਠਾ ਹੈ ਅਤੇ ਅੱਜ ਵੀ ਮੂਸੇਵਾਲਾ ਦੇ ਪਿਤਾ ਨੂੰ ਧਮਕੀਆਂ ਮਿਲ ਰਹੀਆਂ ਹਨ। ਇਸ ਮੌਕੇ ਪੰਜਾਬ ਦੇ ਸਾਬਕਾ ਮੰਤਰੀ ਰਾਕੇਸ਼ ਪਾਂਡੇ, ਸਾਬਕਾ ਵਿਧਾਇਕ ਸੁਰਿੰਦਰ ਡਾਬਰ, ਜ਼ਿਲ੍ਹਾ ਪ੍ਰਧਾਨ ਸੰਜੇ ਤਲਵਾੜ, ਕੁਲਦੀਪ ਸਿੰਘ ਵੈਦ, ਸਿਮਰਜੀਤ ਸਿੰਘ ਬੈਂਸ, ਪਵਨ ਦੀਵਾਨ ਅਤੇ ਕੇ.ਕੇ. ਬਾਵਾ ਸਮੇਤ ਕਈ ਸੀਨੀਅਰ ਆਗੂ ਮੌਜੂਦ ਸਨ।

# ਰੁਪਏ 'ਚ ਭਾਰੀ ਗਿਰਾਵਟ, ਰਿਕਾਰਡ ਹੇਠਲੇ ਪੱਧਰ 'ਤੇ ਪਹੁੰਚੀ ਭਾਰਤੀ ਕਰੰਸੀ

ਬਿਜ਼ਨੈੱਸ ਡੈਸਕ 19 ਮਾਰਚ। ਅੱਜ ਸ਼ੁੱਕਰਵਾਰ ਨੂੰ ਸ਼ੁਰੂਆਤੀ ਕਾਰੋਬਾਰ ਵਿੱਚ ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 12 ਪੈਸੇ ਡਿੱਗ ਕੇ 92.37 ਦੇ ਰਿਕਾਰਡ ਹੇਠਲੇ ਪੱਧਰ 'ਤੇ ਆ ਗਿਆ। ਪੱਛਮੀ ਏਸ਼ੀਆ ਵਿੱਚ ਚੱਲ ਰਹੇ ਟਕਰਾਅ ਕਾਰਨ ਨਿਵੇਸ਼ਕਾਂ ਦੀ ਭਾਵਨਾ ਪ੍ਰਭਾਵਿਤ ਹੋਈ, ਜਿਸ ਕਾਰਨ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਵਿੱਚ ਨਰਮੀ ਦੇ ਕੋਈ ਸੰਕੇਤ ਨਹੀਂ ਮਿਲੇ। ਫਾਰੇਕਸ ਡੀਲਰਾਂ ਨੇ ਕਿਹਾ ਕਿ ਮਜ਼ਬੂਤ ??ਡਾਲਰ, ਵਿਦੇਸ਼ੀ ਨਿਵੇਸ਼ਕਾਂ ਵੱਲੋਂ ਭਾਰੀ ਵਿਕਰੀ ਅਤੇ ਘਰੇਲੂ ਸਟਾਕ ਬਾਜ਼ਾਰਾਂ ਵਿੱਚ ਕਮਜ਼ੋਰ ਰੁਝਾਨ ਨੇ ਰੁਪਏ 'ਤੇ ਹੋਰ ਦਬਾਅ ਪਾਇਆ। ਅੰਤਰਬੈਂਕ ਵਿਦੇਸ਼ੀ ਮੁਦਰਾ ਬਾਜ਼ਾਰ ਵਿੱਚ ਅਮਰੀਕੀ ਡਾਲਰ ਦੇ ਮੁਕਾਬਲੇ ਰੁਪਿਆ 92.33 'ਤੇ ਖੁੱਲ੍ਹਿਆ। ਫਿਰ ਅਮਰੀਕੀ ਡਾਲਰ ਦੇ ਮੁਕਾਬਲੇ ਆਪਣੇ ਦਿਨ ਦੇ ਰਿਕਾਰਡ ਹੇਠਲੇ ਪੱਧਰ 92.37 ਪ੍ਰਤੀ ਡਾਲਰ 'ਤੇ ਪਹੁੰਚ ਗਿਆ ਜੋ ਪਿਛਲੇ ਬੰਦ ਭਾਅ ਤੋਂ 12 ਪੈਸੇ ਦੀ ਗਿਰਾਵਟ ਦਰਸਾਉਂਦਾ ਹੈ। ਰੁਪਿਆ ਬੁੱਧਵਾਰ ਨੂੰ ਕਾਰੋਬਾਰ ਦੌਰਾਨ ਅਮਰੀਕੀ ਡਾਲਰ ਦੇ ਮੁਕਾਬਲੇ 92.36 ਦੇ ਨਵੇਂ ਹੇਠਲੇ ਪੱਧਰ ਤੇ ਪਹੁੰਚ ਗਿਆ ਸੀ। ਸੈਸ਼ਨ ਦੇ ਅੰਤ ਵਿਚ 24 ਪੈਸੇ ਟੁੱਟ ਕੇ ਆਪਣੇ ਸਭ ਤੋਂ ਹੇਠਲੇ ਪੱਧਰ 92.25 ਪ੍ਰਤੀ ਡਾਲਰ 'ਤੇ ਬੰਦ ਹੋਇਆ ਸੀ। ਇਸ ਦੌਰਾਨ ਛੇ ਪ੍ਰਮੁੱਖ ਮੁਦਰਾਵਾਂ ਦੇ ਮੁਕਾਬਲੇ ਅਮਰੀਕੀ ਡਾਲਰ ਦੀ ਸਥਿਤੀ ਦਰਸਾਉਂਦਾ ਡਾਲਰ ਸੂਚਕਾਂਕ 0.04 ਪ੍ਰਤੀਸ਼ਤ ਦੇ ਵਾਧੇ ਨਾਲ 99.77 'ਤੇ ਸੀ। ਘਰੇਲੂ ਸ਼ੇਅਰ ਬਾਜ਼ਾਰਾਂ ਵਿੱਚ, ਸ਼ੁਰੂਆਤੀ ਕਾਰੋਬਾਰ ਵਿੱਚ ਸੈਂਸੈਕਸ 560.06 ਅੰਕ ਜਾਂ 0.74 ਪ੍ਰਤੀਸ਼ਤ ਡਿੱਗ ਕੇ 75,474.36 ਅੰਕ 'ਤੇ ਆ ਗਿਆ, ਜਦੋਂ ਕਿ ਨਿਫਟੀ 184.45 ਅੰਕ ਜਾਂ 0.78 ਪ੍ਰਤੀਸ਼ਤ ਡਿੱਗ ਕੇ 23,454.70 ਅੰਕ 'ਤੇ ਆ ਗਿਆ। ਅੰਤਰਰਾਸ਼ਟਰੀ ਮਿਆਰੀ ਬ੍ਰੈਂਟ ਕਰੂਡ ਦੀ ਕੀਮਤ 4.99 ਪ੍ਰਤੀਸ਼ਤ ਵਧ ਕੇ £96.57 ਪ੍ਰਤੀ ਬੈਰਲ ਹੋ ਗਈ। ਸਟਾਕ ਮਾਰਕੀਟ ਦੇ ਅੰਕੜਿਆਂ ਅਨੁਸਾਰ, ਵਿਦੇਸ਼ੀ ਸੰਸਥਾਗਤ ਨਿਵੇਸ਼ਕ (699) ਵੀਰਵਾਰ ਨੂੰ ਵਿਕਰੀ ਕਰ ਰਹੇ ਸਨ ਅਤੇ 7,049.87 ਕਰੋੜ ਰੁਪਏ ਦੇ ਸ਼ੇਅਰ ਵੇਚ ਰਹੇ ਸਨ।

# ਸੇਵਾ ਤੇ ਸਿਮਰਨ ਦੇ ਵਿਲੱਖਣ ਯੋਗਦਾਨ ਦੀ ਪ੍ਰਤੀਕ ਹਰਖੋਵਾਲ ਸੰਪ੍ਰਦਾਇ ਸਿੱਖ ਪੰਥ ਦੀ ਸਿਰਮੌਰ ਸੰਸਥਾ : ਗਿਆਨੀ ਹਰਪ੍ਰੀਤ ਸਿੰਘ

**ਕੌਮੀ ਪਤ੍ਰਿਕਾ**

ਜਲੰਧਰ 19 ਮਾਰਚ। ਸੇਵਾ ਅਤੇ ਸਿਮਰਨ ਦੇ ਵਿਲੱਖਣ ਯੋਗਦਾਨ ਦੀ ਪ੍ਰਤੀਕ ਹਰਖੋਵਾਲ ਸੰਪ੍ਰਦਾਇ ਸਿੱਖ ਪੰਥ ਦੀ ਸਿਰਮੌਰ ਸੰਸਥਾ ਹੈ। ਉਕਤ ਵਿਚਾਰ ਧੰਨ-ਧੰਨ ਬਾਬਾ ਜਵਾਲਾ ਸਿੰਘ ਦੀ ਹਰਖੋਵਾਲ ਤੋਂ ਵਰੋਸਾਏ ਸੰਤ ਬਾਬਾ ਮੁਹਿੰਦਰ ਸਿੰਘ ਜੀ ਅਤੇ ਉਨ੍ਹਾਂ ਤੋਂ ਵਰੋਸਾਏ ਧੰਨ-ਧੰਨ ਬਾਬਾ ਦੀਦਾਰ ਸਿੰਘ ਜੀ ਹਰਖੋਵਾਲਿਆਂ ਦੀ ਸਾਲਾਨਾ ਯਾਦ ਮੌਕੇ ਸਥਾਨਕ ਗੁਰਦੁਆਰਾ ਡੇਰਾ ਸੰਤਗੜ੍ਹ ਹਰਖੋਵਾਲ, ਕਪੂਰਥਲਾ ਰੋਡ ਵਿਖੇ ਕਰਵਾਏ 3 ਰੋਜ਼ਾ ਸਮਾਗਮਾਂ ਦੀ ਸੰਪੂਰਨਤਾ ਮੌਕੇ ਪਹੁੰਚੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਜੀ ਨੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸੰਤ ਬਾਬਾ ਜਵਾਲਾ ਸਿੰਘ ਜੀ ਦੀ ਸਿਮਰਨ ਸਾਧਨਾ ਅਤੇ ਤਪੱਸਿਆ ਕਰਕੇ ਹੀ ਹਰਖੋਵਾਲ ਸੰਪ੍ਰਦਾਇ ਕੌਮ ਦੀ ਸਿਰਮੌਰ ਸੰਸਥਾ ਦੇ ਤੌਰ 'ਤੇ ਸੇਵਾ ਦੇ ਮਹਾਨ ਕਾਰਜ ਕਰ ਰਹੀ ਹੈ। ਉਨ੍ਹਾਂ ਮੌਜੂਦਾ ਡੇਰਾ ਮੁਖੀ ਸੰਤ ਬਾਬਾ ਭਗਵਾਨ ਸਿੰਘ ਜੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਨ੍ਹਾਂ ਬਚਪਨ ਤੋਂ ਲੈ ਕੇ ਲਗਾਤਾਰ ਹਰਖੋਵਾਲ ਸੰਸਥਾ ਅਤੇ ਸੰਗਤਾਂ ਦੀ ਸੇਵਾ ਲਈ ਮਹਾਨ ਪਰਉਪਕਾਰੀ ਕਾਰਜ ਕੀਤੇ। 3 ਰੋਜ਼ਾ ਸਮਾਗਮਾਂ ਦੇ ਆਖਰੀ ਦਿਨ ਵੀਰਵਾਰ ਨੂੰ ਸੰਤ ਸਮਾਗਮ ਕਰਵਾਇਆ ਗਿਆ। ਸਮੁੱਚੇ ਦੀਵਾਨਾਂ ਦੌਰਾਨ ਰਛਪਾਲ ਸਿੰਘ ਪਾਲ ਨੇ ਸ਼ਿੱਦਤ ਤੇ ਤਨਦੇਹੀ ਨਾਲ ਨਿਭਾਈ। ਲੈਸਟਰ (ਯੂ. ਕੇ.) ਤੋਂ ਫੋਨ ਰਾਹੀਂ ਪ੍ਰਸਿੱਧ ਵਿਦਵਾਨ ਲਿਖਾਰੀ ਗਿਆਨੀ ਰਣਧੀਰ ਸਿੰਘ ਸੰਭਲ ਨੇ ਵੀ ਮਹਾਪੁਰਖਾਂ ਦੇ ਬਰਸੀ ਸਮਾਗਮਾਂ ਦੀ ਚੜ੍ਹਦੀ ਕਲਾ ਦੀ ਕਾਮਨਾ ਕਰਦੇ ਹੋਏ ਆਪਣੀ ਅਕੀਦਤ ਦੇ ਫੁੱਲ ਭੇਟ ਕੀਤੇ। ਇਲਾਕਾ ਕੌਂਸਲਰ ਬੰਟੀ



ਨੀਲਕੰਠ ਦਾ ਵੀ ਪ੍ਰਬੰਧਾਂ ਨੂੰ ਸੁਚੱਜੇ ਢੰਗ ਨਾਲ ਚਲਾਉਣ ਵਿਚ ਵਿਸ਼ੇਸ਼ ਯੋਗਦਾਨ ਰਿਹਾ। ਸੰਤ ਸਮਾਗਮ ਵਿਚ ਪੰਥ ਦੇ ਮਹਾਨ ਵਿਦਵਾਨ ਗਿਆਨੀ ਭਗਵਾਨ ਸਿੰਘ ਜੌਹਲ, ਸਾਬਕਾ ਵਿਧਾਇਕ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਜਥੇ. ਕੁਲਵੰਤ ਸਿੰਘ ਮੰਨਣ, ਸਾਬਕਾ ਵਿਧਾਇਕ ਕੇ. ਡੀ. ਭੰਡਾਰੀ, ਸੰਤ ਜਗਜੀਤ ਸਿੰਘ ਲੋਪੋਕੇ, ਬਾਬਾ ਸਰਬਜੋਤ ਸਿੰਘ ਬੇਦੀ, ਬਾਬਾ ਸੰਤੋਖ ਸਿੰਘ ਡੱਲੇ ਵਾਲੇ, ਨਿਰਮਲ ਮੰਡਲ ਦੇ ਪ੍ਰਧਾਨ ਸੰਤ ਬਾਬਾ ਸਰਬਜੀਤ ਸਿੰਘ, ਤਖਤ ਸ੍ਰੀ ਹਜ਼ੂਰ ਸਾਹਿਬ ਤੋਂ ਬਾਬਾ ਬਾਬਾ ਸ਼ਮਸ਼ੇਰ ਸਿੰਘ ਭਿੱਟੀ ਪਿੰਡ ਵਾਲੇ, ਅਜੀਤ ਸਿੰਘ ਜੀ, ਸੰਤ ਰਣਜੀਤ ਸਿੰਘ ਲਾਇਲਪੁਰੀ, ਸੰਤ ਮਨਜੀਤ ਸਿੰਘ ਬਸ਼ੀਰਪੁਰਾ ਵਾਲੇ, ਬਾਬਾ ਬਲਰਾਜ ਸਿੰਘ, ਮਾਤਾ ਜਸਪ੍ਰੀਤ ਕੌਰ ਗੁਰਦੁਆਰਾ ਬੁੰਗਾ ਸਾਹਿਬ ਮਾਹਿਲਪੁਰ, ਸੰਤ ਬਾਬਾ ਅਨਹਦ ਰਾਜ ਸਿੰਘ ਲੁਧਿਆਣਾ, ਸੰਤ ਬਾਬਾ ਝੰਡਾ ਸਿੰਘ ਟਾਂਡੇ ਵਾਲੇ, ਸੰਤ ਨਿਰਮਲ ਸਿੰਘ ਭੋਏਵਾਲੀ, ਸੰਤ ਭਾਗ ਸਿੰਘ ਪ੍ਰਧਾਨ ਨਿਰਮਲੇ ਮੰਡਲ, ਸੰਤ ਗੁਰਬਚਨ ਸਿੰਘ ਪਠਲਾਵੇ ਵਾਲੇ, ਸੰਤ ਤੇਜਾ ਸਿੰਘ ਖੁੱਡੇ ਵਾਲੇ, ਸੰਤ ਤਰਸੇਮ ਸਿੰਘ ਆਦਮਪੁਰ, ਵੈਦ ਸੰਤ ਬਲਵਿੰਦਰ ਸਿੰਘ ਖਡੂਰ ਸਾਹਿਬ ਵਾਲੇ, ਸੰਤ ਭੁਪਿੰਦਰ ਸਿੰਘ ਰਾਮਪੁਰ ਖੇੜੇ ਵਾਲੇ, ਸੰਤ ਬਾਬਾ ਭਾਗ ਸਿੰਘ ਬੰਗਾ, ਸੰਤ ਮੱਖਣ ਸਿੰਘ, ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ, ਸੰਤ ਬਾਬਾ ਬਲਵੰਤ ਸਿੰਘ ਹਰਖੋਵਾਲ ਵਾਲੇ, ਸੰਤ ਅਮੀਰ ਸਿੰਘ ਜਵੱਦੀ ਟਕਸਾਲ ਵਾਲੇ, ਸੰਤ ਬਾਬਾ ਜਗਤਾਰ ਸਿੰਘ ਲੁਧਿਆਣਾ ਵਾਲੇ, ਸਿੰਘ ਸਾਹਿਬ ਗਿਆਨੀ ਸੁਖਜਿੰਦਰ ਸਿੰਘ ਸਾਬਕਾ ਹੈੱਡ ਗ੍ਰੰਥੀ ਸ੍ਰੀ ਕੇਸਗੜ੍ਹ ਸਾਹਿਬ (ਸ੍ਰੀ ਅਨੰਦਪੁਰ ਸਾਹਿਬ), ਸੰਤ ਸਤਨਾਮ ਸਿੰਘ ਕਿਲਾ ਆਨੰਦਗੜ੍ਹ (ਸ੍ਰੀ ਅਨੰਦਪੁਰ ਸਾਹਿਬ) ਆਦਿ ਨੇ ਵਿਸ਼ੇਸ਼ ਤੌਰ 'ਤੇ ਹਾਜ਼ਰੀ ਲੁਆਈ। ਸੰਤ ਬਾਬਾ ਭਗਵਾਨ ਸਿੰਘ ਜੀ ਨੇ ਸਮੂਹ ਸੰਗਤਾਂ ਅਤੇ ਰਾਗੀ-ਢਾਡੀ ਅਤੇ ਕਵੀਸ਼ਰੀ ਜਥਿਆਂ ਅਤੇ ਪੁੱਜੇ ਸਮੂਹ ਸੰਤਾਂ-ਮਹਾਪੁਰਖਾਂ ਦਾ ਧੰਨਵਾਦ ਤੇ ਸਨਮਾਨ ਕੀਤਾ। ਦਮਨਜੀਤ ਸਿੰਘ, ਸੁਖਵਿੰਦਰ ਸਿੰਘ, ਗੁਰਿੰਦਰ ਸਿੰਘ ਮਝੈਲ, ਜਤਿੰਦਰਪਾਲ ਸਿੰਘ ਮਝੈਲ, ਬਲਦੇਵ ਸਿੰਘ ਗਤਕਾ ਮਾਸਟਰ, ਹਰਸਿਮਰਨ ਸਿੰਘ ਕਾਕੂ, ਸੁਰਜੀਤ ਸਿੰਘ ਸੇਵਕ, ਅਵਤਾਰ ਸਿੰਘ ਸ਼ੈਂਟੀ, ਗੁਰਿੰਦਰਪਾਲ ਸਿੰਘ, ਗੋਬਿੰਦ ਸਿੰਘ ਆਦਿ ਧਾਰਮਿਕ ਅਤੇ ਸਮਾਜਿਕ ਨੁਮਾਇੰਦਿਆਂ ਨੇ ਸੰਗਤਾਂ ਦੀ ਅਸੀਸ ਪ੍ਰਾਪਤ ਕੀਤੀ।

# ਹਾਈ ਕੋਰਟ ਦੀ ਜਸਟਿਸ ਕੀਰਤੀ ਸਿੰਘ ਨੇ ਲੁਧਿਆਣਾ ਦੀ ਸੈਂਟਰਲ, ਮਹਿਲਾ ਤੇ ਬ੍ਰੋਸਟਲ ਜੇਲ੍ਹ ਦਾ ਕੀਤਾ ਨਿਰੀਖਣ

**ਕੌਮੀ ਪਤ੍ਰਿਕਾ**

ਲੁਧਿਆਣਾ 19 ਮਾਰਚ। ਪੰਜਾਬ ਤੇ ਹਰਿਆਣਾ ਹਾਈਕੋਰਟ ਦੇ ਜੱਜ ਤੇ ਸੈਸ਼ਨ ਡਵੀਜ਼ਨ ਦੀ ਪ੍ਰਸ਼ਾਸਨਿਕ ਜੱਜ, ਜਸਟਿਸ ਕੀਰਤੀ ਸਿੰਘ ਨੇ ਤਾਜਪੁਰ ਰੋਡ ਦੀ ਸੈਂਟਰਲ, ਮਹਿਲਾ ਤੇ ਬ੍ਰੋਸਟਲ ਜੇਲ ਦਾ ਦੌਰਾ ਕੀਤਾ ਤੇ ਬੰਦ ਕੈਦੀਆਂ ਲਈ ਉਪਲਬਧ ਸਹੂਲਤਾਂ ਦਾ ਜਾਇਜ਼ਾ ਲਿਆ। ਇਸ ਮੌਕੇ ਜ਼ਿਲ੍ਹਾ ਸੈਸ਼ਨ ਜੱਜ-ਸਹਿ-ਪ੍ਰਧਾਨ, ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਹਰਪ੍ਰੀਤ ਕੌਰ ਰੰਧਾਵਾ ਵੀ ਹਾਜ਼ਰ ਸਨ। ਸੈਂਟ?ਰਲ ਜੇਲ ਪੁੱਜਣ 'ਤੇ ਜਸਟਿਸ ਕੀਰਤੀ ਸਿੰਘ ਨੂੰ ਜੇਲ ਗਾਰਦ ਦੀ ਇਕ ਟੁਕੜੀ ਵੱਲੋਂ ਗਾਰਡ ਆਫ ਆਨਰ ਦਿੱਤਾ ਗਿਆ। ਇਸ ਤੋਂ ਬਾਅਦ ਉਨ੍ਹਾਂ ਨੇ ਸੈਂਟ?ਰਲ ਜੇਲ ਕੰਪਲੈਕਸ ਦੇ ਅੰਦਰ ਲਗਭਗ 10 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਇਕ ਸਪੋਰਟਸ ਸਟੇਡੀਅਮ ਦਾ ਉਦਘਾਟਨ ਕੀਤਾ। ਉਨ੍ਹਾਂ ਨੇ ਜੇਲ ਦੇ ਅੰਦਰੋਂ ਚਲਾਏ ਜਾਣ ਵਾਲੇ ਰੇਡੀਓ 'ਉਜਾਲਾ ਪੰਜਾਬ' ਦੇ ਜ਼ਰੀਏ ਜੇਲਾਂ ਵਿਚ ਬੰਦ ਕੈਦੀਆਂ ਨੂੰ ਇਕ ਸੁਨੇਹਾ ਦਿੱਤਾ। ਉਨ੍ਹਾ ਸੈਂਟ?ਰਲ ਜੇਲ ਦੇ ਬੈਰਕ, ਰਸੋਈਘਰ, ਖਾਣਾ ਵੰਡ ਵਿਵਸਥਾ, ਫੈਕਟਰੀ, ਸਾਫ ਸਫਾਈ ਤੇ ਹੋਰ ਸਹੂਲਤਾਂ ਦਾ ਬਰੀਕੀ ਨਾਲ ਨਿਰੀਖਣ ਕੀਤਾ। ਉਨ੍ਹਾਂ ਸਾਫ ਸਫਾਈ ਦੇ ਉੱਚ ਮਾਣਕਾਂ ਨੂੰ ਬਣਾਈ ਰੱਖਣ ਦੀ ਲੋੜ 'ਤੇ ਖਾਸ ਜ਼ੋਰ ਦਿੱਤਾ। ਵਿਸ਼ੇਸ਼ ਰੂਪ



ਨਾਲ ਰਸੋਈ ਘਰ ਵਿਚ ਜਿਥੇ ਉਨ੍ਹਾਂ ਨੇ ਕੈਦੀਆਂ ਨੂੰ ਪਰੋਸੇ ਜਾਣ ਵਾਲੇ ਖਾਣੇ ਦੀ ਕੁਆਲਟੀ ਅਤੇ ਸਵੱਛਤਾ ਦਾ ਵਿਅਕਤੀਗਤ ਤੌਰ 'ਤੇ ਆਂਕਲਣ ਕੀਤਾ, ਉਥੇ ਜੇਲ ਹਸਪਤਾਲ ਦਾ ਵੀ ਦੌਰਾ ਕੀਤਾ ਤੇ ਉਥੇ ਮੁਹੱਈਆ ਇਲਾਜ ਸੇਵਾਵਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਕੀਰਤੀ ਸਿੰਘ ਨੇ ਜੇਲ ਦੇ ਅੰਦਰ ਪੀ.ਸੀ.ਓ. ਬੇਕਰੀ, ਤਰਖਾਣ, ਵੈਲਡਿੰਗ, ਪਾਵਰਲੂਮ, ਬੁਣਾਈ, ਲੱਕੜ ਦਾ ਕੰਮ ਅਤੇ ਸਿਲਾਈ ਵਰਕਸ਼ਾਪਾਂ ਵਰਗੇ ਕਾਰੋਬਾਰ ਅਨੁਭਾਵਾਂ ਦਾ ਦੌਰਾ ਕੀਤਾ। ਉਨ੍ਹਾਂ ਨੇ ਸੀ.ਸੀ.ਟੀ.ਵੀ. ਕੰਟ?ਰੋਲ ਰੂਪ ਅਤੇ ਹੋਰ ਮਨੋਰੰਜਕ ਸਹੂਲਤਾਂ ਦਾ ਵੀ ਨਿਰੀਖਣ ਕੀਤਾ। ਨਿਆਂਮੂਰਤੀ ਕੀਰਤੀ ਸਿੰਘ ਨੇ ਮਹਿਲਾ ਜੇਲ ਵਿਚ ਬਣੀ ਨਵੀਂ ਇਲਾਜ ਵਰਕਸ਼ਾਪ ਦਾ ਵੀ ਉਦਘਾਟਨ ਕੀਤਾ। ਇਸ ਪ੍ਰਯੋਗਸ਼ਾਲਾ ਦੇ ਸ਼ੁਰੂ ਹੋਣ ਨਾਲ ਹੁਣ ਮਹਿਲਾ ਕੈਦੀਆਂ ਦੇ ਇਲਾਜ ਪ੍ਰੀਖਣ ਕਰਵਾਉਣ ਦੀ ਸਹੂਲਤ ਮਹਿਲਾ ਜੇਲ ਦੇ ਅੰਦਰ ਹੀ ਉਪਲਬਧ ਹੋ ਜਾਵੇਗੀ। ਉਨ੍ਹਾਂ ਕੈਦੀਆਂ ਨੂੰ ਕਿਹਾ ਕਿ ਜੋ ਕੈਦੀ ਆਪਣੇ ਮਾਮਲਿਆਂ ਨੂੰ ਅੱਗੇ ਵਧਾਉਣ ਲਈ ਖੁਦ ਵਕੀਲ ਨਹੀਂ ਰੱਖ ਸਕਦੇ ਤੇ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਇਸ ਮੌਕੇ ਸੈਂਟਰਲ ਜੇਲ ਦੇ ਸੁਪਰਡੈਂਟ ਕੁਲਵੰਤ ਸਿੰਘ ਸਿੱਧੂ, ਵਧੀਕ ਸੁਪਰਡੈਂਟ ਬਲਬੀਰ ਸਿੰਘ, ਮਹਿਲਾ ਜੇਲ ਦੀ ਡਿਪਟੀ ਸੁਪਰਡੈਂਟ ਰਵਨੀਤ ਕੌਰ, ਬ੍ਰੋਸਟਲ ਜੇਲ ਦੇ ਸੁਪਰਡੈਂਟ ਗੁਰਪ੍ਰੀਤ ਸਿੰਘ, ਡਿਪਟੀ ਮਹਿੰਦਰ ਸਿੰਘ, ਵੈੱਲਫੇਅਰ ਅਧਿਕਾਰੀ ਵਿਪਨ ਠਾਕੁਰ ਆਦਿ ਹਾਜ਼ਰ ਰਹੇ।

# ਲੁਧਿਆਣਾ 'ਚ ਵੱਡੀ ਵਾਰਦਾਤ: ਮਨੀ ਟਰਾਂਸਫਰ ਦੀ ਦੁਕਾਨ ਨੂੰ ਲੁੱਟ ਦੀ ਕੋਸ਼ਿਸ਼

ਲੁਧਿਆਣਾ 19 ਮਾਰਚ। ਮਹਾਨਗਰ ਵਿੱਚ ਬੇਖੌਫ ਹੋਏ ਬਦਮਾਸ਼ਾਂ ਦੇ ਹੌਸਲੇ ਇਸ ਕਦਰ ਬੁਲੰਦ ਹੋ ਚੁੱਕੇ ਹਨ ਕਿ ਹੁਣ ਦਿਨ-ਦਿਹਾੜੇ ਵਾਰਦਾਤਾਂ ਨੂੰ ਅੰਜਾਮ ਦੇਣ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾ ਰਿਹਾ। ਤਾਜ਼ਾ ਮਾਮਲਾ ਥਾਣਾ ਡਿਵੀਜ਼ਨ ਨੰਬਰ-2 ਦੇ ਅਧੀਨ ਆਉਂਦੇ ਗਣੇਸ਼ ਨਗਰ ਰੋਡ ਦਾ ਹੈ, ਜਿੱਥੇ ਬਾਈਕ ਸਵਾਰ ਬਦਮਾਸ਼ਾਂ ਨੇ ਇੱਕ ਮਨੀ ਟ?ਰਾਂਸਫਰ ਦੀ ਦੁਕਾਨ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਦੁਕਾਨਦਾਰ ਦੀ ਬਹਾਦਰੀ ਅਤੇ ਸੂਝ-ਬੂਝ ਅੱਗੇ ਬਦਮਾਸ਼ਾਂ ਦੇ ਮਨਸੂਬੇ ਧਰੇ-ਧਰਾਏ ਰਹਿ ਗਏ ਅਤੇ ਉਨ੍ਹਾਂ ਨੂੰ ਖਾਲੀ ਹੱਥ ਭੱਜਣ ਲਈ ਮਜਬੂਰ ਹੋਣਾ ਪਿਆ। ਮਿਲੀ ਜਾਣਕਾਰੀ ਮੁਤਾਬਕ ਗਣੇਸ਼ ਨਗਰ ਰੋਡ ਸਥਿਤ 'ਤਿਵਾਰੀ ਮਨੀ ਟ?ਰਾਂਸਫਰ' ਦੀ ਦੁਕਾਨ 'ਤੇ ਉਸ ਵੇਲੇ ਅਫਰਾ-ਤਫਰੀ ਮਚ ਗਈ, ਜਦੋਂ ਸਪਲੈਂਡਰ ਬਾਈਕ 'ਤੇ ਸਵਾਰ ਨਕਾਬਪੋਸ਼ ਬਦਮਾਸ਼ ਦੁਕਾਨ ਅੰਦਰ ਦਾਖਲ ਹੋਏ। ਬਦਮਾਸ਼ਾਂ ਨੇ ਅੰਦਰ ਵੜਦਿਆਂ ਹੀ ਪਿਸਤੌਲ ਤਾਣ ਦਿੱਤੀ ਅਤੇ ਦੁਕਾਨਦਾਰ ਵਿਨੈ ਤਿਵਾਰੀ ਨੂੰ ਗੱਲੇ ਵਿੱਚ ਪਿਆ ਸਾਰਾ ਕੈਸ਼ ਹਵਾਲੇ ਕਰਨ ਦੀ ਧਮਕੀ ਦਿੱਤੀ। ਦਹਿਸ਼ਤ ਫੈਲਾਉਣ ਲਈ ਬਦਮਾਸ਼ਾਂ ਨੇ ਬਾਹਰ ਬੈਠੇ ਇੱਕ ਵਿਅਕਤੀ ਨੂੰ ਲੋਹੇ ਦੀ ਰਾਡ ਦਿਖਾ ਕੇ ਉੱਥੋਂ ਭਜਾ ਦਿੱਤਾ। ਦੁਕਾਨ ਮਾਲਕ ਵਿਨੈ ਤਿਵਾਰੀ ਨੇ ਦੱਸਿਆ ਕਿ ਉਹ ਪਿਛਲੇ 3 ਸਾਲਾਂ ਤੋਂ ਇੱਥੇ ਕੰਮ ਕਰ ਰਹੇ ਹਨ। ਜਦੋਂ ਬਦਮਾਸ਼ਾਂ ਨੇ ਹਥਿਆਰ ਦਿਖਾ ਕੇ ਡਰਾਉਣਾ ਚਾਹਿਆ, ਤਾਂ ਉਨ੍ਹਾਂ ਨੇ ਡਰਨ ਦੀ ਬਜਾਏ ਡਟ ਕੇ ਮੁਕਾਬਲਾ ਕਰਨ ਦਾ ਫੈਸਲਾ ਕੀਤਾ। ਵਿਨੈ ਨੇ ਤੁਰੰਤ ਆਪਣੀ ਸੁਰੱਖਿਆ ਲਈ ਦੁਕਾਨ ਵਿੱਚ ਰੱਖੀ ਤਲਵਾਰ ਕੱਢ ਲਈ। ਦੁਕਾਨਦਾਰ ਦੇ ਹੱਥ ਵਿੱਚ ਨੰਗੀ ਤਲਵਾਰ ਦੇਖ ਕੇ ਲੁਟੇਰਿਆਂ ਦੇ ਹੱਥ-ਪੈਰ ਫੁੱਲ ਗਏ। ਖੁਦ ਨੂੰ ਘਿਰਦਾ ਦੇਖ ਬਦਮਾਸ਼ਾਂ ਨੇ ਗੁੱਸੇ ਵਿੱਚ ਕੇਬਿਨ ਦੇ ਸ਼ੀਸ਼ੇ ਤੋੜ ਦਿੱਤੇ ਅਤੇ ਕਰੀਬ 5 ਮਿੰਟ ਤੱਕ ਦੁਕਾਨ ਵਿੱਚ ਜੰਮ ਕੇ ਉਤਪਾਤ ਮਚਾਇਆ। ਜਦੋਂ ਦੁਕਾਨਦਾਰ ਨੇ ਸ਼ੋਰ ਮਚਾਉਣਾ ਸ਼ੁਰੂ ਕੀਤਾ ਤਾਂ ਫੜੇ ਜਾਣ ਦੇ ਡਰੋਂ ਬਦਮਾਸ਼ ਮੌਕੇ ਤੋਂ ਰਫੂ-ਚੱਕਰ ਹੋ ਗਏ। ਦੱਸਿਆ ਜਾ ਰਿਹਾ ਹੈ ਕਿ ਦੋ ਬਦਮਾਸ਼ ਦੁਕਾਨ ਦੇ ਅੰਦਰ ਸਨ, ਜਦਕਿ ਉਨ੍ਹਾਂ ਦਾ ਤੀਜਾ ਸਾਥੀ ਲਿੰਕ ਰੋਡ ਕੋਲ ਬਾਈਕ 'ਤੇ ਰੇਕੀ ਕਰ ਰਿਹਾ ਸੀ। ਇਹ ਸਾਰੀ ਘਟਨਾ ਦੁਕਾਨ ਵਿੱਚ ਲੱਗੇ 33"ਦ ਕੈਮਰਿਆਂ ਵਿੱਚ ਕੈਦ ਹੋ ਗਈ ਹੈ। ਸੂਚਨਾ ਮਿਲਦੇ ਹੀ ਥਾਣਾ ਡਿਵੀਜ਼ਨ ਨੰਬਰ-2 ਦੀ ਪੁਲਸ ਅਤੇ ਚੌਕੀ ਜਨਕਪੁਰੀ ਦੇ ਇੰਚਾਰਜ ਭਾਰੀ ਪੁਲਸ ਫੋਰਸ ਸਮੇਤ ਮੌਕੇ 'ਤੇ ਪਹੁੰਚੇ। ਪੁਲਸ ਨੇ ਸੀਸੀਟੀਵੀ ਫੁਟੇਜ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ ਅਤੇ ਬਦਮਾਸ਼ਾਂ ਦੀ ਭਾਲ ਤੇਜ਼ ਕਰ ਦਿੱਤੀ ਹੈ। ਪੁਲਸ ਦਾ ਦਾਅਵਾ ਹੈ ਕਿ ਜਲਦ ਹੀ ਮੁਲਜ਼ਮਾਂ ਨੂੰ ਸਲਾਖਾਂ ਪਿੱਛੇ ਭੇਜ ਦਿੱਤਾ ਜਾਵੇਗਾ।

# ਸੁਨੀਲ ਜਾਖੜ ਦੇ 'ਆਪ' ਸਰਕਾਰ 'ਤੇ ਗੰਭੀਰ ਇਲਜ਼ਾਮ- 'ਇਹ ਆਪਣੀ ਜ਼ਿੰਮੇਵਾਰੀ ਤੋਂ ਭੱਜੀ ਫਿਰਦੀ ਹੈ'

**ਏਜੰਸੀਆਂ**

ਮੋਗਾ 19 ਮਾਰਚ। ਮੋਗਾ 'ਚ ਭਾਰਤੀ ਜਨਤਾ ਪਾਰਟੀ ਦੀ ਵਿਸ਼ਾਲ ਬਦਲਾਅ ਰੈਲੀ ਨੂੰ ਸੰਬੋਧਨ ਕਰਦਿਆਂ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਨੇ ਕਿਹਾ ਕਿ ਪੰਜਾਬ ਨੂੰ ਅੱਜ ਨਜ਼ਰ ਲੱਗ



ਗਈ ਹੈ। ਜਦੋਂ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਪੁਲਸ ਮੁੱਖ ਦਫ਼ਤਰ 'ਤੇ ਰਾਕੇਟ ਨਾਲ ਹਮਲਾ ਹੋ ਗਿਆ, ਅਜਨਾਲਾ ਥਾਣੇ 'ਤੇ ਕਬਜ਼ਾ ਹੋ ਜਾਂਦਾ ਹੈ ਅਤੇ ਥਾਣਿਆਂ ਅੰਦਰ ਗ੍ਰਨੇਡ ਸੁੱਟੇ ਜਾ ਰਹੇ ਹਨ, ਥਾਣਿਆਂ ਅੰਦਰ ਵੜ ਕੇ ਪੁਲਸ ਅਫ਼ਸਰਾਂ ਨੂੰ ਮਾਰਿਆ ਜਾ ਰਿਹਾ ਹੈ। ਉਨ੍ਹਾਂ ਨੇ 'ਆਪ' ਸਰਕਾਰ ਨੇ ਵੱਡਾ ਤੰਜ ਕੱਸਦਿਆਂ ਕਿਹਾ ਕਿ ਪੰਜਾਬ ਦੀ ਭਾਈਚਾਰਕ ਸਾਂਝ 'ਚ ਕੱਟੜਵਾਦ ਦਾ ਬੀਜ ਬੀਜਿਆ ਜਾ ਰਿਹਾ ਹੈ। ਇਹ ਸਭ ਕੁੱਝ ਸਰਕਾਰ ਦਾ ਨਾਲਾਇਕੀ ਕਾਰਨ ਹੋ ਰਿਹਾ ਹੈ ਅਤੇ ਇਹ ਆਪਣੀ ਜ਼ਿੰਮੇਵਾਰੀ ਤੋਂ ਭੱਜੀ ਫਿਰਦੀ ਹੈ। ਸੁਨੀਲ ਜਾਖੜ ਨੇ ਕਿਹਾ ਕਿ ਉਹ ਮੁੱਖ ਮੰਤਰੀ ਨੂੰ ਦੱਸਣਾ ਚਾਹੁੰਦੇ ਹਨ ਕਿ ਸਰਕਾਰਾਂ ਲੀਡਰ ਚਲਾਉਂਦੇ ਹਨ ਨਾ ਕਿ ਅਫ਼ਸਰ। ਅਫ਼ਸਰ ਤਾਂ ਇੱਥੇ ਹੀ ਰਹਿਣਗੇ ਪਰ ਮੁੱਖ ਮੰਤਰੀ ਜੀ ਜਵਾਬ ਤੁਹਾਨੂੰ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਲੋਕਤੰਤਰ ਅੰਦਰ ਵਿਰੋਧੀ ਧਿਰ ਦੀ ਬੜੀ ਭਾਰੀ ਭੂਮਿਕਾ ਹੁੰਦੀ ਹੈ ਪਰ ਵਿਰੋਧੀ ਧਿਰ ਕਾਂਗਰਸ ਇਨ੍ਹਾਂ ਤੋਂ ਵੀ ਨਿਕੰਮੀ ਹੈ। ਕਾਂਗਰਸ ਵਾਲੇ ਸਾਰੇ ਚੁੱਪ ਹਨ ਅਤੇ ਸਰਕਾਰ ਨਾਂ ਦੀ ਕੋਈ ਚੀਜ਼ ਨਹੀਂ ਹੈ। ਜਾਖੜ ਨੇ ਕਿਹਾ ਕਿ ਕਾਂਗਰਸ 'ਤੇ ਨਾਂ ਕਾਂਗਰਸ ਦੀ ਲੀਡਰਸ਼ਿਪ ਭਰੋਸਾ ਨਹੀਂ ਕਰਦੀ। ਪੰਜਾਬ ਦੇ ਨੌਜਵਾਨਾਂ ਨੂੰ ਭਵਿੱਖ ਹਨ੍ਹੇਰੇ 'ਚ ਹੈ ਅਤੇ ਉਨ੍ਹਾਂ ਨੂੰ ਨੌਕਰੀਆਂ ਨਹੀਂ ਮਿਲ ਰਹੀਆਂ। ਉਨ੍ਹਾਂ ਕਿਹਾ ਕਿ ਅੱਜ ਪੰਜਾਬ ਦੇ ਲੋਕ ਜਾਣ ਚੁੱਕੇ ਹਨ ਕਿ ਜਦੋਂ ਕੇਂਦਰ ਅਤੇ ਸੂਬਾ ਸਰਕਾਰ ਇਕੱਠੀ ਹੋਵੇਗੀ ਤਾਂ ਸਾਡੀ ਬਾਂਹ ਫੜ੍ਹੇਗੀ ਅਤੇ ਇਸ ਤੋਂ ਬਾਅਦ ਹੀ ਪੰਜਾਬ ਦਾ ਭਲਾ ਹੋਵੇਗੀ। ਉਨ੍ਹਾਂ ਕਿਹਾ ਕਿ ਜਦੋਂ ਵੀ ਦੇਸ਼ 'ਤੇ ਕੋਈ ਮੁਸੀਬਤ ਆਈ, ਪੰਜਾਬੀਆਂ ਨੇ ਆਪਣੀ ਹਿੱਕ ਡਾਹੀ ਹੈ। ਉਨ੍ਹਾਂ ਕਿਹਾ ਕਿ ਸਿਰਫ ਭਾਜਪਾ ਹੀ ਪੰਜਾਬ ਨੂੰ ਬਚਾ ਸਕਦੀ ਹੈ।

# ਅਰਾਵਲੀ ਦੀਆਂ ਪਹਾੜੀਆਂ ਦੀ ਪਰਿਭਾਸ਼ਾ ਤੈਅ ਕਰਨ ਲਈ ਬਣਾਈ ਗਈ ਕਮੇਟੀ ਦੇ ਨਾਵਾਂ ਨੂੰ ਕੇਂਦਰ ਨੇ ਦਿੱਤੀ ਮਨਜ਼ੂਰੀ

**ਕੌਮੀ ਪਤ੍ਰਿਕਾ**

ਨਵੀਂ ਦਿੱਲੀ 19 ਮਾਰਚ। ਕੇਂਦਰੀ ਵਾਤਾਵਰਣ ਮੰਤਰਾਲਾ ਨੇ ਸੁਪਰੀਮ ਕੋਰਟ ਨੂੰ ਕਿਹਾ ਹੈ ਕਿ ਉਸ ਨੂੰ ਕੇਂਦਰੀ ਉੱਚ ਅਧਿਕਾਰ ਪ੍ਰਾਪਤ ਕਮੇਟੀ ਵਲੋਂ ਪ੍ਰਸਤਾਵਿਤ 10 ਮੈਂਬਰੀ ਉੱਚ ਪੱਧਰੀ ਮਾਹਿਰ ਕਮੇਟੀ 'ਤੇ ਕੋਈ ਇਤਰਾਜ਼ ਨਹੀਂ ਹੈ, ਜਿਸ ਨੂੰ ਅਰਾਵਲੀ ਦੀਆਂ ਪਹਾੜੀਆਂ ਅਤੇ ਪਰਬਤਮਾਲਾ ਦੀ ਇਕ ਸਮਾਨ ਪਰਿਭਾਸ਼ਾ ਤੈਅ ਕਰਨ ਦਾ ਕੰਮ ਸੌਂਪਿਆ ਗਿਆ ਹੈ। ਸੁਪਰੀਮ ਕੋਰਟ 'ਚ ਦਾਖ਼ਲ ਇਕ ਹਲਫਨਾਮੇ 'ਚ ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲਾ ਨੇ ਉੱਚ ਪੱਧਰੀ ਮਾਹਿਰ ਕਮੇਟੀ ਲਈ ਸੁਝਾਏ ਗਏ ਨਾਵਾਂ ਦਾ ਸਮਰਥਨ ਕੀਤਾ ਹੈ। ਇਸ ਕਮੇਟੀ 'ਚ ਭਾਰਤੀ ਜੰਗਲਾਤ ਸਰਵੇਖਣ (ਐੱਫਐੱਸਆਈ), ਭਾਰਤੀ ਭੂ ਵਿਗਿਆਨਕ ਸਰਵੇਖਣ (ਜੀਐੱਸਆਈ) ਅਤੇ ਭਾਰਤੀ ਸਰਵੇਖਣ ਵਿਭਾਗ ਨਾਲ ਜੁੜੇ ਮੌਜੂਦਾ ਅਤੇ ਸੇਵਾਮੁਕਤ ਨੌਕਰਸ਼ਾਹਾਂ ਦੇ ਨਾਲ-ਨਾਲ ਸਿੱਖਿਆ ਸ਼ਾਸਤਰੀ ਵੀ ਸ਼ਾਮਲ ਹਨ। ਹਲਫਨਾਮੇ 'ਚ ਕਿਹਾ ਗਿਆ ਹੈ,"ਵਾਤਾਵਰਣ, ਜੰਗਲਾਤ ਅਤੇ ਜਲਵਾਯੂ ਪਰਿਵਰਤਨ ਮੰਤਰਾਲਾ ਸਤਿਕਾਰ ਨਾਲ



ਬੇਨਤੀ ਕਰਦਾ ਹੈ ਕਿ ਪ੍ਰਸਤਾਵਿਤ ਉੱਚ ਪੱਧਰੀ ਕਮੇਟੀ ਦੇ ਗਠਨ ਲਈ ਸੁਝਾਏ ਗਏ ਉਪਰੋਕਤ ਨਾਵਾਂ 'ਤੇ ਜੇਕਰ ਇਹ ਅਦਾਲਤ ਵਿਚਾਰ ਕਰਦਾ ਹੈ ਤਾਂ ਉਸ ਨੂੰ ਕੋਈ ਇਤਰਾਜ਼ ਨਹੀਂ ਹੈ। ਮੰਤਰਾਲਾ ਕੋਲ ਉਕਤ ਕਮੇਟੀ 'ਚ ਸ਼ਾਮਲ ਕਰਨ ਲਈ ਕੋਈ ਵਾਧੂ ਨਾ ਨਹੀਂ ਹੈ।" ਪ੍ਰਸਤਾਵਿਤ ਕਮੇਟੀ ਦੀ ਪ੍ਰਧਾਨਗੀ ਭਾਰਤੀ ਜੰਗਲਾਤ ਖੋਜ ਅਤੇ ਸਿੱਖਿਆ ਪ੍ਰੀਸ਼ਦ ਦੀ ਇਹ ਵੀ ਦੱਸਿਆ ਜਾਂਦਾ ਹੈ ਕਿ ਫਿਲਹਾਲ ਮੌਜੂਦਾ ਡਾਇਰੈਕਟਰ ਕੰਚਨ ਦੇਵੀ ਕਰੇਗੀ। ਹੋਰ ਮੈਂਬਰਾਂ 'ਚ ਐੱਫਐੱਸਆਈ ਦੇ ਸਾਬਕਾ ਡਾਇਰੈਕਟਰ ਜਨਰਲ ਸੁਭਾਸ਼ ਆਸ਼ੂਤੋਸ਼, ਜੀਐੱਸਆਈ ਦੇ ਸਾਬਕਾ ਡਾਇਰੈਕਟਰ ਰਾਜੇਂਦਰ ਕੁਮਾਰ ਸ਼ਰਮਾ, ਜਲਵਾਯੂ ਅਤੇ ਊਰਜਾ ਨੀਤੀ ਮਾਹਿਰ ਤੇਜਲ ਕਾਨਿਟਕਰ, ਸੀਨੀਅਰ ਸਿੱਖਿਆ ਸ਼ਾਸਤਰੀ ਅਤੇ ਜੀਵਨ ਵਿਗਿਆਨ ਸੋਧਕਰਤਾ ਜਯਾ ਪ੍ਰਕਾਸ਼ ਯਾਦਵ, ਸੀਨੀਅਰ ਭੂਗੋਲ ਵਿਗਿਆਨੀ ਅਤੇ ਵਿਦਵਾਨ ਤੇਜਬੀਰ ਸਿੰਘ ਰਾਣਾ, ਭਾਰਤ ਦੇ ਸਾਬਕਾ ਐਡੀਸ਼ਨਲ ਸਰਵੇਅਰ ਜਨਰਲ ਐੱਸ.ਵੀ. ਸਿੰਘ, ਗੁਜਰਾਤ ਦੇ ਸਾਬਕਾ ਪ੍ਰਧਾਨ ਮੁੱਖ ਜੰਗਲਾਤ ਕੰਜ਼ਰਵੇਟਰ ਸੀ.ਐੱਨ. ਪਾਂਡੇ ਅਤੇ ਨਾਗਾਲੈਂਡ ਦੇ ਸਾਬਕਾ ਪੀਸੀਸੀਐੱਫ ਧਰਮੇਂਦਰ ਪ੍ਰਕਾਸ਼ ਸ਼ਾਮਲ ਹਨ। ਸੁਪਰੀਮ ਕੋਰਟ ਨੇ 29 ਦਸੰਬਰ ਨੂੰ ਅਰਾਵਲੀ ਪਹਾੜੀਆਂ ਦੀ ਨਵੀਂ ਪਰਿਭਾਸ਼ਾ 'ਤੇ ਵਿਵਾਦ ਦਾ ਨੋਟਿਸ ਲੈਂਦੇ ਹੋਏ 20 ਨਵੰਬਰ ਦੇ ਆਪਣੇ ਆਦੇਸ਼ 'ਤੇ ਰੋਕ ਲਗਾ ਦਿੱਤੀ, ਜਿਸ 'ਚ ਇਨ੍ਹਾਂ ਪਹਾੜੀਆਂ ਅਤੇ ਸ਼੍ਰੇਣੀਆਂ ਦੀ ਇਕ ਸਮਾਨ ਪਰਿਭਾਸ਼ਾ ਨੂੰ ਸਵੀਕਾਰ ਕੀਤਾ ਗਿਆ ਸੀ। ਅਦਾਲਤ ਨੇ ਸਾਰੀਆਂ ਮਾਈਨਿੰਗ ਗਤੀਵਿਧੀਆਂ 'ਤੇ ਵੀ ਪਾਬੰਦੀ ਲਗਾ ਦਿੱਤੀ।